@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 15 September 2024

VISIT:
www.qaumipatrika.org
Email: qpatrika@gmail.com

Punjabi National Daily

Qaumi Patrika NO.1

ਨਵੀਂ ਦਿੱਲੀ: ਐਤਵਾਰ 15 ਸਤੰਬਰ 2024, 30 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 310, qpatrika@gmail.com ਫੋਨ : 9971359517 www.qaumipatrika.org

## ਗੁਜਰਾਤ ’ਚ ‘ਬੁਲਡੋਜਰ ਜਸਟਿਸ’ ’ਤੇ ਸੁਪਰੀਮ ਕੋਰਟ ਸਖਤ, ਕਿਹਾ-ਸਜਾ ਦੇਣਾ ਅਦਾਲਤ ਦਾ ਕੰਮ

ਨਵੀਂ ਦਿੱਲੀ, 14 ਸਤੰਬਰ। ਗੁਜਰਾਤ ਦੇ ਇਕ ਵਿਅਕਤੀ ਦੀ ਪਟੀਸ਼ਨ ’ਤੇ ਸੁਪਰੀਮ ਕੋਰਟ ਨੇ ‘ਬੁਲਡੋਜਰ ਜਸਟਿਸ’ ’ਤੇ ਸਖਤ ਟਿੱਪਣੀ ਕੀਤੀ। ਸੁਪਰੀਮ ਕੋਰਟ ਨੇ ਕਿਹਾ ਕਿ ਕਿਸੇ ਵਿਅਕਤੀ ਦੇ ਕੇਸ ’ਚ ਸਿਰਫ਼ ਮੁਲਜਮ ਹੋਣ ਕਾਰਨ ਉਸ ਦੇ ਘਰ ’ਤੇ ਬੁਲਡੋਜਰ ਨਹੀਂ ਚਲਾਇਆ ਜਾ ਸਕਦਾ। ਮੁਲਜਮ ’ਤੇ ਦੋਸ਼ ਬਣਦਾ ਹੈ ਜਾਂ ਨਹੀਂ, ਇਹ ਤੈਅ ਕਰਨਾ ਅਦਾਲਤ ਦਾ ਕੰਮ ਹੈ। ਕਾਨੂੰਨ ਦੇ ਰਾਜ



ਵਾਲੇ ਇਸ ਦੇਸ਼ ’ਚ ਇਕ ਵਿਅਕਤੀ ਦੀ ਗਲਤੀ ਦੀ ਸਜਾ ਉਸ ਦੇ ਪਰਿਵਾਰਕ ਮੈਂਬਰਾਂ ਦੇ ਖਿਲਾਫ ਕਾਰਵਾਈ ਕਰ ਕੇ ਜਾਂ ਉਸ ਦੇ ਘਰ ਨੂੰ ਢਹਾ ਕੇ ਨਹੀਂ ਦਿੱਤੀ ਜਾ ਸਕਦੀ। ਸੁਪਰੀਮ ਕੋਰਟ ਨੇ ਕਿਹਾ ਕਿ ਅਦਾਲਤ ਇਸ ਤਰ੍ਹਾਂ ਦੀ ‘ਬੁਲਡੋਜਰ ਕਾਰਵਾਈ’ ਨੂੰ ਨਜਰਅੰਦਾਜ ਨਹੀਂ ਕਰ ਸਕਦੀ। ਅਜਿਹੀ ਕਾਰਵਾਈ ਨੂੰ ਹੋਣ ਦੇਣਾ ‘ਕਾਨੂੰਨ ਦੇ ਰਾਜ ’ਤੇ ਬੁਲਡੋਜਰ ਚਲਾਉਣ ਵਰਗਾ’ ਹੋਵੇਗਾ। ਜਸਟਿਸ ਰਿਸ਼ੀਕੇਸ਼ ਰਾਏ, ਜਸਟਿਸ ਸੁਧਾਂਸ਼ੂ ਧੂਲੀਆ ਅਤੇ ਜਸਟਿਸ ਐੱਸ. ਵੀ. ਐੱਨ. ਭੱਟੀ ਦੀ ਅਦਾਲਤ ਨੇ ਇਕ ਪਟੀਸ਼ਨ ’ਤੇ ਸੁਣਵਾਈ ਕਰਦੇ ਹੋਏ ਇਹ ਟਿੱਪਣੀ ਕੀਤੀ।

## ਸੰਵਿਧਾਨਕ ਸੰਕਟ ਨੂੰ ਟਾਲਣ ਲਈ ਵਿਧਾਨ ਸਭਾ ਕੀਤੀ ਭੰਗ : ਜੈਰਾਮ ਰਮੇਸ਼

ਨਵੀਂ ਦਿੱਲੀ 14 ਸਤੰਬਰ। ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਟਵੀਟ ਕੀਤਾ ਹੈ ਕਿ ਹਰਿਆਣਾ ਦੇ ਰਾਜਪਾਲ ਨੇ ਮੁੱਖ ਮੰਤਰੀ ਦੇ ਸਹੁੰ ਚੁੱਕਣ ਤੋਂ ਇਕ ਦਿਨ ਬਾਅਦ 13 ਮਾਰਚ, 2024 ਤੋਂ ਵਿਧਾਨ ਸਭਾ ਸੈਸਨ ਬੁਲਾਉਣ ’ਚ ਸੂਬਾ ਸਰਕਾਰ ਦੀ ਅਸਫਲਤਾ ਕਾਰਨ ਪੈਦਾ ਹੋਏ ਸੰਵਿਧਾਨਕ ਸੰਕਟ ਨੂੰ ਟਾਲਣ ਲਈ ਵਿਧਾਨ ਸਭਾ ਨੂੰ ਭੰਗ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜਾਣ-ਬੁੱਝ



ਕੇ 6 ਮਹੀਨਿਆਂ ਤੱਕ ਵਿਧਾਨ ਸਭਾ ਸੈਸਨ ਨਹੀਂ ਬੁਲਾਇਆ ਗਿਆ ਕਿਉਂਕਿ ਇਕ ਵਾਰ ਵਿਧਾਇਕਾਂ ਦੇ ਸਦਨ ਵਿਚ ਆ ਜਾਣ ਨਾਲ ਇਹ ਸਦਾ ਲਈ ਸਾਬਿਤ ਹੋ ਜਾਂਦਾ ਕਿ ਭਾਜਪਾ ਕੋਲ ਵਿਧਾਨ ਸਭਾ ਵਿਚ ਬਹੁਮਤ ਨਹੀਂ ਹੈ। ਮੁੱਖ ਮੰਤਰੀ ਇਹ ਜਾਣਦੇ ਹੋਏ ਵੀ ਆਪਣੇ ਅਹੁਦੇ ’ਤੇ ਬਣੇ ਰਹੇ ਕਿ ਉਨ੍ਹਾਂ ਕੋਲ ਲੋਕ ਫਤਵਾ ਨਹੀਂ ਹੈ। ਇਹ ਇਕ ਅਜਿਹੀ ਪਾਰਟੀ ਵੱਲੋਂ ਲੋਕਤੰਤਰ ਨੂੰ ਤਾਰ-ਤਾਰ ਕਰਨਾ ਹੈ, ਜਿਸ ਨੂੰ ਹੁਣ ਸਮਝ ਨਹੀਂ ਆਉਂਦੀ ਕਿ ਸੱਤਾ ’ਤੇ ਪਕੜ ਤੋਂ ਬਿਨਾਂ ਕਿਵੇਂ ਰਿਹਾ ਜਾਵੇ।

## ਸਰਹੱਦ ਨੇੜਿਓਂ ਪੁਲਸ ਤੇ ਬੀ.ਐੱਸ.ਐੱਫ. ਡਰੋਨ ਤੇ ਆਈਫੋਨ ਸਮੇਤ ਹੈਰੋਇਨ ਕੀਤੀ ਬਰਾਮਦ

ਤਰਨਤਾਰਨ/ਖਾਲੜਾ 14 ਸਤੰਬਰ। ਜ਼ਿਲ੍ਹੇ ਅਧੀਨ ਆਉਂਦੀ ਭਾਰਤ-ਪਾਕਿਸਤਾਨ ਸਰਹੱਦ ਨੇੜੇ ਬੀ.ਐੱਸ.ਐੱਫ. ਅਤੇ ਪੁਲਸ ਵੱਲੋਂ ਸਾਂਝੇ ਤੌਰ ‘ਤੇ ਕਾਰਵਾਈ ਕਰਦੇ ਹੋਏ ਇਕ ਡਰੋਨ, ਆਈਫੋਨ ਅਤੇ 6 ਕਿਲੋ ਹੈਰੋਇਨ ਬਰਾਮਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਥਾਣਾ ਖਾਲੜਾ ਦੀ ਪੁਲਸ ਨੇ ਮਾਮਲਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਬੀ.ਐੱਸ.ਐੱਫ. ਅਤੇ ਥਾਣਾ ਖਾਲੜਾ ਦੀ ਪੁਲਸ ਵੱਲੋਂ ਸਰਹੱਦੀ ਇਲਾਕੇ ਵਿਚ ਚਲਾਏ ਜਾ ਰਹੇ ਸਾਂਝੇ ਤਲਾਸ਼ੀ ਅਭਿਆਨ ਦੌਰਾਨ ਬੁੱਧਵਾਰ ਸ਼ਾਮ ਕਰੀਬ 5 ਵਜੇ ਇਕ ਤਿਆਰ ਕੀਤਾ ਹੋਇਆ ਡਰੋਨ ਅਤੇ ਉਸ ਨਾਲ ਬੰਨ੍ਹੇ ਹੋਏ ਪੈਕਟ ਨੂੰ ਬਰਾਮਦ ਕੀਤਾ ਗਿਆ। ਇਹ ਡਰੋਨ ਅਤੇ ਪੈਕਟ ਸਰਹੱਦੀ ਪਿੰਡ ਗਿੱਲਪੰਨ ਦੇ ਖੇਤਾਂ ਵਿਚੋਂ ਬਰਾਮਦ ਹੋਇਆ ਹੈ। ਤਲਾਸ਼ੀ ਲੈਣ ਦੌਰਾਨ ਪੈਕਟ ਵਿਚੋਂ 6 ਕਿਲੋ 230 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 30 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਇਸ ਤੋਂ ਇਲਾਵਾ ਥਾਣਾ ਖਾਲੜਾ ਅਧੀਨ ਆਉਂਦੀ ਬੀ.ਓ.ਪੀ ਧਰਮਾ ਵਿਖੇ ਬੀ.ਐੱਸ.ਐੱਫ ਅਤੇ ਥਾਣਾ ਖਾਲੜਾ ਦੀ ਪੁਲਸ ਵੱਲੋਂ ਸਾਂਝੇ ਤੌਰ ਉਪਰ ਤਲਾਸ਼ੀ ਅਭਿਆਨ ਚਲਾ ਰਹੇ ਸਨ, ਜਿਸ ਦੌਰਾਨ 2 ਮੋਟਰਸਾਈਕਲ ਸਵਾਰ ਵਿਅਕਤੀ ਟੀਮ ਨੂੰ ਵੇਖ ਮੌਕੇ ਤੋਂ ਫਰਾਰ ਹੋ ਗਏ। ਇਸ ਦੌਰਾਨ ਦੋਵਾਂ ਮੁਲਜ਼ਮਾਂ ਦਾ ਜਦੋਂ ਪਿੱਛਾ ਕੀਤਾ ਗਿਆ ਤਾਂ ਉਨ੍ਹਾਂ ਵੱਲੋਂ ਸਵਰਨ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਡੱਲ ਦੇ ਘਰ ਨੇੜੇ ਇਕ ਪੈਕਟ ਅਤੇ ਆਈਫੋਨ 11 ਸੁੱਟ ਫਰਾਰ ਹੋ ਗਏ।

# ਹਰਿਆਣਾ ‘ਚ ਭਾਜਪਾ ਦੀ ਜਿੱਤ ਦੀ ਹੈਟ੍ਰਿਕ ਪੱਕੀ: ਪ੍ਰਧਾਨ ਮੰਤਰੀ ਮੋਦੀ

**ਸਿੰਮੀ ਕੌਰ ਬੱਬਰ**

ਕੁਰੂਕਸ਼ੇਤਰ 15 ਸਤੰਬਰ। ਹਰਿਆਣਾ ‘ਚ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸਤ ਪੂਰੀ ਤਰ੍ਹਾਂ ਗਰਮਾ ਗਈ ਹੈ। ਇਸ ਦਰਮਿਆਨ ਕੁਰੂਕਸ਼ੇਤਰ ਵਿਚ ਚੋਣ ਸਭਾ ਨੂੰ ਸੰਬੋਧਿਤ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਹਰਿਆਣਾ ਵਿਚ ਇਕ ਵਾਰ ਫਿਰ ਭਾਜਪਾ ਦੀ ਸਰਕਾਰ ਬਣਨ ਜਾ ਰਹੀ ਹੈ। ਹਰਿਆਣਾ ‘ਚ ਇਕ ਵਾਰ ਫਿਰ ਭਾਜਪਾ ਦੀ ਹੈਟ੍ਰਿਕ ਤੈਅ ਹੈ। ਅੱਜ ਇਸ ਪਾਵਨ ਧਰਤੀ ‘ਤੇ ਆ ਕੇ ਕਾਫੀ ਖੁਸ਼ੀ ਹੋ ਰਹੀ ਹੈ। ਮੈਂ ਇੱਥੇ ਤੀਜੀ ਵਾਰ ਭਾਜਪਾ ਸਰਕਾਰ ਬਣਾਉਣ ਦੀ ਬੇਨਤੀ ਕਰਨ ਆਇਆ ਹਾਂ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਵਿਕਸਿਤ ਭਾਰਤ ਬਣਾਉਣ ਲਈ ਹਰਿਆਣਾ ਦਾ ਵਿਕਸਿਤ ਹੋਣਾ ਵੀ ਬਹੁਤ ਜਰੂਰੀ ਹੈ। ਹਰਿਆਣਾ ਦੇ ਮੁੱਖ ਮੰਤਰੀ 24 ਘੰਟੇ ਕੰਮ ਕਰਨ ਲਈ ਸਮਰਪਿਤ ਰਹਿੰਦੇ ਹਨ। ਕੁਰੂਕਸ਼ੇਤਰ ਵਿਚ ਆਉਣਾ, ਭਾਰਤ ਦੀ ਸੰਸਕ੍ਰਿਤੀ ਦੇ ਤੀਰਥ ਦਾ ਦਰਸ਼ਨ ਕਰਨਾ ਮਨ ਨੂੰ ਭਰ ਦਿੰਦਾ ਹੈ। ਇੱਥੇ ਗੀਤਾ ਦਾ ਗਿਆਨ ਹੈ, ਇੱਥੇ ਸਰਸਵਤੀ ਸੱਭਿਅਤਾ ਦੇ ਨਿਸ਼ਾਨ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮੈਂ ਕਿਹਾ ਸੀ ਕਿ ਇਸ ਵਾਰ ਭਾਜਪਾ ਸਰਕਾਰ ਦੇ ਪਹਿਲੇ 100 ਦਿਨ ਵੱਡੇ ਫੈਸਲੇ ਹੋਣਗੇ। ਗਰੀਬ, ਕਿਸਾਨ, ਔਰਤਾਂ ਅਤੇ ਨੌਜਵਾਨਾਂ ਦੇ



ਮਜਬੂਤ ਬਣਾਉਣ ਵਾਲੇ ਹੋਣਗੇ। ਅਜੇ 100 ਦਿਨ ਪੂਰੇ ਵੀ ਨਹੀਂ ਹੋਏ ਹਨ ਪਰ ਸਾਡੀ ਸਰਕਾਰ ਨੇ ਕਰੀਬ 15 ਲੱਖ ਕਰੋੜ ਰੁਪਏ ਦੇ ਨਵੇਂ ਕੰਮ ਸ਼ੁਰੂ ਕਰਵਾ ਦਿੱਤੇ ਹਨ। ਕੇਂਦਰ ਸਰਕਾਰ ਦੇ ਕੰਮਾਂ ਨੂੰ ਗਿਣਵਾਉਂਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਗਰੀਬਾਂ ਲਈ 3 ਕਰੋੜ ਪੱਕੇ ਘਰਾਂ ਨੂੰ ਵੀ ਮਨਜ਼ੂਰ ਕੀਤਾ ਹੈ। ਅਸੀਂ ਦੇਸ਼ ਵਿਚ ਤਿੰਨ ਕਰੋੜ ਲਖਪਤੀ ਦੀਦੀ

## ਆਰਬੀਆਈ ਗਵਰਨਰ ਨੇ ਦੁਨੀਆ ‘ਚ ਵਧਦੇ ਕਰਜੇ ‘ਤੇ ਜਤਾਈ ਚਿੰਤਾ

ਨਵੀਂ ਦਿੱਲੀ 14 ਸਤੰਬਰ। ਸਿੰਗਾਪੁਰ ‘ਚ ਸ਼ੁੱਕਰਵਾਰ ਨੂੰ ‘ਫਿਊਚਰ ਆਫ ਫਾਈਨੈਂਸ ਫੋਰਮ 2024‘ ‘ਚ ਭਾਰਤੀ ਰਿਜਰਵ ਬੈਂਕ (ਆਰਬੀਆਈ) ਦੇ ਗਵਰਨਰ ਸਕਤੀਕਾਂਤ ਦਾਸ ਨੇ ਕਰਜੇ ਦੇ ਬੇਮਿਸਾਲ ਪੱਧਰ ‘ਤੇ ਗੰਭੀਰ ਚਿੰਤਾ ਪ੍ਰਗਟਾਈ। ਇਸ ਦੌਰਾਨ ਉਨ੍ਹਾਂ ਨੇ ਕਿਹਾ ਕਿ ਖਾਸ ਤੌਰ ‘ਤੇ ਉਭਰ ਰਹੇ ਬਾਜਾਰ ਅਰਥਚਾਰਿਆਂ (ਈਐਮਈ) ਅਤੇ ਘੱਟ ਤੋਂ ਮੱਧ-ਆਮਦਨ ਵਾਲੇ ਦੇਸਾਂ ਲਈ ਇਹ ਇੱਕ ਵੱਡਾ ਖਤਰਾ ਪੈਦਾ ਕਰ ਰਿਹਾ ਹੈ। ਦਾਸ ਨੇ ਇਸਾਰਾ ਕੀਤਾ ਕਿ ਘੱਟ ਅਤੇ ਮੱਧ-ਆਮਦਨ ਵਾਲੇ ਦੇਸਾਂ ਵਿੱਚ ਉੱਚ ਪੱਧਰ ਦੇ ਕਰਜੇ ਅਤੇ ਉੱਚ ਵਿਆਜ ਦਰਾਂ ਵਿੱਤੀ ਅਸਥਿਰਤਾ ਦੇ ਇੱਕ ਦੁਸਟ ਚੱਕਰ ਨੂੰ ਵਧਾ ਸਕਦੀਆਂ ਹਨ। ਉਨ੍ਹਾਂ ਚਿਤਾਵਨੀ ਦਿੱਤੀ ਕਿ ਇਸ ਸਥਿਤੀ ਦਾ ਸਰਕਾਰੀ ਅਤੇ ਨਿੱਜੀ ਖੇਤਰ ਦੀ ਬੈਲੇਂਸ ਸੀਟ ‘ਤੇ ਮਾੜਾ ਅਸਰ ਪੈ ਸਕਦਾ ਹੈ। ਮੌਜੂਦਾ ਵਿੱਤੀ ਸਥਿਤੀ ਨੂੰ ਮਹਾਂਮਾਰੀ ਤੋਂ ਪਹਿਲਾਂ ਦੇ ਪੱਧਰਾਂ ਨਾਲੋਂ ਵਧੇਰੇ ਗੁੰਝਲਦਾਰ ਦੱਸਦੇ ਹੋਏ, ਦਾਸ ਨੇ ਕਿਹਾ ਕਿ 2024 ਵਿੱਚ 88 ਅਰਥਵਿਵਸਥਾਵਾਂ ਚੋਣ ਚੱਕਰ ਵਿੱਚ ਦਾਖਲ ਹੋ ਰਹੀਆਂ ਹਨ। ਇਸ ਸਥਿਤੀ ਵਿੱਚ, ਵਿੱਤੀ ਮਜਬੂਤੀ ਦੀ ਗੁੰਜਾਇਸ ਸੀਮਤ ਹੁੰਦੀ ਪ੍ਰਤੀਤ ਹੁੰਦੀ ਹੈ, ਜਿਸ ਕਾਰਨ ਵੱਖ-ਵੱਖ ਦੇਸਾਂ ਵਿਚ ਵਿੱਤੀ ਜੋਖਮ ਵਧ ਸਕਦਾ ਹੈ। ਦਾਸ ਨੇ ਕਿਹਾ ਕਿ ਚੱਲ ਰਹੇ ਭੂ-ਰਾਜਨੀਤਿਕ ਤਣਾਅ ਅਤੇ ਸਪਲਾਈ ਚੇਨ ਵਿਘਨ ਨੇ ਨਿਵੇਸਕਾਂ ਵਿੱਚ ਜੋਖਮ ਤੋਂ ਬਚਾਅ ਦੀ ਪ੍ਰਵਿਰਤੀ ਨੂੰ ਵਧਾ ਦਿੱਤਾ ਹੈ, ਜਿਸ ਨਾਲ ਸਰਹੱਦ ਪਾਰ ਵਪਾਰ ਪਾਬੰਦੀਆਂ ਵਧੀਆਂ ਹਨ। ਰਿਜਰਵ ਬੈਂਕ ਦੇ ਗਵਰਨਰ ਨੇ ਵਿਸਵ ਅਰਥਵਿਵਸਥਾ ਵਿੱਚ ਵੱਧ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਸਮੂਹਿਕ ਯਤਨਾਂ ਦੀ ਲੋੜ ‘ਤੇ ਜੋਰ ਦਿੱਤਾ। ਉਸਨੇ ਬਹੁਪੱਖੀ ਵਿਕਾਸ ਬੈਂਕਾਂ ਨੂੰ ਮਜਬੂਤ ਕਰਨ ਦੀ ਵਕਾਲਤ ਕੀਤੀ ਅਤੇ ਟਿਕਾਊ ਆਰਥਿਕ ਵਿਕਾਸ ਅਤੇ ਵਿੱਤੀ ਸਥਿਰਤਾ ਪ੍ਰਾਪਤ ਕਰਨ ਲਈ ਅੰਤਰਰਾਸਟਰੀ ਸਹਿਯੋਗ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ।

## ਮੁਖਤਾਰ ਅੰਸਾਰੀ ਦੀ 12 ਕਰੋੜ ਦੀ ਬੇਨਾਮੀ ਜਾਇਦਾਦ ਹੋਵੇਗੀ ਜਬਤ

ਨਵੀਂ ਦਿੱਲੀ, 14 ਸਤੰਬਰ। ਇਨਕਮ ਟੈਕਸ ਵਿਭਾਗ ਮ੍ਰਿਤਕ ਮਾਫੀਆ-ਸਿਆਸੀ ਨੇਤਾ ਮੁਖਤਾਰ ਅੰਸਾਰੀ ਦੀ 12 ਕਰੋੜ ਰੁਪਏ ਦੀ ਜਾਇਦਾਦ ਜਬਤ ਕਰੇਗਾ। ਸਰਕਾਰੀ ਸੂਤਰਾਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਅਥਾਰਟੀ ਨੇ ਮੰਨਿਆ ਹੈ ਕਿ ਉੱਤਰ ਪ੍ਰਦੇਸ ਦੇ ਗਾਜੀਪੁਰ



ਜ਼ਿਲੇ ਦੀ ਸਦਰ ਤਹਿਸੀਲ ਅਧੀਨ ਮੌਜਾ ਕਪੂਰਪੁਰ ਐੱਨ. ਜੈੱਡ. ਏ. ਸਥਿਤ ਅਚੱਲ ਜਾਇਦਾਦ ਇਕ ‘ਬੇਨਾਮੀ’ ਜਾਇਦਾਦ ਹੈ। ਲਖਨਊ ਸਥਿਤ ਇਨਕਮ ਟੈਕਸ ਵਿਭਾਗ ਦੀ ਜਾਂਚ ਸਾਖਾ ਨੇ ਬੇਨਾਮੀ ਲੈਣ-ਦੇਣ (ਪ੍ਰਬੰਧਨ) ਸੋਧ ਐਕਟ 2016 ਦੇ ਉਪਬੰਧਾਂ ਦੇ ਤਹਿਤ ਅਪ੍ਰੈਲ, 2023 ਵਿਚ ਇਸ ਜਾਇਦਾਦ ਨੂੰ ਜਬਤ ਕਰਨ ਲਈ ਆਰਜੀ ਹੁਕਮ ਜਾਰੀ ਕੀਤਾ ਸੀ। ਇਸ ਜਾਇਦਾਦ ਦੀ ਮਾਰਕੀਟ ਕੀਮਤ 12 ਕਰੋੜ ਰੁਪਏ ਹੈ।

# ‘ਸਰਕਾਰ ਬਣਦੇ 1 ਘੰਟੇ ‘ਚ ਹਟਾਈ ਜਾਵੇਗੀ ਸਰਾਬ ‘ਤੇ ਪਾਬੰਦੀ’, ਪ੍ਰਸ਼ਾਂਤ ਕਿਸ਼ੋਰ

**ਏਜੰਸੀਆਂ**

ਪੂਰਨੀਆ 14 ਸਤੰਬਰ। ਸਿਆਸੀ ਰਣਨੀਤੀਕਾਰ ਦੀ ਭੂਮਿਕਾ ਤੋਂ ਖੁਦ ਇੱਕ ਸਿਆਸਤਦਾਨ ਦੀ ਭੂਮਿਕਾ ਵਿੱਚ ਆਏ ਪ੍ਰਸਾਂਤ ਕਿਸੋਰ ਨੇ ਕਿਹਾ ਕਿ ‘ਜਨ ਸੂਰਾਜ’ ਇੱਕ ਮਹੀਨੇ ਤੋਂ ਵੀ ਘੱਟ ਸਮੇਂ ਵਿੱਚ ਇੱਕ ਸਿਆਸੀ ਪਾਰਟੀ ਬਣਨ ਜਾ ਰਹੀ ਹੈ। ਇਹ ਆਉਣ ਵਾਲੀਆਂ ਬਿਹਾਰ ਵਿਧਾਨ ਸਭਾ ਚੋਣਾਂ ਵਿਚ ਸਾਰੀਆਂ 243 ਸੀਟਾਂ ‘ਤੇ ਚੋਣ ਲੜੇਗੀ। ਪੂਰਨੀਆ ਜ਼ਿਲ੍ਹੇ ਵਿੱਚ ਆਯੋਜਿਤ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਸਾਂਤ ਕਿਸੋਰ ਨੇ ਕਿਹਾ ਕਿ ਸੂਬੇ ਦੇ ਘੱਟੋ-ਘੱਟ ਇੱਕ ਕਰੋੜ ਲੋਕਾਂ ਦੇ ਸਰਗਰਮ ਸਮਰਥਨ ਨਾਲ ਪਾਰਟੀ ਦਾ ਗਠਨ 2 ਅਕਤੂਬਰ ਨੂੰ ਕੀਤਾ ਜਾਵੇਗਾ ਅਤੇ ਇਸ ਨੂੰ ਕਿਸੇ ਨਾਲ ਗੱਠਜੋੜ ਕਰਨ ਦੀ ਲੋੜ ਨਹੀਂ ਹੋਵੇਗੀ। ਉਨ੍ਹਾਂ ਕਿਹਾ, “ਮੈਂ ਇਹ ਸਪੱਸਟ ਕਰ ਦੇਵਾਂ ਕਿ ਜਨ ਸੂਰਜ ਸਾਰੀਆਂ 243 ਸੀਟਾਂ ‘ਤੇ ਚੋਣ ਲੜਨਗੇ, ਇਸ ਤੋਂ ਇੱਕ ਵੀ ਘੱਟ ਨਹੀਂ।“ ਇੰਡੀਅਨ ਪੋਲੀਟਿਕਲ ਐਕਸਨ ਕਮੇਟੀ (ਆਈਪੀਏਸੀ) ਦੇ ਸੰਸਥਾਪਕ ਕਿਸੋਰ ਨੇ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਬਿਹਾਰ ਦੇ ਮੁੱਖ ਮੰਤਰੀ ਨਿਤੀਸ ਕੁਮਾਰ ਅਤੇ ਆਮ ਆਦਮੀ ਪਾਰਟੀ ਦੇ ਸੰਸਥਾਪਕ ਅਰਵਿੰਦ ਕੇਜਰੀਵਾਲ ਵਰਗੇ ਵੱਖ-ਵੱਖ ਨੇਤਾਵਾਂ ਦੀਆਂ ਚੋਣ ਮੁਹਿੰਮਾਂ ਨੂੰ ਸੰਭਾਲਿਆ ਹੈ। ਬਿਹਾਰ ਵਿੱਚ ਸਰਾਬਬੰਦੀ ਕਾਨੂੰਨ ਬਾਰੇ ਉਨ੍ਹਾਂ ਕਿਹਾ ਕਿ ਪਾਰਟੀ ਦੀ ਸਰਕਾਰ ਬਣਨ ਦੇ ਇੱਕ ਘੰਟੇ ਵਿੱਚ ਸੂਬੇ ਵਿੱਚੋਂ ਸਰਾਬ ’ਤੇ ਪਾਬੰਦੀ ਹਟਾ ਦਿੱਤੀ ਜਾਵੇਗੀ। ਬਿਹਾਰ ਵਿੱਚ ਸ਼ਰਾਬਬੰਦੀ ਕਾਨੂੰਨ ਦੀ ਆਲੋਚਨਾ ਕਰਨ ਵਾਲੇ ਆਈਪੀਏਸੀ ਦੇ ਸੰਸਥਾਪਕ ਨੇ ਦੋਸ ਲਾਇਆ ਕਿ ਇਹ



ਨਿਤੀਸ ਕੁਮਾਰ ਦੇ ਪੱਖ ਤੋਂ ਦਿਖਾਵੇ ਦੇ ਇਲਾਕਾ ਕੁਝ ਨਹੀਂ ਹੈ। ਉਨ੍ਹਾਂ ਦੋਸ ਲਾਇਆ ਕਿ ਇਸ ਕਾਨੂੰਨ ਨੇ ਸਰਾਬ ਦੀ ਗੈਰ-ਕਾਨੂੰਨੀ ‘ਹੋਮ ਡਿਲਿਵਰੀ’ ਲਈ ਰਾਹ ਪੱਧਰਾ ਕੀਤਾ ਹੈ। ਇਸ ਕਾਨੂੰਨ ਰਾਹੀਂ ਸੂਬੇ ਨੂੰ 20,000 ਕਰੋੜ ਰੁਪਏ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ ਜੋ ਉਹ ਐਕਸਾਈਜ ਡਿਊਟੀ ਰਾਹੀਂ ਕਮਾਉਂਦਾ ਹੈ। ਇਸ ਦੀ ਆੜ ਵਿੱਚ ਨੇਤਾਵਾਂ ਅਤੇ ਅਫਸਰਸਾਹੀ ਆਪਣਾ ਹਿੱਸਾ ਪਾ ਰਹੇ ਹਨ। ਕਿਸੋਰ ਨੇ ਕਿਹਾ ਕਿ ਉਹ “ਮੈਰਿਟ ਦੀ ਰਾਜਨੀਤੀ“ ਵਿੱਚ ਵਿਸਵਾਸ ਰੱਖਦੇ ਹਨ ਅਤੇ ਦੂਜੀਆਂ ਪਾਰਟੀਆਂ ਦੇ ਉਲਟ, ਉਹ ਸਰਾਬ ‘ਤੇ ਪਾਬੰਦੀ ਦੇ ਖ਼ਿਲਾਫ ਬੋਲਣ ਤੋਂ ਪਿੱਛੇ ਨਹੀਂ ਹਟਣਗੇ। ਉਨ੍ਹਾਂ ਕਿਹਾ ਕਿ ਜੇਕਰ ਦੂਜੀਆਂ ਪਾਰਟੀਆਂ ਪਾਬੰਦੀ ਦਾ ਵਿਰੋਧ ਕਰਦੀਆਂ ਹਨ ਤਾਂ ਮਹਿਲਾ ਵੋਟਰਾਂ ਦੀਆਂ ਵੋਟਾਂ ਗੁਆਉਣ ਦਾ ਡਰ ਹੈ। ਕਿਸੋਰ ਨੇ ਕਿਹਾ ਕਿ ਉਹ ਬਿਹਾਰ ਦੀ ਦੁਰਦਸਾ ਲਈ ਮੁੱਖ ਤੌਰ ‘ਤੇ ਨਿਤੀਸ ਕੁਮਾਰ ਅਤੇ ਉਨ੍ਹਾਂ ਦੇ ਸਾਬਕਾ ਪ੍ਰਧਾਨ ਲਾਲੂ ਪ੍ਰਸਾਦ ਨੂੰ ਜ਼ਿੰਮੇਵਾਰ ਮੰਨਦੇ ਹਨ, ਹਾਲਾਂਕਿ ਇਸ ‘ਚ ਕਾਂਗਰਸ ਅਤੇ ਭਾਜਪਾ ਵੀ ਦੋਸੀ ਹਨ। ਉਨ੍ਹਾਂ ਨੇ ਦੋਸ ਲਗਾਇਆ, ‘ਕਾਂਗਰਸ ਨੇ ਲਾਲੂ ਪ੍ਰਸਾਦ ਦੇ ਗਲਤ ਕੰਮਾਂ ਨੂੰ ਅੱਖੋਂ ਪਰੋਖੇ ਕਰ ਦਿੱਤਾ, ਕਿਉਂਕਿ ਉਸਦੀ ਆਰਜੇਡੀ ਪਿਛਲੀ ਯੂਪੀਏ ਸਰਕਾਰ ਦੀ ਇੱਕ ਮਹੱਤਵਪੂਰਨ ਸਹਿਯੋਗੀ ਸੀ।

# ਹਰਿਆਣਾ ਵਿਧਾਨ ਸਭਾ 52 ਦਿਨ ਪਹਿਲਾਂ ਭੰਗ

**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ 14 ਸਤੰਬਰ। ਹਰਿਆਣਾ ਕੈਬਨਿਟ ਦੀ ਸਿਫਾਰਸ਼ ਨੂੰ ਮਨਜੂਰ ਕਰਦਿਆਂ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ 52 ਦਿਨ ਪਹਿਲਾਂ 14ਵੀਂ ਵਿਧਾਨ ਸਭਾ ਭੰਗ ਕਰ ਦਿੱਤੀ ਹੈ। ਰਾਜਪਾਲ ਵੱਲੋਂ ਇਸ ਦਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਗਿਆ। ਵਿਧਾਨ ਸਭਾ ਭੰਗ ਕਰਨ ਦੇ ਨੋਟੀਫਿਕੇਸ਼ਨ ’ਚ ਰਾਜਪਾਲ ਨੇ ਲਿਖਿਆ ਕਿ ਭਾਰਤ ਦੇ ਸੰਵਿਧਾਨ ਦੀ ਧਾਰਾ 174 ਦੀ ਧਾਰਾ (2) ਦੀ ਉਪ-ਧਾਰਾ (ਬੀ) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਮੈਂ ਬੰਡਾਰੂ ਦੱਤਾਤ੍ਰੇਅ, ਹਰਿਆਣਾ ਦਾ ਰਾਜਪਾਲ, ਤੁਰੰਤ ਪ੍ਰਭਾਵ ਨਾਲ ਹਰਿਆਣਾ ਵਿਧਾਨ ਸਭਾ ਭੰਗ ਕਰਦਾ ਹਾਂ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਕੈਬਨਿਟ ਨੇ ਬੀਤੇ ਦਿਨੀਂ ਇਸ ਨੂੰ ਮਨਜ਼ੂਰੀ ਦਿੱਤੀ ਸੀ। ਦਰਅਸਲ 6 ਮਹੀਨਿਆਂ ਦੇ ਅਰਸੇ ’ਚ ਵਿਧਾਨ ਸਭਾ ਦਾ ਸੈਸ਼ਨ ਨਾ ਸੱਦ ਸਕਣ ਦੇ ਸੰਵਿਧਾਨਕ ਸੰਕਟ ਤੋਂ ਬਚਣ ਲਈ ਹਰਿਆਣਾ ਸਰਕਾਰ ਨੇ ਇਹ ਕਦਮ ਚੁੱਕਿਆ ਸੀ। ਸਰਕਾਰ ਦਾ ਕਾਰਜਕਾਲ 3 ਨਵੰਬਰ ਤੱਕ ਸੀ ਭਾਵ ਇਹ 52 ਦਿਨ ਬਚਿਆ ਸੀ। ਨਿਯਮਾਂ ਕਾਰਨ 12 ਸਤੰਬਰ ਤੱਕ ਸੈਸ਼ਨ ਸੱਦਣਾ ਲਾਜ਼ਮੀ ਸੀ। ਹਾਲਾਂਕਿ ਨਾਇਬ



ਸਿੰਘ ਸੈਣੀ ਹੁਣ ਕਾਰਜਕਾਰੀ ਮੁੱਖ ਮੰਤਰੀ ਬਣੇ ਰਹਿਣਗੇ। ਸੂਬੇ ’ਚ ਵਿਧਾਨ ਸਭਾ ਭੰਗ ਹੋਣ ਦਾ ਮਾਮਲਾ ਹੁਣ ਤੋਂ ਪਹਿਲਾਂ ਵੀ 3 ਵਾਰ ਹੋ ਚੁੱਕਿਆ ਹੈ। ਐਡਵੋਕੇਟ ਹੇਮੰਤ ਕੁਮਾਰ ਦੱਸਦੇ ਹਨ ਕਿ ਫਰਵਰੀ, 1972 ’ਚ ਕਾਂਗਰਸ ਸਰਕਾਰ ’ਚ ਬੰਸੀ ਲਾਲ ਨੇ ਇਕ ਸਾਲ ਪਹਿਲਾਂ ਵਿਧਾਨ ਸਭਾ ਭੰਗ ਕਰਵਾਈ ਸੀ। ਦਸੰਬਰ, 1999 ’ਚ ਇਨੈਲੋ ਸਰਕਾਰ ’ਚ ਓਮ ਪ੍ਰਕਾਸ਼ ਚੌਟਾਲਾ ਨੇ 16 ਮਹੀਨੇ ਪਹਿਲਾਂ ਵਿਧਾਨ ਸਭਾ ਭੰਗ ਕਰਵਾਈ ਸੀ ਅਤੇ ਤੀਜੀ ਵਾਰ ਅਗਸਤ 2009 ’ਚ ਕਾਂਗਰਸ ਸਰਕਾਰ ’ਚ ਭੂਪੇਂਦਰ ਸਿੰਘ ਹੁੱਡਾ ਨੇ ਵਿਧਾਨ ਸਭਾ ਭੰਗ ਕਰ ਕੇ ਸਮੇਂ ਤੋਂ ਪਹਿਲਾਂ ਚੋਣਾਂ ਕਰਵਾਈਆਂ। 90 ਮੈਂਬਰਾਂ ਦੀ ਵਿਧਾਨ ਸਭਾ ’ਚ ਅਜੇ 81 ਵਿਧਾਇਕ ਹਨ। 41 ਦੇ ਬਹੁਮਤ ਦਾ ਅੰਕੜਾ ਇਕੱਲੀ ਭਾਜਪਾ ਦੇ ਹੀ ਕੋਲ ਸੀ ਪਰ ਭਾਜਪਾ ਨੇ ਇਸ ਵਾਰ 14 ਵਿਧਾਇਕਾਂ ਨੂੰ ਟਿਕਟ ਨਹੀਂ ਦਿੱਤੀ। ਅਜਿਹੇ ’ਚ ਸਰਕਾਰ ਕੋਈ ਮਤਾ ਲਿਆਉਂਦੀ ਤਾਂ ਕ੍ਰਾਸ ਵੋਟਿੰਗ ਕਾਰਨ ਮਤਾ ਡਿੱਗ ਸਕਦਾ ਸੀ। ਇਸ ਹਾਲਤ ’ਚ ਸਰਕਾਰ ਨੂੰ ਸ਼ਰਮਸਾਰ ਹੋਣ ਦੀ ਨੌਬਤ ਆ ਜਾਂਦੀ। ਸਰਕਾਰ ਕੋਲ ਹਰਿਆਣਾ ਵਿਧਾਨ ਸਭਾ ਨੂੰ ਸਮੇਂ ਤੋਂ ਪਹਿਲਾਂ ਭੰਗ ਕਰਨ ਲਈ ਰਾਜਪਾਲ ਨੂੰ ਸਿਫਾਰਸ਼ ਕਰਨ ਤੋਂ ਇਲਾਵਾ ਕੋਈ ਹੋਰ ਬਦਲ ਨਹੀਂ ਬਚਿਆ ਸੀ।

## ਪੰਜਾਬ ‘ਚ ਪੰਚਾਇਤ ਸੰਮਤੀਆਂ ਹੋਈਆਂ ਭੰਗ, ਪੰਚਾਇਤੀ ਚੋਣਾਂ ਜਲਦ !

ਚੰਡੀਗੜ੍ਹ 14 ਸਤੰਬਰ। ਪੰਜਾਬ ਸਰਕਾਰ ਵਲੋਂ ਸੂਬੇ ਦੀਆਂ ਪੰਚਾਇਤ ਸੰਮਤੀਆਂ ਨੂੰ ਭੰਗ ਕਰ ਦਿੱਤਾ ਗਿਆ ਹੈ। ਇਸ ਸਬੰਧੀ ਸਰਕਾਰ ਦੇ ਪ੍ਰਮੁੱਖ ਸਕੱਤਰ ਵਲੋਂ ਨੋਟੀਫਿਕੇਸ਼ਨ ਜਾਰੀ ਕੀਤੀ ਗਈ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸੂਬੇ ਦੀਆਂ 74 ਪੰਚਾਇਤ ਸੰਮਤੀਆਂ ਦਾ ਕਾਰਜਕਾਲ 10 ਸਤੰਬਰ ਨੂੰ ਖਤਮ ਹੋ ਚੁੱਕਾ ਹੈ। ਸਰਕਾਰ ਵਲੋਂ ਅਜਿਹੇ ਸਮੇਂ ਪੰਚਾਇਤ ਸੰਮਤੀਆਂ ਨੂੰ ਭੰਗ ਕੀਤਾ ਗਿਆ ਹੈ, ਜਦੋਂ ਪੰਚਾਇਤੀ ਚੋਣਾਂ ਦੇ ਚਰਚੇ ਚੱਲ ਰਹੇ ਹਨ। ਇਹ ਸੰਭਾਵਨਾ ਲਗਾਈ ਜਾ ਰਹੀ ਹੈ ਕਿ ਸੂਬੇ ‘ਚ ਜਲਦੀ ਹੀ ਪੰਚਾਇਤੀ ਚੋਣਾਂ ਹੋ ਸਕਦੀਆਂ ਹਨ। ਜਿਨ੍ਹਾਂ ਪੰਚਾਇਤ ਸੰਮਤੀਆਂ ਨੂੰ ਭੰਗ ਕੀਤਾ ਗਿਆ ਹੈ, ਉਨ੍ਹਾਂ ਦੀ ਟਰਮ 10 ਸਤੰਬਰ ਤੱਕ ਦੀ ਬਣਦੀ ਹੈ। ਇਸ ਲਈ ਇਨ੍ਹਾਂ ਦੀਆਂ ਚੋਣਾਂ ਕਰਵਾਉਣੀਆਂ ਜਾਂ ਕੰਮ-ਕਾਰ ਚਲਾਉਣ ਦੇ ਲਈ ਪ੍ਰਸ਼ਾਸਕ ਲਾਉਣਾ ਜਰੂਰੀ ਹੋ ਗਿਆ ਸੀ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਜਲਦ ਹੀ ਗ੍ਰਾਮ ਪੰਚਾਇਤ ਚੋਣਾਂ ਦੇ ਨਾਲ ਹੀ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਕਰਵਾ ਸਕਦੀ ਹੈ। ਦੱਸਣਯੋਗ ਹੈ ਕਿ ਪੰਜਾਬ ‘ਚ 13 ਹਜਾਰ ਗ੍ਰਾਮ ਪੰਚਾਇਤਾਂ ਪਹਿਲਾਂ ਹੀ ਭੰਗ ਹੋ ਚੁੱਕੀਆਂ ਹਨ।

# ਰਾਖਵੇਂਕਰਨ ਦੀ ਟਿੱਪਣੀ ਨੂੰ ਲੈ ਕੇ ਰਾਹੁਲ ਗਾਂਧੀ ਖਿਲਾਫ ਦਲਿਤ ਭਾਈਚਾਰਾ ਸ਼ੁਰੂ ਕਰੇਗਾ ‘ਜੁੱਤੇ ਮਾਰੋ ਅੰਦੋਲਨ’

**ਤੇਜਿੰਦਰ ਕੌਰ ਬੱਬਰ**

ਧਰਮਸਾਲਾ/ਸ਼ਿਮਲਾ 14 ਸਤੰਬਰ। ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਨੇ ਧਰਮਸਾਲਾ ‘ਚ ਕਿਹਾ ਕਿ ਦਲਿਤ ਭਾਈਚਾਰਾ ਅਤੇ ‘ਰਿਪਬਲਿਕਨ ਪਾਰਟੀ ਆਫ ਇੰਡੀਆ’ ਰਾਖਵੇਂਕਰਨ ‘ਤੇ ਰਾਹੁਲ ਗਾਂਧੀ ਦੀ ਟਿੱਪਣੀ ਦੇ ਖ਼ਿਲਾਫ ਦੇਸ ਵਿਆਪੀ ‘ਜੁੱਤੇ ਮਾਰੋ ਅੰਦੋਲਨ’ ਸ਼ੁਰੂ ਕਰਨਗੇ। ਹਾਲ ਹੀ ‘ਚ ਅਮਰੀਕਾ ਦੀ ਜਾਰਜਟਾਊਨ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਗੱਲਬਾਤ ਦੌਰਾਨ ਲੋਕ ਸਭਾ ‘ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਸੀ ਕਿ ਕਾਂਗਰਸ ਉਦੋਂ ਰਾਖਵੇਂਕਰਨ ਨੂੰ ਖਤਮ ਕਰਨ ਬਾਰੇ ਸੋਚੇਗੀ, ਜਦੋਂ ਦੇਸ ‘ਚ ਸਾਰਿਆਂ ਨੂੰ ਬਰਾਬਰ ਮੌਕੇ ਮਿਲਣਗੇ ਅਤੇ ਫਿਲਹਾਲ ਭਾਰਤ ‘ਚ ਅਜਿਹੀ ਸਥਿਤੀ ਨਹੀਂ ਹੈ। ਗਾਂਧੀ ਦੇ ਬਿਆਨ ਬਾਰੇ ਪੁੱਛੇ ਇਕ ਸਵਾਲ ਦੇ ਜਵਾਬ ਵਿੱਚ ਰਿਪਬਲਿਕਨ ਪਾਰਟੀ ਆਫ ਇੰਡੀਆ ਦੇ ਪ੍ਰਧਾਨ ਅਠਾਵਲੇ ਨੇ ਕਿਹਾ ਕਿ ਦਲਿਤਾਂ, ਹੋਰ ਪੱਛੜੀਆਂ ਸ੍ਰੇਣੀਆਂ ਅਤੇ ਆਦਿਵਾਸੀਆਂ ਦਾ ਰਾਖਵਾਂਕਰਨ ਕੋਈ ਵੀ ਨਹੀਂ ਖੋਹ ਸਕਦਾ ਅਤੇ ਜੇਕਰ ਕੋਈ ਅਜਿਹੀ ਕੋਸ਼ਿਸ ਕਰਦਾ ਹੈ ਤਾਂ ਉਸ ਨਾਲ ਨਜਿੱਠਿਆ ਜਾਵੇਗਾ। ਅਠਾਵਲੇ ਖੇਤੀਬਾੜੀ ਨੂੰ ਸਹਿਕਾਰੀ ਸਭਾਵਾਂ ਨਾਲ ਜੋੜਨ, ਯੂਕਰੇਨ ਅਤੇ ਰੂਸ, ਇਜਰਾਈਲ ਅਤੇ ਹਮਾਸ ਦੇ ਸਬੰਧ ਵਿੱਚ ਯੁੱਧ ਦੇ ਹਾਲਾਤ ਜਾਰੀ ਰਹਿਣ ਅਤੇ ਭਾਰਤ ਵਿੱਚ



ਅੱਤਵਾਦੀ ਗਤੀਵਿਧੀਆਂ ਵਿੱਚ ਪਾਕਿਸਤਾਨ ਦੀ ਸਮੂਲੀਅਤ ਵਰਗੇ ਮੁੱਦਿਆਂ ‘ਤੇ ਚਰਚਾ ਕਰਨ ਲਈ ਵਰਲਡ ਕੋਆਪ੍ਰੇਟਿਵ ਇਕਨਾਮਿਕ ਫੋਰਮ ਵੱਲੋਂ ਆਯੋਜਿਤ ਸੰਮੇਲਨ ‘ਚ ਸਾਮਲ ਹੋਣ ਲਈ ਉਹ ਧਰਮਸਾਲਾ ‘ਚ ਸਨ। ਅਠਾਵਲੇ ਨੇ ਕਿਹਾ, “ਦਲਿਤ ਭਾਈਚਾਰਾ ਅਤੇ ਰਿਪਬਲਿਕਨ ਪਾਰਟੀ ਆਫ ਇੰਡੀਆ ਰਾਖਵੇਂਕਰਨ ‘ਤੇ ਟਿੱਪਣੀਆਂ ਲਈ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਖ਼ਿਲਾਫ ਦੇਸ ਵਿਆਪੀ ‘ਜੁੱਤੇ ਮਾਰੋ’ ਅੰਦੋਲਨ ਸੁਰੂ ਕਰੇਗੀ।“ ਉਹਨਾਂ ਨੇ ਕਿਹਾ ਕਿ ਰਾਹੁਲ ਗਾਂਧੀ ‘ਤੇ ਜੁੱਤੇ ਮਾਰਨੇ ਚਾਹੀਦੇ ਹਨ। ਰਾਹੁਲ ਬੇਕਾਰ ਆਦਮੀ ਹੈ। ਉਹ ਜਦੋਂ ਵੀ ਇੰਗਲੈਂਡ ਜਾਂ ਅਮਰੀਕਾ ਜਾਂਦੇ ਹਨ, ਤਾਂ ਉਹ ਭਾਰਤ ਦੇ ਖ਼ਿਲਾਫ ਗੱਲ ਕਰਦੇ ਹਨ। ਉਹਨਾਂ ਨੇ ਗਾਂਧੀ ਨੂੰ ਸਲਾਹ ਦਿੱਤੀ ਕਿ ਉਹ ਇਤਰਾਜਯੋਗ ਬਿਆਨ ਨਾ ਦੇਣ। ਉਹਨਾਂ ਨੇ ਕਿਹਾ ਕਿ ਇਹ ਕਿਵੇਂ ਸੰਭਵ ਹੈ ਕਿ ਦੇਸ਼ ਵਿਚ ਕੋਈ ਲੋਕਤੰਤਰ ਨਹੀਂ ਹੈ? ਜੇਕਰ ਦੇਸ ਵਿੱਚ ਲੋਕਤੰਤਰ ਨਹੀਂ ਹੈ ਤਾਂ ਰਾਹੁਲ ਗਾਂਧੀ 99 ਸੀਟਾਂ ਲੈ ਕੇ ਵਿਰੋਧੀ ਧਿਰ ਦੇ ਨੇਤਾ ਕਿਵੇਂ ਬਣ ਸਕਦੇ ਹਨ? ਅਠਾਵਲੇ ਨੇ “ ‘ਤੇ ਇੱਕ ਪੋਸਟ ਵਿੱਚ ਕਿਹਾ, “ ???? ਦਾ ਅੰਤ ਕਰਨ ਦੇ ਬਾਰੇ ਵਿਚ ਗੱਲ ਕਰਕੇ ਰਾਹੁਲ ਗਾਂਧੀ ਨੇ ਇਕ ਵਾਰ ਫਿਰ ਕਾਂਗਰਸ ਦਾ ਦਲਿਤ ਵਿਰੋਧੀ ਚਿਹਰਾ ਦੇਸ਼ ਦੇ ਸਾਹਮਣੇ ਲਿਆ ਦਿੱਤਾ ਹੈ। ਰਾਖਵੇਂਕਰਨ ਨੂੰ ਖਤਮ ਕਰਨ ਦੇ ਬਿਆਨ ‘ਤੇ ਦਲਿਤ, ਆਦਿਵਾਸੀ ਅਤੇ ਪਿਛੜੇ ਵਰਗ ਉਨ੍ਹਾਂ ਨੂੰ ਸਬਕ ਸਿਖਾਉਣਗੇ। ਸਤਿਕਾਰਯੋਗ ਬਾਬਾ ਸਾਹਿਬ ਅੰਬੇਡਕਰ ਵੱਲੋਂ ਸੰਵਿਧਾਨ ਰਾਹੀਂ ਦਿੱਤਾ ਗਿਆ ਰਾਖਵਾਂਕਰਨ ਕਦੇ ਖਤਮ ਨਹੀਂ ਹੋਵੇਗਾ।

## ਡੀ.ਆਰ.ਡੀ.ਓ. ਨੇ ਕੀਤਾ ਵਰਟਿਕਲ ਲਾਂਚ ਮਿਜਾਈਲ ਦਾ ਲਗਾਤਾਰ ਦੂਜਾ ਸਫਲ ਪ੍ਰੀਖਣ

ਨਵੀਂ ਦਿੱਲੀ 14 ਸਤੰਬਰ। ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀ.ਆਰ.ਡੀ.ਓ.) ਅਤੇ ਜਲ ਸੈਨਾ ਨੇ ਓਡੀਸ਼ਾ ਦੇ ਚਾਂਦੀਪੁਰ ‘ਚ ਏਕੀਕ੍ਰਿਤ ਟੈਸਟ ਰੇਂਜ ਤੋਂ ਛੋਟੀ ਦੂਰੀ ਦੀ ਸਤ੍ਹਾ ਤੋਂ ਸਤ੍ਹਾ ‘ਤੇ ਮਾਰ ਕਰਨ ਵਾਲੀ ਵਰਟਿਕਲ ਲਾਂਚ ਮਿਜਾਈਲ ਦਾ ਸ਼ੁੱਕਰਵਾਰ ਨੂੰ ਲਗਾਤਾਰ ਦੂਜੇ ਦਿਨ ਸਫਲਤਾਪੂਰਵਕ ਪ੍ਰੀਖਣ ਕੀਤਾ। ਰੱਖਿਆ ਮੰਤਰਾਲਾ ਨੇ ਦੱਸਿਆ ਕਿ ਉਡਾਣ ਪ੍ਰੀਖਣ ‘ਚ ਘੱਟੋ ਉੱਚਾਈ ‘ਤੇ ਉੱਡ ਰਹੇ ਉੱਚ ਗਤੀ ਵਾਲੇ ਹਵਾਈ ਟੀਚੇ ‘ਤੇ ਨਿਸ਼ਾਨਾ ਵਿੰਨ੍ਹਿਆ ਗਿਆ ਅਤੇ ਮਿਜਾਈਲ ਪ੍ਰਣਾਲੀ ਨੇ ਸਫਲਤਾਪੂਰਵਕ ਟੀਚੇ ਦਾ ਪਤਾ ਲਗਾ ਕੇ ਉਸ ਨੂੰ ਨਿਸ਼ਾਨਾ ਬਣਾਇਆ। ਇਸ ਪ੍ਰੀਖਣ ਦਾ ਮਕਸਦ ਪ੍ਰਾਕਸਮਿਟੀ ਫਿਊਜ ਅਤੇ ਸੀਕਰ ਸਮੇਤ ਹਥਿਆਰ ਪ੍ਰਣਾਲੀ ਦੇ ਕਈ ਅਪਡੇਟ ਕੀਤੇ ਤੱਤਾਂ ਨੂੰ ਪ੍ਰਮਾਣਿਤ ਕਰਨਾ ਸੀ। ਸਿਸਟਮ ਦੇ ਪ੍ਰਦਰਸ਼ਨ ਨੂੰ ਆਰ.ਟੀ.ਆਰ. ਚਾਂਦੀਪੁਰ ‘ਚ ਤਾਇਨਾਤ ਰਡਾਰ ਇਲੈਕਟ੍ਰੋ-ਆਪਟਿਕਲ ਟਰੈਕਿੰਗ ਸਿਸਟਮ ਅਤੇ ਟੈਲੀਮੈਟਰੀ ਵਰਗੇ ਵੱਖ-ਵੱਖ ਉਪਕਰਣਾਂ ਵਲੋਂ ਸਾਵਧਾਨੀਪੂਰਵਕ ਟਰੈਕ ਅਤੇ ਪੁਸ਼ਟੀ ਕੀਤੀ ਗਈ ਸੀ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਉਪਲੱਬਧੀ ਲਈ ਡੀ.ਆਰ.ਡੀ.ਓ. ਅਤੇ ਜਲ ਸੈਨਾ ਦੀਆਂ ਟੀਮਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਆਧੁਨਿਕ ਤਕਨਾਲੋਜੀ ਨਾਲ ਲੈੱਸ ਮਿਜਾਈਲ ਹਥਿਆਰਬੰਦ ਫੋਰਸਾਂ ਦੀ ਤਾਕਤ ਵਧਾਏਗੀ।



ਡੀ.ਆਰ.ਡੀ.ਓ. ਦੇ ਚੇਅਰਮੈਨ ਅਤੇ ਰੱਖਿਆ ਖੋਜ ਤੇ ਵਿਕਾਸ ਸੰਗਠਨ ਦੇ ਸਕੱਤਰ ਡਾ. ਸਮੀਰ ਵੀ. ਕਾਮਤ ਨੇ ਵੀ ਇਸ ‘ਚ ਸ਼ਾਮਲ ਵਿਗਿਆਨੀਆਂ ਦੀਆਂ ਟੀਮਾਂ ਨੂੰ ਵਧਾਈ ਦਿੱਤੀ ਹੈ। ਦੱਸਣਯੋਗ ਹੈ ਕਿ ਇਸ ਮਿਜਾਈਲ ਪ੍ਰਣਾਲੀ ਦਾ ਵੀਰਵਾਰ ਨੂੰ ਵੀ ਸਫਲ ਪ੍ਰੀਖਣ ਕੀਤਾ ਗਿਆ ਸੀ।

# ਜਲੰਧਰ: ਡਾਕ ਵਿਭਾਗ ਦੀ ਮਹਿਲਾ ਮੁਲਾਜਮ ਦੇ ਅਗਵਾ ਮਾਮਲੇ ’ਚ ਨਵਾਂ ਮੋੜ, ਮੈਡੀਕਲ ਰਿਪੋਰਟ ‘ਚ ਹੋਇਆ ਵੱਡਾ ਖੁਲਾਸਾ

ਜਲੰਧਰ 14 ਸਤੰਬਰ। ਥਾਣਾ 5 ਦੀ ਪੁਲਸ ਨੇ ਡਾਕ ਵਿਭਾਗ ਦੀ ਮਹਿਲਾ ਕਰਮਚਾਰੀ 20 ਸਾਲਾ ਕੁੜੀ ਨੂੰ ਅਗਵਾ ਕਰਨ ਅਤੇ ਫਿਰ ਉਸ ਨੂੰ ਦਿੱਲੀ ਲਿਜਾ ਕੇ ਕਥਿਤ ਤੌਰ ’ਤੇ ਜਬਰ-ਜਨਾਹ ਕਰਨ ਦੇ ਮਾਮਲੇ ’ਚ ਹੁਣ ਜਬਰ-ਜਨਾਹ ਦੀ ਧਾਰਾ ਵੀ ਲਾ ਦਿੱਤੀ ਹੈ। ਮੈਡੀਕਲ ਰਿਪੋਰਟ ਵਿਚ ਇਹ ਗੱਲ ਸਾਹਮਣੇ ਆਈ ਹੈ, ਜਿਸ ਤੋਂ ਬਾਅਦ ਕਮਿਸ਼ਨਰੇਟ ਪੁਲਸ ਨੇ ਮੰਗਲਵਾਰ ਨੂੰ ਕੇਸ ਵਿਚ ਜਬਰ-ਜਨਾਹ ਦੀ ਧਾਰਾ ਜੋੜ ਦਿੱਤੀ ਹੈ। ਪਤਾ ਲੱਗਾ ਹੈ ਕਿ ਪੀੜਤ ਲੜਕੀ ਦੀ ਮਾਂ ਦੇ ਬਿਆਨਾਂ ਦੇ ਆਧਾਰ ’ਤੇ ਪੁਲਸ ਨੇ ਇਹ ਕਾਰਵਾਈ ਕਰਦੇ ਹੋਏ ਮਾਮਲੇ ਦੀ ਤੇਜੀ ਨਾਲ ਜਾਂਚ ਸੁਰੂ ਕਰ ਦਿੱਤੀ ਹੈ। ਸਿਵਲ ਹਸਪਤਾਲ ਦੇ ਸੂਤਰਾਂ ਅਨੁਸਾਰ ਪੀੜਤ ਲੜਕੀ ਦੀ ਹਾਲਤ ’ਚ ਸੁਧਾਰ ਹੋ ਰਿਹਾ ਹੈ। ਪੀੜਤ ਲੜਕੀ ਪਹਿਲਾਂ ਬੇਹੋਸੀ ਦੀ ਹਾਲਤ ’ਚ ਸੀ ਅਤੇ ਹੁਣ ਉਹ ਖਾਣਾ ਖਾਣ ਤੋਂ ਬਾਅਦ ਆਪਣੇ ਪਰਿਵਾਰਕ ਮੈਂਬਰਾਂ ਨਾਲ ਵੀ ਗੱਲਬਾਤ ਕਰ ਰਹੀ ਹੈ। ਦੂਜੇ ਪਾਸੇ ਪੁਲਸ ਨੇ ਗ੍ਰਿਫਤਾਰ ਕੀਤੇ ਮੁਲਜਮ ਬਲਵਿੰਦਰ ਪੁੱਤਰ ਅਮਰਜੀਤ ਰਾਮ ਵਾਸੀ ਰਾਮਾ ਮੰਡੀ ਦਾ ਅਦਾਲਤ ’ਚੋਂ ਪੁਲਸ ਰਿਮਾਂਡ ਹਾਸਲ ਕਰ ਲਿਆ ਹੈ। ਜ਼ਿਕਰਯੋਗ ਹੈ ਕਿ ਪੀੜਤ ਲੜਕੀ ਦੇ ਪਰਿਵਾਰਕ ਮੈਂਬਰਾਂ ਨੇ ਦੋਸ ਲਾਇਆ ਸੀ ਕਿ ਥਾਣਾ 5 ਦੀ ਪੁਲਸ ਨੇ ਉਨ੍ਹਾਂ ਨੂੰ ਇਨਸਾਫ ਦਿਵਾਉਣ ’ਚ ਦੇਰੀ ਕੀਤੀ ਅਤੇ ਮਾਮਲੇ ਨੂੰ ਟਾਲ ਕੇ ਰੱਖਿਆ। ਹਲਕਾ ਪੱਛਮੀ ਦੇ ਵਿਧਾਇਕ



ਮਹਿੰਦਰ ਭਗਤ ਬੀਤੇ ਦਿਨ ਸਿਵਲ ਹਸਪਤਾਲ ਪੁੱਜੇ ਅਤੇ ਪੀੜਤ ਲੜਕੀ ਦਾ ਇਲਾਜ ਕਰ ਰਹੇ ਡਾਕਟਰਾਂ ਨਾਲ ਮੀਟਿੰਗ ਕਰਕੇ ਲੜਕੀ ਦਾ ਕਿਸ ਤਰ੍ਹਾਂ ਦਾ ਇਲਾਜ ਹੋ ਰਿਹਾ ਹੈ, ਇਸ ਬਾਰੇ ਜਾਣਕਾਰੀ ਹਾਸਲ ਕੀਤੀ। ਜ਼ਿਕਰਯੋਗ ਹੈ ਕਿ ਡਾਕ ਵਿਭਾਗ ਦੀ ਮੁਲਾਜਮ 20 ਸਾਲਾ ਲੜਕੀ ਦੇ ਮਾਮਲੇ ਨੂੰ ਲੈ ਕੇ ਹੁਣ ਸਿਆਸੀ ਲੋਕ ਵੀ ਲੜਕੀ ਨੂੰ ਇਨਸਾਫ ਦਿਵਾਉਣ ਲਈ ਮੈਦਾਨ ਵਿਚ ਕੁੱਦ ਚੁੱਕੇ ਹਨ। ਸਿਵਲ ਹਸਪਤਾਲ ਵਿਖੇ ਇਲਾਜ ਅਧੀਨ ਲੜਕੀ ਦਾ ਇਲਾਜ ਕਰ ਰਹੇ ਡਾਕਟਰਾਂ ਦਾ ਕਹਿਣਾ ਹੈ ਕਿ ਲੜਕੀ ਦੀ ਦਿਮਾਗੀ ਹਾਲਤ ਪਹਿਲਾਂ ਤੋਂ ਠੀਕ ਹੋ ਰਹੀ ਹੈ ਪਰ ਹਾਲੇ ਉਹ ਪੂਰੀ ਤਰ੍ਹਾਂ ਦਿਮਾਗੀ ਤੌਰ ’ਤੇ ਫਿੱਟ ਨਹੀਂ ਹੈ, ਜਿਸ ਕਾਰਨ ਲੜਕੀ ਆਪਣੇ ਨਾਲ ਹੋਈ ਘਟਨਾ ਬਾਰੇ ਜਾਣਕਾਰੀ ਦੇਣ ਵਿਚ ਅਸਮਰੱਥ ਹੈ। ਉਥੇ ਹੀ ਦੂਜੇ ਪਾਸੇ ਗਾਇਨਾਕੋਲੋਜਿਸਟ ਮਹਿਲਾ ਡਾਕਟਰ ਨੇ ਵੀ ਲੜਕੀ ਦਾ ਮੈਡੀਕਲ ਕੀਤਾ ਹੈ। ਹਸਪਤਾਲ ਦੇ ਸੂਤਰਾਂ ਦੀ ਮੰਨੀਏ ਤਾਂ ਪੀੜਤ ਲੜਕੀ ਦੇ ਸਰੀਰ ’ਤੇ ਲੱਗੀਆਂ ਸੱਟਾਂ ਬਾਰੇ ਵਿਸਥਾਰਪੂਰਵਕ ਲਿਖਣ ਦੇ ਨਾਲ ਉਸ ਦੇ ਸਰੀਰ ਤੋਂ ਬਲੱਡ ਸੈਂਪਲ ਅਤੇ ਸਵੈਪ ਵੀ ਲਏ ਗਏ। ਉਕਤ ਬਲੱਡ ਸੈਂਪਲ ਅਤੇ ਸਵੈਪ ਚੰਡੀਗੜ੍ਹ ਸਥਿਤ ਫੋਰੈਂਸਿਕ ਲੈਬ ਵਿਚ ਭੇਜੇ ਗਏ ਸਨ, ਜਿਸ ਦੀ ਰਿਪੋਰਟ ਆਉਣ ਤੋਂ ਬਾਅਦ ਸਾਫ ਹੋਇਆ ਕਿ ਕੁੜੀ ਨਾਲ ਜਬਰ-ਜਨਾਹ ਹੋਇਆ ਹੈ। ਉਥੇ ਹੀ, ਸਾਬਕਾ ਐੱਮ. ਪੀ. ਅਤੇ ਸੀਨੀਅਰ ਭਾਜਪਾ ਨੇਤਾ ਸੁਸ਼ੀਲ ਰਿੰਕੂ ਜੋ ਲੜਕੀ ਦਾ ਹਾਲ-ਚਾਲ ਜਾਣਨ ਲਈ ਸਿਵਲ ਹਸਪਤਾਲ ਪਹੁੰਚੇ, ਦਾ ਕਹਿਣਾ ਹੈ ਕਿ ਪੂਰੇ ਮਾਮਲੇ ਨੂੰ ਦਬਾਇਆ ਜਾ ਰਿਹਾ ਹੈ। ਪਹਿਲੀ ਗੱਲ ਲੜਕੀ ਦੇ ਸਰੀਰ ’ਤੇ ਇੰਨੀਆਂ ਸੱਟਾਂ ਕਿਵੇਂ ਲੱਗੀਆਂ ਅਤੇ ਉਸ ਨੂੰ ਕਿਸੇ ਨਾਲ ਮਿਲਣ ਕਿਉਂ ਨਹੀਂ ਦਿੱਤਾ ਜਾ ਰਿਹਾ। ਲੜਕੀ ਦੇ ਪਰਿਵਾਰ ਵਾਲੇ ਘਬਰਾਏ ਹੋਏ ਹਨ ਅਤੇ ਉਹ ਉਨ੍ਹਾਂ ਨੂੰ ਇਨਸਾਫ ਦਿਵਾਉਣ ਵਿਚ ਪੂਰਾ ਜੋਰ ਲਾਉਣਗੇ।

## ਜਲੰਧਰ ਪੁਲਸ ਦੀ ਵੱਡੀ ਸਫਲਤਾ- 2,600 ਕਿਲੋਮੀਟਰ ਦੂਰੋਂ ਕਾਬੂ ਕੀਤਾ ਭਗੌੜਾ ਮੁਲਜਮ

ਜਲੰਧਰ 14 ਸਤੰਬਰ। ਜਲੰਧਰ ਦਿਹਾਤੀ ਪੁਲਸ ਨੇ ਇਕ ਭਗੌੜੇ ਅਪਰਾਧੀ ਨੂੰ ਤਾਮਿਲਨਾਡੂ ਤੋਂ ਗ੍ਰਿਫਤਾਰ ਕਰਨ ‘ਚ ਸਫਲਤਾ ਹਾਸਲ ਕੀਤੀ ਹੈ। ਇਹ ਗ੍ਰਿਫਤਾਰੀ ਜ਼ਿਲ੍ਹੇ ’ਚ ਨਸਾ ਸਮੱਗਲਰਾਂ ਤੇ ਅਪਰਾਧਿਕ ਅਨਸਰਾਂ ’ਤੇ ਸ਼ਿਕੰਜਾ ਕੱਸਣ ਲਈ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ 2,600 ਕਿਲੋਮੀਟਰ ਦੂਰ ਕੀਤੀ ਗਈ ਹੈ। ਫੜੇ ਗਏ ਮੁਲਜਮ ਦੀ ਪਛਾਣ ਸੁਨੀਲ ਕੁਮਾਰ ਪੁੱਤਰ ਬਾਲ ਕਿਸਨ ਵਾਸੀ ਉੱਗੀ, ਥਾਣਾ ਸਦਰ ਨਕੋਦਰ ਵਜੋਂ ਹੋਈ ਹੈ। ਉਸ ਨੂੰ 01-05-2019 ਨੂੰ ਥਾਣਾ ਨਕੋਦਰ ’ਚ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 22/61/85 ਅਧੀਨ ਦਰਜ ਐੱਫ.ਆਈ.ਆਰ. ਨੰਬਰ 229, ਮਿਤੀ 28-07-2017 ਸਬੰਧੀ ਭਗੌੜਾ ਕਰਾਰ ਦਿੱਤਾ ਗਿਆ ਸੀ। ਇਸ ਆਪ੍ਰੇਸਨ ਦੀ ਸਫਲਤਾ ’ਤੇ ਸੀਨੀ. ਪੁਲਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਪੁਲਸ ਟੀਮ ਦੇ ਅਣਥੱਕ ਯਤਨਾਂ ਤੇ ਅੰਤਰਰਾਜੀ ਤਾਲਮੇਲ ਨਾਲ ਇਕ ਭਗੌੜੇ ਨੂੰ



ਗ੍ਰਿਫਤਾਰ ਕੀਤਾ ਗਿਆ ਹੈ, ਜੋ ਸਾਲਾਂ ਤੋਂ ਕਾਨੂੰਨ ਦੀ ਉਲੰਘਣਾ ਕਰ ਰਿਹਾ ਸੀ। ਇਹ ਪ੍ਰਾਪਤੀ ਜਲੰਧਰ ਦਿਹਾਤੀ ਪੁਲਿਸ ਦੀ ਇਹ ਯਕੀਨੀ ਬਣਾਉਣ ਲਈ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਿ ਕਿਸੇ ਵੀ ਅਪਰਾਧੀ ਨੂੰ ਪਨਾਹ ਨਾ ਮਿਲੇ, ਭਾਵੇਂ ਉਹ ਭੱਜਣ ਦੀ ਕੋਸ਼ਿਸ ਕਰੇ। ਮੁਲਜਮ ਸੁਨੀਲ ਕੁਮਾਰ ਪੀ.ਓ. ਐਲਾਨੇ ਜਾਣ ਤੋਂ ਬਾਅਦ ਵਿਦੇਸ ਮਲੇਸੀਆ ਭੱਜ ਗਿਆ ਸੀ। ਜਲੰਧਰ ਦਿਹਾਤੀ ਪੁਲਸ ਨੇ ਵੱਖ-ਵੱਖ ਅਪਰਾਧਾਂ ’ਚ ਸਾਮਲ ਭਗੌੜਿਆਂ ਨੂੰ ਫੜਨ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। 98 ਵੱਖ-ਵੱਖ ਮਾਮਲਿਆਂ ’ਚ ਘਿਣਾਉਣੇ ਅਪਰਾਧਾਂ ਦੇ 21 ਸਮੇਤ ਕੁੱਲ 140 ਮੁਲਜਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਬਾਹਰ ਕੱਢਿਆ, ਮਾਮਲਾ ਦਰਜ

ਫਿਰੋਜ਼ਪੁਰ 14 ਸਤੰਬਰ। ਫਿਰੋਜ਼ਪੁਰ ’ਚ ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਬਾਹਰ ਕੱਢਣ ਦੇ ਦੋਸ਼ ਵਿਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਸਹੁਰੇ ਪਰਿਵਾਰ ਦੇ 4 ਮੈਂਬਰਾਂ ਖ਼ਿਲਾਫ ਮਾਮਲਾ ਦਰਜ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਦਰਸ਼ਨ ਸਿੰਘ ਨੇ ਦੱਸਿਆ ਕਿ ਦਰਖਾਸਤ ਰਾਹੀਂ ਪ੍ਰੇਮ ਸਿੰਘ ਪੁੱਤਰ ਭਗਵਾਨ ਸਿੰਘ ਵਾਸੀ ਪਿੰਡ ਚਾਂਦੀ ਵਾਲਾ ਦਾਖਲੀ ਪਿੰਡ ਕਮਾਲੇ ਵਾਲਾ ਨੇ ਦੱਸਿਆ ਕਿ ਉਸ ਦੀ ਧੀ ਬਲਵਿੰਦਰ ਕੌਰ ਦਾ ਵਿਆਹ ਰਾਜੂ ਸਿੰਘ ਪੁੱਤਰ ਜਗਤਾਰ ਸਿੰਘ ਵਾਜਸੀ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਨਾਲ ਮਿਤੀ 17




ਨਵੰਬਰ 2021 ਨੂੰ ਹੋਇਆ ਸੀ, ਵਿਆਹ ਸਮੇਂ ਉਸ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਿੱਤਾ ਸੀ, ਪਰ ਦੋਸ਼ੀ ਇਸ ਤੋਂ ਖੁਸ਼ ਨਹੀਂ ਸਨ। ਦੋਸ਼ੀਅਨ ਰਾਜੂ ਸਿੰਘ, ਵੀਰੋ ਬਾਈ ਪਤਨੀ ਜਗਤਾਰ ਸਿੰਘ, ਪਰਮਜੀਤ ਸਿੰਘ ਪੁੱਤਰ ਜਗਤਾਰ ਸਿੰਘ, ਪ੍ਰਵੀਨ ਕੌਰ ਪਤਨੀ ਜਗਤਾਰ ਸਿੰਘ ਵਾਸੀ ਲੱਖਾ ਸਿੰਘ ਵਾਲਾ ਜੋ ਉਸ ਦੀ ਕੁੜੀ ਨੂੰ ਘੱਟ ਦਾਜ ਲਿਆਉਣ ਕਰਕੇ ਤੰਗ-ਪਰੇਸ਼ਾਨ ਕਰਨ ਲੱਗੇ ਅਤੇ ਦਾਜ ਵਿਚ ਨਵੀਂ ਕਾਰ ਅਤੇ 10 ਲੱਖ ਰੁਪਏ ਦੀ ਮੰਗ ਕਰਦੇ ਸਨ। ਉਸ ਵੱਲੋਂ ਇਨਕਾਰ ਕਰਨ ਤੇ ਉਸ ਦੀ ਧੀ ਦੀ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ ਤੇ ਉਸ ਦਾ ਇਸਤਰੀ ਧੰਨ ਖੁਰਦ-ਬੁਰਦ ਕਰ ਰਹੇ ਹਨ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਦੋਸ਼ੀਅਨ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਖਤਰੇ ਦੀ ਘੰਟੀ, ਪੰਜਾਬ ‘ਚ ਨਵਾਂ ਕਾਨੂੰਨ ਲਾਗੂ, 5 ਹਜਾਰ ਦਾ ਚਲਾਨ, ਪਾਸਪੋਰਟ ‘ਚ ਵੀ ਆਵੇਗੀ ਦਿੱਕਤ

ਮਲੋਟ 14 ਸਤੰਬਰ। ਆਵਾਜਾਈ ਦੇ ਨਿਯਮਾਂ ਨੂੰ ਸਖਤੀ ਨਾਲ ਲਾਗੂ ਕਰਨ ਅਤੇ ਖਾਸ ਕਰਕੇ ਨਾਬਾਲਿਗ ਬੱਚਿਆਂ ਵਲੋਂ ਵਾਹਨ ਚਲਾਉਣ ਵਿਰੁੱਧ ਕਾਰਵਾਈ ਲਈ ਟ੍ਰੈਫਿਕ ਪੁਲਸ ਐਕਸ਼ਨ ਮੋਡ ਵਿਚ ਆ ਗਈ ਹੈ। ਇਸ ਸਬੰਧੀ ਮਲੋਟ ਟ੍ਰੈਫਿਕ ਇੰਚਾਰਜ ਹਰਭਗਵਾਨ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਕਪਤਾਨ ਤੁਸ਼ਾਰ ਗੁਪਤਾ ਆਈ. ਪੀ. ਐੱਸ. ਦੇ ਨਿਰਦੇਸ਼ਾਂ ’ਤੇ ਡੀ. ਐੱਸ. ਪੀ. ਮਲੋਟ ਇਕਬਾਲ ਸਿੰਘ ਸੰਧੂ ਦੀਆਂ ਹਦਾਇਤਾਂ ’ਤੇ ਆਵਾਜਾਈ ਸਬੰਧੀ ਨਵੇਂ ਕਾਨੂੰਨ ਨੂੰ ਸਖਤੀ ਨਾਲ ਲਾਗੂ ਕਰਨ ਲਈ ਬੱਚਿਆਂ ਅਤੇ ਮਾਪਿਆਂ ਨੂੰ ਜਾਗਰੂਕ ਕਰਨ ਤੋਂ ਬਾਅਦ ਦਿੱਤੀ ਸਮਾ-ਸੀਮਾਂ ਪੂਰੀ ਹੋਣ ਤੋਂ ਬਾਅਦ ਟ੍ਰੈਫਿਕ ਪੁਲਸ ਨੇ ਸਖਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਤਹਿਤ ਪੁਲਸ ਵੱਲੋਂ 18 ਸਾਲ ਤੋਂ ਘੱਟ ਉਮਰ ਦੇ ਦੋ-ਪਹੀਆ ਵਾਹਨ ਚਾਲਕਾਂ, ਤੀਹਰੀ ਸਵਾਰੀ ਅਤੇ ਗਲਤ ਪਾਰਕਿੰਗ ਨੂੰ ਲੈ ਕੇ ਚਲਾਨ ਕੱਟੇ ਜਾ ਰਹੇ ਹਨ। ਪੁਲਸ ਨੇ ਦੋ



ਦਿਨਾਂ ਵਿਚ 50 ਤੋਂ ਵੱਧ ਚਲਾਨ ਕੱਟੇ ਹਨ। ਉਨ੍ਹਾਂ ਦੱਸਿਆ ਕਿ ਸੋਮਵਾਰ ਨੂੰ 3 ਨਾਬਾਲਿਗ ਚਾਲਕਾਂ 6 ਤੀਹਰੀ ਸਵਾਰੀ ਸਮੇਤ ਕੁੱਲ 30 ਚਲਾਨ ਕੱਟੇ ਹਨ। ਉਨ੍ਹਾਂ ਕਿਹਾ ਕਿ ਨਾਬਾਲਿਗ ਚਾਲਕਾਂ ਵਿਰੁੱਧ ਕਾਨੂੰਨ ਤਹਿਤ ਪਰ ਸਖਤ ਕਾਰਵਾਈ ਹੈ ਪਰ ਇਕ ਵਾਰ ਮਸ਼ੀਨ ’ਤੇ ਚਲਾਨ ਕੱਟਿਆ ਜਾਂਦਾ ਹੈ, ਜਿਸ ਦਾ ਘੱਟੋ-ਘੱਟ ਜੁਰਮਾਨਾ 5 ਹਜਾਰ ਰੁਪਏ ਹੈ। ਜਿਸ ਨੂੰ ਅਦਾ ਨਾ ਕਰਨ ’ਤੇ ਪਾਸਪੋਰਟ ਸਮੇਤ ਕਈ ਸਮੱਸਿਆਵਾਂ ਆਉਣਗੀਆਂ। ਉਨ੍ਹਾਂ ਕਿਹਾ ਕਿ ਮੰਗਲਵਾਰ ਪੁਲਸ ਵਲੋਂ 20 ਦੇ ਕਰੀਬ ਚਲਾਨ ਕੱਟੇ ਜਾ ਚੁੱਕੇ ਹਨ ਤੇ ਪੁਲਸ ਵਲੋਂ ਇਸ ਮੁਹਿੰਮ ਨੂੰ ਲਗਾਤਾਰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਇਕ ਵਾਰ ਮਾਪਿਆਂ ਨੂੰ ਅਪੀਲ ਕੀਤੀ ਕਿ ਕਾਰਵਾਈ ਤੋਂ ਬਚਣ ਲਈ ਨਾਬਾਲਿਗ ਬੱਚਿਆਂ ਹੱਥ ਵਾਹਨ ਨਾ ਦੇਣ। ਇਸ ਤੋਂ ਬਿਨਾਂ ਸਾਰੇ ਵਾਹਨ ਚਾਲਕ ਆਪਣੇ ਕਾਗਜਾਤ ਪੂਰੇ ਰੱਖਣ। ਇਸ ਮੌਕੇ ਟ੍ਰੈਫਿਕ ਮੁਣਸ਼ੀ ਮਨਪ੍ਰੀਤ ਸਿੰਘ ਵੀ ਹਾਜਰ ਸੀ।

## ਪੁਰਾਣੀ ਰੰਜਿਸ ਦੇ ਚੱਲਦਿਆਂ ਚੱਲੀਆਂ ਤਾਬੜਤੋੜ ਗੋਲੀਆਂ

ਲੋਪੋਕੇ 14 ਸਤੰਬਰ। ਪੁਲਸ ਥਾਣਾ ਲੋਪੋਕੇ ਅਧੀਨ ਪੈਂਦੇ ਪਿੰਡ ਚੱਕ ਮਿਸਰੀ ਖਾਂ ਵਿਖੇ ਪੁਰਾਣੀ ਰੰਜਿਸ ਦੇ ਚਲਦਿਆਂ ਗੋਲੀ ਚੱਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਰਾਜ ਸਿੰਘ ਪਿੰਡ ਚੱਕ ਮਿਸਰੀ ਖਾਂ ਨੇ ਦੱਸਿਆ ਕਿ ਪ੍ਰਿੰਸ, ਦੀਪੂ, ਲੱਭੂ, ਰਾਜਾ, ਤੇਜੀ ਪਿੰਡ ਚੱਕ ਮਿਸਰੀ ਖਾਂ, ਜੋ ਕਿ ਸਾਡੇ ਨਾਲ ਪੁਰਾਣੀ ਰੰਜਿਸ ਰੱਖਦੇ ਸਨ, ਉਨ੍ਹਾਂ ਵੱਲੋਂ 20 ਦੇ ਕਰੀਬ ਅਣਪਛਾਤੇ ਵਿਅਕਤੀਆਂ ਨੂੰ ਲੈ ਕੇ , ਜਿਨ੍ਹਾਂ ਕੋਲ ਦੋ ਪਿਸਤੌਲਾਂ,



ਇਕ ਰਾਈਫਲ ਤੇ ਹੋਰ ਤੇਜ ਹਥਿਆਰ ਸਨ, ਨੇ ਸਾਡੇ ਘਰ ਦੇ ਸਾਹਮਣੇ ਸਾਨੂੰ ਗਾਲੀ-ਗਲੋਚ ਕਰਦਿਆਂ ਸਾਡੇ ਉੱਪਰ ਗੋਲੀਆਂ ਚਲਾਉਣੀਆਂ ਸੁਰੂ ਕਰ ਦਿੱਤੀਆਂ। ਅਸੀਂ ਉਥੋਂ ਭੱਜ ਕੇ ਆਪਣੀਆਂ ਜਾਨਾਂ ਬਚਾਈਆਂ। ਰਾਜ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਸਾਨੂੰ ਜਾਨੋ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ ਸਨ। ਇਸ ਸਬੰਧੀ ਵਿਰੋਧੀ ਧਿਰ ਦੇ ਮਨਦੀਪ ਸਿੰਘ ਨੇ ਆਪਣੇ ਉੱਪਰ ਲੱਗੇ ਦੋਸਾਂ ਨੂੰ ਨਕਾਰਦਿਆਂ ਕਿਹਾ ਕਿ ਅਸੀਂ ਕਿਸੇ ਵੀ ਵਿਅਕਤੀ ’ਤੇ ਕੋਈ ਗੋਲੀ ਨਹੀਂ ਚਲਾਈ। ਉਲਟਾ ਇਨ੍ਹਾਂ ਵਿਅਕਤੀਆਂ ਵੱਲੋਂ ਮੇਰੇ ਭਰਾ ਜਸਕਰਨ ਸਿੰਘ ਤੇ ਲਵਪ੍ਰੀਤ ਸਿੰਘ, ਜੋ ਕਿ ਆਪਣੀ ਦੁਕਾਨ ਉੱਪਰ ਬੈਠੇ ਹੋਏ ਸਨ, ਉੱਪਰ ਰਾਜ ਸਿੰਘ ਵੱਲੋਂ ਕੁਝ ਵਿਅਕਤੀਆਂ ਨੂੰ ਆਪਣੇ ਨਾਲ ਲੈ ਕੇ ਹਮਲਾ ਕਰ ਦਿੱਤਾ। ਇਸ ਵਿਚ ਲਵਪ੍ਰੀਤ ਸਿੰਘ ਦੇ ਸੱਟਾਂ ਲੱਗੀਆਂ ਹਨ, ਜੋ ਕਿ ਹਸਪਤਾਲ ਵਿਚ ਜੇਰੇ ਇਲਾਜ ਹੈ।

## ਲੱਖਾਂ ਤੋਂ ਸ਼ੁਰੂ ਹੋਇਆ ਪੀ. ਜੀ. ਆਈ. ਦਾ ਆਨਲਾਈਨ ਡੋਨੇਸ਼ਨ

ਚੰਡੀਗੜ੍ਹ, 14 ਸਤੰਬਰ। ਪੀ. ਜੀ. ਆਈ. ਦਾ ਪੂਅਰ ਪੇਸ਼ੈਂਟ ਅਸਿਸਟੈਂਸ ਸੈੱਲ ਦੋ ਦਹਾਕੇ ਤੋਂ ਵੱਧ ਸਮੇਂ ਤੋਂ ਆਰਥਿਕ ਰੂਪ ਤੋਂ ਕਮਜ਼ੋਰ ਮਰੀਜ਼ਾਂ ਦੀ ਮਦਦ ਕਰਦਾ ਆ ਰਿਹਾ ਹੈ। ਐਕਸੀਡੈਂਟ, ਟ੍ਰਾਮਾ, ਐਮਰਜੈਂਸੀ, ਕਿਡਨੀ ਅਤੇ ਵਾਰਡਾਂ ’ਚ ਦਾਖਲ ਗੰਭੀਰ ਮਰੀਜ਼ਾਂ ਦੀ ਆਰਥਿਕ ਮਦਦ ਕੀਤੀ ਜਾਂਦੀ ਹੈ। ਪੀ. ਜੀ. ਆਈ. ਨੇ ਸਾਲ 2018 ’ਚ ਆਨਲਾਈਨ ਡੋਨੇਸ਼ਨ ਸੂਰੂ ਕੀਤਾ ਸੀ। ਸ਼ੁਰੂਆਤ ’ਚ ਡੋਨੇਸ਼ਨ ਲੱਖਾਂ ’ਚ ਆਉਂਦਾ ਸੀ। ਇਸ ਦੇ ਨਾਲ ਹੀ ਸਾਲ 2023 ਤੋਂ 2024 ’ਚ ਆਨਲਾਈਨ ਡੋਨੇਸ਼ਨ ਕਰੋੜਾਂ ਤੱਕ ਪਹੁੰਚ ਗਿਆ, ਜੋ ਹੁਣ ਤੱਕ ਦਾ ਸਭ ਤੋਂ ਵੱਧ ਹੈ। ਇਸ ਸਮੇਂ ਦੌਰਾਨ 2,31,49,766 ਰੁਪਏ ਆਨਲਾਈਨ ਡੋਨੇਸ਼ਨ ਰਾਹੀਂ ਪ੍ਰਾਪਤ ਹੋਏ। ਹਾਈਕੋਰਟ ਨੇ ਵੀ ਜੁਰਮਾਨੇ ਵਾਲੇ ਲੋਕਾਂ ਨੂੰ ਵੀ ਗਰੀਬ ਮਰੀਜ਼ ਫੰਡ ’ਚ ਜੁਰਮਾਨਾ ਜਮ੍ਹਾਂ ਕਰਨ ਦਾ ਨਿਰਦੇਸ਼ ਦਿੱਤਾ ਹੋਇਆ ਹੈ, ਜੋ ਮਰੀਜਾਂ ਦੇ ਇਲਾਜ ‘ਤੇ ਖਰਚਿਆ ਜਾਂਦਾ ਹੈ। ਪੂਅਰ ਪੇਸ਼ੈਂਟ ਸੈੱਲ ਹਰ ਸਾਲ ਗਰੀਬੀ ਰੇਖਾ ਤੋਂ ਹੇਠਾਂ 10 ਹਜਾਰ ਮਰੀਜਾਂ ਦਾ ਖਰਚਾ ਹੀ ਨਹੀਂ ਚੁੱਕਦਾ, ਸਗੋਂ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੇਣ ’ਚ ਵੀ ਮਦਦ ਕਰ ਰਿਹਾ ਹੈ। ਪਬਲਿਕ ਡੋਨੇਸ਼ਨ, ਸਰਕਾਰੀ ਗ੍ਰਾਂਟ ਤੇ ਪੇਸ਼ੈਂਟ ਹਦਾਇਤਾਂ ਰਾਹੀਂ ਗਰੀਬੀ ਰੇਖਾ ਤੋਂ ਹੇਠਾਂ ਇਨ੍ਹਾਂ ਮਰੀਜ਼ਾਂ ਦੀ ਮਦਦ ਕੀਤੀ ਜਾਂਦੀ ਹੈ। ਐਕਸੀਡੈਂਟਲ, ਟ੍ਰਾਮਾ, ਐਮਰਜੈਂਸੀ, ਕਿਡਨੀ, ਵਾਰਡਾਂ ’ਚ ਦਾਖਲ ਗੰਭੀਰ ਮਰੀਜ, ਨਿਊਰੋ ਨਾਲ ਸਬੰਧਿਤ ਬਿਮਾਰੀਆਂ ਦੇ ਨਾਲ-ਨਾਲ ਹੋਰ ਕਈ ਬਿਮਾਰੀਆਂ ਤੋਂ ਪੀੜਤ ਗਰੀਬ ਮਰੀਜਾਂ ਦੀ ਇਸ ਸੈੱਲ ਵੱਲੋਂ ਮਦਦ ਕੀਤੀ ਜਾਂਦੀ ਹੈ ਪਰ ਪੀ.ਜੀ.ਆਈ. ਪ੍ਰਸਾਸਨ ਦੀ ਪਹਿਲ ਐਮਰਜੈਂਸੀ ਤੇ ਜਾਨਲੇਵਾ ਬਿਮਾਰੀਆਂ ਤੋਂ ਮਰੀਜ਼ਾਂ ਦੀ ਜਾਨ ਬਚਾਉਣਾ ਹੈ।

## ਰਾਮਬਾਗ ਥਾਣੇ ਤੋਂ 50 ਮੀਟਰ ਦੀ ਦੂਰੀ ’ਤੇ ਬਣਿਆ ਨਾਜਾਇਜ ਸਰਾਬ ਦਾ ਅੱਡਾ

ਅੰਮ੍ਰਿਤਸਰ 14 ਸਤੰਬਰ। ਅੰਮ੍ਰਿਤਸਰ ਦੇ ਰਾਮਬਾਗ ਇਲਾਕੇ ਵਿਚ ਦੇਸੀ ਤੇ ਅੰਗਰੇਜੀ ਸਰਾਬ ਦੇ ਨਾਜਾਇਜ ਵਿਕ੍ਰੇਤਾਵਾਂ ਨੇ ਇੰਨਾ ਕਹਿਰ ਮਚਾਇਆ ਹੋਇਆ ਹੈ ਕਿ ਲੋਕ ਉਥੋਂ ਇਲਾਕਾ ਛੱਡਣ ਲਈ ਮਜਬੂਰ ਹਨ। ਹਾਲਾਤ ਇਹ ਬਣ ਗਏ ਹਨ ਕਿ ਇਲਾਕਾ ਨਿਵਾਸੀਆਂ ਦਾ ਕੋਈ ਵੀ ਰਿਸਤੇਦਾਰ ਜਾਂ ਜਾਣਕਾਰ ਇਸ ਇਲਾਕੇ ਵਿਚ ਆਉਣ ਨੂੰ ਤਿਆਰ ਨਹੀਂ ਹੈ। ਇਸ ਤੋਂ ਵੱਡੀ ਗੱਲ ਇਹ ਹੈ ਕਿ ਇਹ ਇਲਾਕਾ ਕੋਟ ਆਤਮਾ ਸਿੰਘ ਹੈ, ਜੋ ਕਿ ਰਾਮਬਾਗ ਥਾਣੇ ਤੋਂ ਮਹਿਜ 50 ਮੀਟਰ ਦੀ ਦੂਰੀ ’ਤੇ ਹੈ ਅਤੇ ਜੇਕਰ ਕੋਈ ਆਮ ਵਿਅਕਤੀ ਥਾਣੇ ਤੋਂ ਫੋਨ ਕਰਦਾ ਹੈ ਤਾਂ ਉਸ ਇਲਾਕੇ ’ਚ ਉਸ ਦੀ ਆਵਾਜ ਸੁਣਾਈ ਦਿੰਦੀ ਹੈ ਪਰ ਹੈਰਾਨੀ ਦੀ ਗੱਲ ਹੈ ਕਿ ਸੈਂਕੜੇ ਲੋਕਾਂ ਦੀ ਆਵਾਜ ਅਤੇ ਸ਼ਿਕਾਇਤ ਥਾਣੇਦਾਰ ਨੂੰ ਕਿਉਂ ਨਹੀਂ ਸੁਣਦੀ? ਇਲਾਕਾ ਨਿਵਾਸੀਆਂ ਨੇ ਇਸ ਸਬੰਧੀ ਨਾਅਰੇਬਾਜੀ ਵੀ ਕੀਤੀ। ਰਾਮਬਾਗ ਥਾਣੇ ਦੇ ਸਾਹਮਣੇ ਚਰਚ ਦੇ ਨਾਲ ਲੱਗਦੀ ਗਲੀ, ਜਿੱਥੇ ਵੱਡੀ ਗਿਣਤੀ ’ਚ ਗੋਦਾਮ ਸਨ, ਇਨ੍ਹਾਂ ਸਰਾਬ ਵੇਚਣ ਵਾਲਿਆਂ ਕਾਰਨ



ਬਹੁਤ ਸਾਰੇ ਲੋਕ ਇਲਾਕਾ ਛੱਡ ਕੇ ਜਾ ਚੁੱਕੇ ਹਨ। ਅਜਿਹੇ ਦੋਸ ਲਾਉਂਦਿਆਂ ਇਲਾਕਾ ਵਾਸੀਆਂ ਨੇ ਕਿਹਾ ਕਿ ਇਸ ਸਬੰਧੀ ਰਾਮਬਾਗ ਪੁਲਸ ਨੂੰ ਵਾਰ-ਵਾਰ ਜਾਣੂ ਕਰਵਾਇਆ ਗਿਆ ਹੈ ਪਰ ਕੋਈ ਅਸਰ ਨਹੀਂ ਹੋ ਰਿਹਾ। ਇਲਾਕਾ ਨਿਵਾਸੀਆਂ, ਜਿਸ ਵਿਚ ਜ਼ਿਆਦਾਤਰ ਔਰਤਾਂ ਪ੍ਰੇਸਾਨ ਹਨ, ਦਾ ਕਹਿਣਾ ਹੈ ਕਿ ਸਰਾਬ ਵੇਚਣ ਵਾਲਿਆਂ ਦਾ ਖੁੱਲ੍ਹੇਆਮ ਕਹਿਣਾ ਹੈ ਕਿ ਥਾਣੇ ਦੇ ਲੋਕ ਲਗਾਤਾਰ ਉਨ੍ਹਾਂ ਤੋਂ ਸਰਾਬ ਵੇਚਣ ਦੇ ਪੈਸੇ ਲੈਂਦੇ ਹਨ, ਉਹ ਜਿੰਨੀਆਂ ਮਰਜੀ ਸ਼ਿਕਾਇਤਾਂ ਕਰ ਲੈਣ, ਇਸ ਦਾ ਕੋਈ ਅਸਰ ਨਹੀਂ ਹੋਵੇਗਾ। ਇਸ ਇਲਾਕੇ ਦੇ ਰਹਿਣ ਵਾਲੇ ਸੇਵਾਮੁਕਤ ਥਾਣੇਦਾਰ ਅਸਵਨੀ ਕੁਮਾਰ ਸਰਮਾ ਨੇ ਕਿਹਾ ਹੈ ਕਿ ਮੈਂ ਸਾਰੀ ਉਮਰ ਪੁਲਸ ਵਿਚ ਕੰਮ ਕੀਤਾ ਹੈ ਪਰ ਰਿਸਵਤਖੋਰੀ ਦਾ ਇੰਨਾ ਵੱਡਾ ਅਸਰ ਪਹਿਲਾਂ ਕਦੇ ਨਹੀਂ ਦੇਖਿਆ। ਉਨ੍ਹਾਂ ਕਿਹਾ ਕਿ ਸਰਾਬ ਸਮੱਗਲਰਾਂ ਦਾ ਮਨੋਬਲ ਇੰਨਾ ਵੱਧ ਗਿਆ ਹੈ ਕਿ ਉਹ ਆਬਕਾਰੀ ਅਧਿਕਾਰੀਆਂ ’ਤੇ ਵੀ ਹਮਲਾ ਕਰ ਦਿੰਦੇ ਹਨ, ਇਸ ਸਬੰਧੀ ਪੁਲਸ ਨੇ ਮਾਮਲਾ ਵੀ ਦਰਜ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਵਿਭਾਗ ਇੱਥੇ ਛਾਪੇਮਾਰੀ ਕਰਨ ਲਈ ਆਉਣ ਦੀ ਯੋਜਨਾ ਬਣਾਉਂਦਾ ਹੈ ਤਾਂ ‘ਕਾਲੀਆਂ ਭੇਡਾਂ’ ਤੁਰੰਤ ਉਨ੍ਹਾਂ ਨੂੰ ਸੂਚਿਤ ਕਰ ਦਿੰਦੀਆਂ ਹਨ।

## ਪਹਿਲੀ ਪਤਨੀ ਦੇ ਹੁੰਦਿਆਂ ਕਰਵਾ ਲਿਆ ਦੂਜਾ ਵਿਆਹ, ਫਿਰ ਜੋ ਹੋਇਆ ਸੁਣ ਨਹੀਂ ਹੋਵੇਗਾ ਯਕੀਨ

ਅੰਮ੍ਰਿਤਸਰ 14 ਸਤੰਬਰ। ਅੰਮ੍ਰਿਤਸਰ ਵਿਖੇ ਇਕ ਵਿਅਕਤੀ ਵੱਲੋਂ ਬਿਨਾਂ ਤਲਾਕ ਲਏ ਦੋ ਵਿਆਹ ਕਰਵਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਕ ਮਜੀਠਾ ਰੋਡ ‘ਤੇ ਸਥਿਤ ਇਕ ਇਲਾਕੇ ਦੇ ਰਹਿਣ ਵਾਲੇ ਇਕ ਵਿਅਕਤੀ ਨੇ ਪਹਿਲਾ ਵਿਆਹ ਪੰਜਾਬ ਵਿਚ ਜਦਕਿ ਦੂਜਾ ਵਿਆਹ ਹਿਮਾਚਲ ਪ੍ਰਦੇਸ਼ ਦੀ ਰਹਿਣ ਵਾਲੀ ਇਕ ਮਹਿਲਾ ਨਾਲ ਕਰਵਾਇਆ। ਦੂਜੇ ਵਿਆਹ ਵਾਲੀ ਪਤਨੀ ਨੇ ਹਿਮਾਚਲ ਪ੍ਰਦੇਸ਼ ਤੋਂ ਪੰਜਾਬ ਆ ਕੇ ਵਿਅਕਤੀ ਦੀ ਪਹਿਲੀ ਪਤਨੀ ਦੇ ਘਰ ਜਾ ਕੇ ਖੂਬ ਹੰਗਾਮਾ ਕੀਤਾ। ਦੂਜਾ ਵਿਆਹ ਕਰਵਾਉਣ ਦਾ ਕਾਰਨ ਪਹਿਲੀ ਪਤਨੀ ਵਿਚੋਂ ਪੁੱਤਰ ਦਾ ਨਾ ਹੋਣ ਦੱਸਿਆ ਜਾ ਰਿਹਾ ਹੈ, ਜਿਸ ਕਰਕੇ ਉਕਤ ਵਿਅਕਤੀ ਨੇ ਹਿਮਾਚਲ ਵਿਚ ਦੂਜਾ ਵਿਆਹ ਕਰਵਾ ਲਿਆ। ਉਥੇ ਹੀ ਪਹਿਲੀ ਪਤਨੀ ਨਾਲ ਕੁੱਟਮਾਰ ਵੀ ਕੀਤੀ ਗਈ ਅਤੇ ਉਸ ਨੂੰ ਡੂੰਘੇ ਜਖਮ ਦਿੱਤੇ ਗਏ। ਇਹ ਸਾਰੀ ਘਟਨਾ ਉਥੇ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਗਈ ਹੈ। ਪਹਿਲੀ ਪਤਨੀ ਰੀਤੂ ਵੱਲੋਂ ਪੁਲਸ ਵਿਚ ਸ਼ਿਕਾਇਤ ਦਰਜ ਕਰਵਾਈ ਗਈ ਹੈ। ਰੀਤੂ ਦਾ ਦੋਸ਼ ਹੈ ਕਿ ਪੁਲਸ ਵੱਲੋਂ ਉਸ ਦੇ ਮਾਮਲੇ ਵਿਚ ਕੋਈ ਕਾਰਵਾਈ ਅਮਲ ਵਿਚ ਨਹੀਂ ਲਿਆਂਦੀ ਗਈ।

## ਫਸਟ-ਏਡ ਕਿੱਟਾਂ ਨਾਲ ਲੈਸ ਜਲੰਧਰ ਦੇ ਵੱਖ-ਵੱਖ ਥਾਣਿਆਂ ਨੂੰ 14 ਮੋਟਰਸਾਈਕਲ ਮਿਲੇ

ਜਲੰਧਰ 14 ਸਤੰਬਰ। ਜਲੰਧਰ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਸ੍ਰੀ ਮਨਮੋਹਨ ਸਿੰਘ ਪੀ. ਪੀ. ਐੱਸ. , ਏ. ਸੀ. ਪੀ. ਹੈੱਡ ਕੁਆਰਟਰ ਨਾਲ ਪੁਲਸ ਲਾਈਨ ਜਲੰਧਰ ਵਿਖੇ ਆਯੋਜਿਤ ਇਕ ਵਿਸੇਸ ਸਮਾਰੋਹ ਦੌਰਾਨ 14 ਐਮਰਜੈਂਸੀ ਰਿਸਪਾਂਸ ਸਿਸਟਮ ਮੋਟਰਸਾਈਕਲਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਈ. ਆਰ. ਐੱਸ. ਮੋਟਰਸਾਈਕਲ ਖਾਸ ਤੌਰ ‘ਤੇ ਪੁਲਸ ਬਲ ਦੀ ਐਮਰਜੈਂਸੀ ਰਿਸਪਾਂਸ ਸਿਸਟਮ ਸਮਰੱਥਾਵਾਂ ਨੂੰ ਵਧਾਉਣ ਲਈ ਤਿਆਰ ਕੀਤੇ ਗਏ ਹਨ, ਖਾਸ ਤੌਰ ‘ਤੇ ਸੰਘਣੀ ਆਵਾਜਾਈ ਵਾਲੇ ਖੇਤਰਾਂ ਜਾਂ ਤੰਗ ਸੜਕਾਂ ਵਾਲੇ ਖੇਤਰਾਂ ਵਿੱਚ ਜਿੱਥੇ ਵੱਡੇ ਵਾਹਨਾਂ ਨੂੰ ਮੁਸਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਮੋਟਰਸਾਈਕਲ ਸਹਿਰ ਦੇ ਸਾਰੇ 14 ਥਾਣਿਆਂ ਨੂੰ ਅਲਾਟ ਕੀਤੇ ਗਏ ਹਨ। ਹਰ ਥਾਣੇ ਨੂੰ ਇਕ-ਇਕ ਮੋਟਰਸਾਈਕਲ ਸੌਂਪਿਆ ਗਿਆ ਹੈ। ਪ੍ਰਤੀ ਮੋਟਰਸਾਈਕਲ ਦੋ ਪੁਲਸ ਮੁਲਾਜਮ ਨਿਯੁਕਤ ਕੀਤੇ ਗਏ ਹਨ ਅਤੇ ਉਹ ਆਪਣੀ ਬੀਟ ‘ਤੇ ਕੰਮ ਕਰਨਗੇ, ਚੈਕਿੰਗ ਕਰਨਗੇ ਅਤੇ ਯਕੀਨੀ ਬਣਾਉਣਗੇ। ਉਨ੍ਹਾਂ ਦੱਸਿਆ ਕਿ ਇਹ ਮੋਟਰਸਾਈਕਲ ਉੱਨਤ ਸੰਚਾਰ ਪ੍ਰਣਾਲੀਆਂ ਅਤੇ



ਗਸਤ ਕਰਨਗੇ। ਇਹ ਮੋਟਰਸਾਈਕਲ ਮੌਜੂਦਾ ਪੁਲਸ ਬੁਨਿਆਦੀ ਢਾਂਚੇ ਦੇ ਪੂਰਕ ਹੋਣਗੇ ਅਤੇ ਪੁਲਸ ਹੈਲਪਲਾਈਨ ਨੰਬਰਾਂ ‘ਤੇ ਕੀਤੀਆਂ ਐਮਰਜੈਂਸੀ ਕਾਲਾਂ ਲਈ ਤੁਰੰਤ ਅਤੇ ਪ੍ਰਭਾਵੀ ਜਵਾਬ ਨੂੰ ਫਸਟ-ਏਡ ਕਿੱਟਾਂ ਨਾਲ ਲੈਸ ਹਨ, ਜਿਸ ਨਾਲ ਅਧਿਕਾਰੀਆਂ ਨੂੰ ਘਟਨਾ ਸਥਾਨ ‘ਤੇ ਤੁਰੰਤ ਸਹਾਇਤਾ ਪ੍ਰਦਾਨ ਕਰਨ ਦੇ ਯੋਗ ਬਣਾਇਆ ਗਿਆ ਹੈ। ਮੋਟਰਸਾਈਕਲਾਂ ਦੇ ਸੰਗ੍ਰਹਿ ਵਿੱਚ 10 ਟੀ. ਵੀ. ਐੱਸ. ਅਪਾਚੇ ਮੋਟਰਸਾਈਕਲ ਅਤੇ 4 ਹੌਂਡਾ ਲਿਵਾ ਮੋਟਰਸਾਈਕਲ ਸਾਮਲ ਹਨ, ਜੋ ਸਹਿਰੀ ਅਤੇ ਉਪਨਗਰੀ ਗਸਤ ਦੋਵਾਂ ਲਈ ਢੁੱਕਵੇਂ ਹਨ।

## ਲੁਧਿਆਣਾ ਰਹਿੰਦੇ ਰਿਸ਼ਤੇਦਾਰਾਂ ਨੂੰ ਮਿਲਣ ਆਈ ਦਿੱਲੀ ਦੀ ਔਰਤ ਨਾਲ ਹੋ ਗਿਆ ਕਾਂਡ

ਲੁਧਿਆਣਾ 14 ਸਤੰਬਰ। ਮਾਡਲ ਟਾਊਨ ਦੇ ਇਲਾਕੇ ਗੁਲਾਟੀ ਚੌਕ ਵਿਚ ਬੇਖੌਫ ਲੁਟੇਰਾ ਪੈਦਲ ਜਾ ਰਹੀ ਔਰਤ ਦੇ ਗਲੇ ‘ਚੋਂ ਸੋਨੇ ਦੀ ਚੇਨ ਖੋਹ ਕੇ ਫਰਾਰ ਹੋ ਗਿਆ। ਮਹਿਲਾ ਨੇ ਲੁਟੇਰੇ ਨੂੰ ਫੜਣ ਲਈ ਕਾਫੀ ਸ਼ੋਰ ਮਚਾਇਆ, ਪਰ ਉਹ ਫਰਾਰ ਹੋ ਗਿਆ। ਸੂਚਨਾ ਮਿਲਣ ਮਗਰੋਂ ਮੌਕੇ ‘ਤੇ ਪਹੁੰਚੀ ਥਾਣਾ ਮਾਡਲ ਟਾਊਨ ਦੀ ਪੁਲਸ ਨੇ ਮੌਕੇ ਦੇ ਮੁਆਇਣਾ ਕਰਨ



ਮਗਰੋਂ ਮਾਮਲਾ ਦਰਜ ਕਰ ਲਿਆ। ਪੁਲਸ ਨੇ ਜੀਵਨ ਪਾਰਕ ਪੱਖਾ ਰੋਡ ਨਵੀਂ ਦਿੱਲੀ ਦੀ ਰਹਿਣ ਵਾਲੀ ਸੀਮਾ ਗੋਗਨਾ ਦੇ ਬਿਆਨ ‘ਤੇ ਮਾਮਲਾ ਦਰਜ ਕਰ ਲਿਆ ਹੈ। ਸੀਮਾ ਨੇ ਪੁਲਸ ਨੂੰ ਦਿੱਤੇ ਬਿਆਨ ਵਿਚ ਦੱਸਿਆ ਕਿ ਉਹ ਨਵੀਂ ਦਿੱਲੀ ਤੋਂ ਆਪਣੇ ਰਿਸ਼ਤੇਦਾਰ ਦੇ ਘਰ ਆਈ ਹੋਈ ਸੀ। 8 ਸਤੰਬਰ ਨੂੰ ਉਹ ਆਪਣੀ ਧੀ ਦਾਮਨੀ ਦੇ ਨਾਲ ਪੈਦਲ ਹੀ ਗੁਲਾਟੀ ਚੌਕ ਨੇੜੇ ਜਾ ਰਹੀ ਸੀ ਤਾਂ ਮਗਰੋਂ ਮੋਟਰਸਾਈਕਲ ਸਵਾਰ ਨੌਜਵਾਨ ਆਇਆ ਅਤੇ ਉਸ ਦੇ ਗਲੇ ‘ਚੋਂ ਸੋਨੇ ਦੀ ਚੇਨ ਖੋਹ ਕੇ ਫਰਾਰ ਹੋ ਗਿਆ। ਮਾਮਲੇ ਦੀ ਜਾਂਚ ਕਰ ਰਹੇ ਹੈੱਡ ਕਾਂਸਟੇਬਲ ਹਰਵਿੰਦਰ ਸਿੰਘ ਨੇ ਦੱਸਿਆ ਕਿ ਮੌਕੇ ‘ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਚੈੱਕ ਕਰ ਲੁਟੇਰਿਆਂ ਦੀ ਪਛਾਣ ਕਰ ਲਈ ਗਈ ਹੈ। ਮੁਲਜਮ ਨੂੰ ਛੇਤੀ ਹੀ ਕਾਬੂ ਕਰ ਲਿਆ ਜਾਵੇਗਾ।

## ਵੈਸਟ ਵਿਧਾਨ ਸਭਾ ਹਲਕੇ ਦੀ ਫਿਰ ਅਣਦੇਖੀ ਕਰਨ ਲੱਗੇ ਅਧਿਕਾਰੀ, 120 ਫੁੱਟ ਰੋਡ ਦੇ ਹਾਲਾਤ ਖਰਾਬ ਹੋਣ ਲੱਗੇ

ਜਲੰਧਰ 14 ਸਤੰਬਰ। ਕੁਝ ਮਹੀਨੇ ਪਹਿਲਾਂ ਵੈਸਟ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਦੌਰਾਨ ਸੱਤਾ ਧਿਰ ਪਾਰਟੀ ਆਮ ਆਦਮੀ ਪਾਰਟੀ ਨੂੰ ਆਪਣਾ ਉਮੀਦਵਾਰ ਜਿਤਾਉਣ ਲਈ ਅੱਡੀ-ਚੋਟੀ ਦਾ ਜੋਰ ਲਗਾਉਣਾ ਪਿਆ ਸੀ। ਉਦੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਮਿਹਨਤ ਕਰਕੇ ਅਤੇ ਗਲੀ-ਗਲੀ ਘੁੰਮ ਕੇ ਇਸ ਉਪ ਚੋਣ ਵਿਚ ‘ਆਪ’ ਉਮੀਦਵਾਰ ਦੀ ਜਿੱਤ ਯਕੀਨੀ ਕੀਤੀ ਸੀ। ਇਸ ਉਪ ਚੋਣ ਦੌਰਾਨ ਸਾਫ ਹੋ ਗਿਆ ਸੀ ਕਿ ਜਲੰਧਰ ਨਿਗਮ ਨੇ ਪਿਛਲੇ ਲੰਮੇ ਸਮੇਂ ਤੋਂ ਵੈਸਟ ਵਿਧਾਨ ਸਭਾ ਹਲਕੇ ਦੀ ਅਣਦੇਖੀ ਕੀਤੀ ਹੋਈ ਸੀ, ਜਿਸ ਕਾਰਨ ਵੈਸਟ ਵਿਚ ਸਮੱਸਿਆਵਾਂ ਦੀ ਭਰਮਾਰ ਸੀ। ਦਰਜਨਾਂ ਮੁਹੱਲੇ ਅਜਿਹੇ ਸਨ, ਜਿੱਥੇ ਬੰਦ ਸੀਵਰੇਜ ਦੀ ਸਮੱਸਿਆ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਰੱਖਿਆ ਸੀ। ਜ਼ਿਮਨੀ ਚੋਣ ਦੌਰਾਨ ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਪੰਜਾਬ ਦੇ ਕਈ ਸ਼ਹਿਰਾਂ ਤੋਂ ਮਸ਼ੀਨਰੀ ਮੰਗਵਾ ਕੇ ਵੈਸਟ ਵਿਧਾਨ ਸਭਾ ਹਲਕੇ ਦੀਆਂ ਸਮੱਸਿਆਵਾਂ ਨੂੰ ਦੂਰ ਕੀਤਾ ਗਿਆ। ਜ਼ਿਮਨੀ ਚੋਣ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਹਿੰਦਰ ਭਗਤ ਦੀ ਜਿੱਤ ਹੋਈ ਅਤੇ ਉਨ੍ਹਾਂ ਨੇ ਨਗਰ ਨਿਗਮ ਦੀ ਕਾਰਗੁਜਾਰੀ ਨੂੰ ਸੁਧਾਰਨ ਦਾ ਯਤਨ ਵੀ ਸ਼ੁਰੂ ਕਰ ਦਿੱਤਾ ਹੈ ਪਰ ਫਿਰ ਵੀ ਜਲੰਧਰ ਨਿਗਮ ਦੇ ਜ਼ਿਆਦਾਤਰ ਅਧਿਕਾਰੀ ਵੈਸਟ ਵਿਧਾਨ ਸਭਾ ਹਲਕੇ ਦੀ ਦੁਬਾਰਾ ਅਣਦੇਖੀ ਕਰਨ ਲੱਗੇ ਹਨ,



ਜਿਸ ਕਾਰਨ ਆਮ ਆਦਮੀ ਪਾਰਟੀ ਦਾ ਅਕਸ ਪ੍ਰਭਾਵਿਤ ਹੋ ਰਿਹਾ ਹੈ। ਇਸ ਕਾਰਨ ਆਮ ਆਦਮੀ ਪਾਰਟੀ ਅਤੇ ਵਿਧਾਇਕ ਮਹਿੰਦਰ ਭਗਤ ਵਿਰੁੱਧ ਰੋਜ ਕੋਈ ਨਾ ਕੋਈ ਪ੍ਰਦਰਸ਼ਨ ਹੋ ਰਿਹਾ ਹੈ। ਇਨ੍ਹੀਂ ਦਿਨੀਂ ਫਿਰ ਵੈਸਟ ਵਿਧਾਨ ਸਭਾ ਹਲਕੇ ਤਹਿਤ ਆਉਂਦੀ 120 ਫੁੱਟ ਰੋਡ ਦੇ ਹਾਲਾਤ ਖਰਾਬ ਹੋਣੇ ਸ਼ੁਰੂ ਹੋ ਗਏ ਹਨ। ਬਾਬੂ ਜਗਜੀਵਨ ਰਾਮ ਚੌਕ ’ਤੇ ਲੂਥਰਾ ਨਿਵਾਸ ਤੋਂ ਜੋ ਸੜਕ ਬਬਰੀਕ ਚੌਕ ਵੱਲ ਜਾਂਦੀ ਹੈ, ਉਥੇ ਕੁਝ ਸਮਾਂ ਪਹਿਲਾਂ ਸੀਵਰ ਲਾਈਨ ਪਾਈ ਗਈ ਸੀ ਪਰ ਉਥੇ ਸੜਕ ਨਿਰਮਾਣ ਦਾ ਕੰਮ ਪੂਰਾ ਨਹੀਂ ਕੀਤਾ ਗਿਆ। ਹੁਣ ਉਥੇ ਸੀਵਰੇਜ ਜਾਮ ਵਰਗੀ ਸਥਿਤੀ ਹੈ ਅਤੇ ਚਿੱਕੜ ਅਤੇ ਦਲਦਲ ਕਾਰਨ ਉਸ ਇਲਾਕੇ ਵਿਚ ਰਹਿਣ ਵਾਲੇ ਲੋਕ ਕਾਫੀ ਪ੍ਰੇਸ਼ਾਨ ਹਨ। ਇਸੇ ਤਰ੍ਹਾਂ 120 ਫੁੱਟ ਰੋਡ ’ਤੇ ਜਲੰਧਰ ਨਿਗਮ ਨੇ ਸਮਾਰਟ ਰੋਡ ਦਾ ਕੰਮ ਕਰਵਾਇਆ ਸੀ ਪਰ ਤਾਰਾ ਪੈਲੇਸ ਦੇ ਨੇੜੇ ਸਮਾਰਟ ਰੋਡ ਵੀ ਬੈਠਣੀ ਸ਼ੁਰੂ ਹੋ ਗਈ ਹੈ। ਇਸ ਕਾਰਨ ਉਥੇ ਵੱਡਾ ਹਾਦਸਾ ਤਕ ਹੋ ਸਕਦਾ ਹੈ। ਜ਼ਿਕਰਯੋਗ ਹੈ ਕਿ ਇਸ ਥਾਂ ’ਤੇ ਪਾਣੀ ਦੀ ਲੀਕੇਜ ਹੋ ਰਹੀ ਹੈ ਪਰ ਕਈ ਦਿਨਾਂ ਤੋਂ ਨਗਰ ਨਿਗਮ ਦੇ ਅਧਿਕਾਰੀ ਇਸ ਫਾਲਟ ਨੂੰ ਦੂਰ ਨਹੀਂ ਕਰ ਰਹੇ। ਇਸ ਕਾਰਨ ਹਜਾਰਾਂ ਲਿਟਰ ਪੀਣ ਦਾ ਪਾਣੀ ਬਰਬਾਦ ਹੋ ਰਿਹਾ ਹੈ। ਵੈਸਟ ਵਿਧਾਨ ਸਭਾ ਹਲਕੇ ਤਹਿਤ ਆਉਂਦੇ ਗੁਰੂ ਨਾਨਕ ਨਗਰ ਅਤੇ ਸ਼ਾਮ ਨਗਰ ਦੇ ਲੋਕਾਂ ਨੂੰ ਪਿਛਲੇ 2 ਦਿਨਾਂ ਤੋਂ ਪੀਣ ਵਾਲਾ ਪਾਣੀ ਨਹੀਂ ਮਿਲ ਰਿਹਾ। ਲੋਕਾਂ ਨੇ ਦੱਸਿਆ ਕਿ ਪਾਣੀ ਸਪਲਾਈ ਕਰਨ ਵਾਲੇ ਟਿਊਬਵੈੱਲ ਦੀ ਮੋਟਰ ਖਰਾਬ ਹੋ ਗਈ ਹੈ, ਜਿਸ ਨੂੰ ਬਦਲਿਆ ਨਹੀਂ ਜਾ ਰਿਹਾ। ਇਸ ਕਾਰਨ ਲੋਕਾਂ ਨੂੰ ਦੂਰ ਸਥਿਤ ਮੁਹੱਲਾ ਅਮਨ ਨਗਰ ਤੋਂ ਪਾਣੀ ਭਰ ਕੇ ਲਿਆਉਣਾ ਪੈ ਰਿਹਾ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਆਪਣੀਆਂ ਹਰਕਤਾਂ ਤੋਂ ਬਾਜ ਨਹੀਂ ਆ ਰਿਹਾ ਪਾਕਿ, ਸਰਹੱਦ ਨੇੜਿਓਂ ਡਰੋਨ ਤੇ ਹੈਰੋਇਨ ਬਰਾਮਦ

ਤਰਨਤਾਰਨ 14 ਸਤੰਬਰ। ਗਵਾਂਢੀ ਦੇਸ ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ ਨਹੀਂ ਆ ਰਿਹਾ ਹੈ। ਜਿਸ ਦੇ ਚਲਦਿਆਂ ਸਰਹੱਦੀ ਇਲਾਕੇ ਵਿੱਚ ਡਰੋਨ ਬਰਾਮਦ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਇਸ ਦੀ ਇੱਕ ਹੋਰ ਤਾਜਾ ਮਿਸਾਲ ਉਸ ਵੇਲੇ ਵੇਖਣ ਨੂੰ ਮਿਲੀ ਜਦੋਂ ਭਾਰਤ ਪਾਕਿਸਤਾਨ ਸਰਹੱਦ ਨੇੜੇ ਖੇਤਾਂ ਵਿੱਚ ਡਿੱਗੇ ਪਾਕਿਸਤਾਨੀ ਡਰੋਨ ਅਤੇ 337 ਗ੍ਰਾਮ ਹੈਰੋਇਨ ਨੂੰ ਪੁਲਸ ਅਤੇ ਬੀ. ਐੱਸ. ਐੱਫ ਵੱਲੋਂ ਬਰਾਮਦ ਕੀਤਾ ਗਿਆ। ਇਸ ਸਬੰਧੀ ਥਾਣਾ ਵਲਟੋਹਾ ਵਿਖੇ ਅਣਪਛਾਤੇ ਤਸਕਰ ਖਿਲਾਫ ਮਾਮਲਾ ਦਰਜ ਕਰ ਅਗਲੇਰੀ ਜਾਂਚ ਸੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਬੀਤੇ ਕੱਲ ਸਾਮ ਥਾਣਾ ਵਲਟੋਹਾ ਦੀ ਪੁਲਸ ਅਤੇ ਬੀ. ਐੱਸ. ਐੱਫ ਦੇ ਜਵਾਨਾਂ ਵੱਲੋਂ ਭਾਰਤ ਪਾਕਿਸਤਾਨ ਸਮਗਲਿੰਗ ਗਤੀਵਿਧੀਆਂ ਅਤੇ ਮਾੜੇ ਅਨਸਰਾਂ ਦੀ ਤਲਾਸ ਦੇ ਸਬੰਧੀ ਗਸਤ ਕੀਤੀ ਜਾ ਰਹੀ ਸੀ ਤਾਂ ਗੁਪਤ ਸੂਚਨਾ ਪ੍ਰਾਪਤ ਹੋਈ ਕਿ ਖੇਤਾਂ ਵਿੱਚ ਪਾਕਿਸਤਾਨੀ ਡਰੋਨ ਡਿੱਗਾ ਹੋਇਆ ਹੈ। ਇਸ ਦੌਰਾਨ ਸਾਂਝੇ ਤੌਰ ਉਪਰ ਤਲਾਸੀ ਅਭਿਆਨ ਚਲਾਉਂਦੇ ਹੋਏ ਪਿੰਡ ਕਾਲੀਆ ਵਿਖੇ ਮੌਜੂਦ ਗੁਰਵਿੰਦਰ ਸਿੰਘ ਪੁੱਤਰ ਧਰਮਿੰਦਰ ਸਿੰਘ ਵਾਸੀ ਕਾਲੀਆ ਦੇ ਖੇਤ ਵਿੱਚ ਡਿੱਗੇ ਹੋਏ ਇੱਕ ਚੀਨੀ ਡਰੋਨ ਨੂੰ ਬਰਾਮਦ ਕੀਤਾ ਗਿਆ। ਇਸ ਦੇ ਨਾਲ ਹੀ ਪੁਲਸ ਅਤੇ ਬੀ. ਐੱਸ. ਐੱਫ ਦੇ ਸਾਂਝੇ ਆਪਰੇਸਨ ਦੌਰਾਨ ਪਿੰਡ ਸੱਕਤਰਾ ਵਿਖੇ ਮਹਾਂਵੀਰ ਸਿੰਘ ਪੁੱਤਰ ਨਿੰਦਾ ਸਿੰਘ ਦੇ ਖੇਤਾਂ ਵਿੱਚ ਡਿੱਗੇ ਪੈਕਟ ਨੂੰ ਬਰਾਮਦ ਕੀਤਾ ਗਿਆ, ਜਿਸ ਵਿੱਚੋਂ 337 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਉਹਨਾਂ ਦੱਸਿਆ ਕਿ ਇਹ ਡਰੋਨ ਪਾਕਿਸਤਾਨ ਵੱਲੋਂ ਆਇਆ ਹੈ ਅਤੇ ਇਸ ਸਬੰਧੀ ਅਨਪਛਾਤੇ ਤਸਕਰ ਖਿਲਾਫ ਥਾਣਾ ਵਲਟੋਹਾ ਵਿਖੇ ਪਰਚਾ ਦਰਜ ਕਰ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

# ਔਰਤ ਦੀ ਹਵਸ ਦੀ ਭੇਟ ਚੜ੍ਹਿਆ ਪਤੀ ! ਪੁਲਸ ਨੇ ਪਤਨੀ ਅਤੇ ਸੱਸ ਨੂੰ ਕੀਤਾ ਗ੍ਰਿਫਤਾਰ

ਤਰਨਤਾਰਨ 14 ਸਤੰਬਰ। ਪਤਨੀ ਦੇ ਨਾਜਾਇਜ਼ ਸਬੰਧਾਂ ਤੋਂ ਦੁਖੀ ਹੋ ਕੇ ਪਤੀ ਵੱਲੋਂ ਜਹਰੀਲੀ ਦਵਾਈ ਪੀ ਕੇ ਜੀਵਨ ਲੀਲਾ ਸਮਾਪਤ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਖਾਲੜਾ ਦੀ ਪੁਲਸ ਨੇ ਕਾਰਵਾਈ ਕਰਦੇ ਹੋਏ ਮ੍ਰਿਤਕ ਦੀ ਪਤਨੀ ਅਤੇ ਸੱਸ ਨੂੰ ਗ੍ਰਿਫਤਾਰ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਅੰਗਰੇਜ਼ ਸਿੰਘ (30) ਪੁੱਤਰ ਕਾਲਾ ਸਿੰਘ ਨਿਵਾਸੀ ਪਿੰਡ ਮਾੜੀ ਮੇਘਾ ਦਾ ਵਿਆਹ ਚਰਨਜੀਤ ਕੌਰ ਪੁੱਤਰੀ ਰਵੇਲ ਸਿੰਘ ਵਾਸੀ ਪਿੰਡ ਤੂਤ ਜ਼ਿਲ੍ਹਾ ਤਰਨਤਾਰਨ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਪਤਨੀ ਚਰਨਜੀਤ ਕੌਰ ਦੇ ਕਿਸੇ ਵਿਅਕਤੀ ਨਾਲ ਨਾਜਾਇਜ਼ ਸਬੰਧ ਬਣ ਗਏ, ਜਿਸ ਦਾ ਪਤਾ ਉਸ ਦੇ ਪਤੀ ਅੰਗਰੇਜ਼ ਸਿੰਘ ਨੂੰ ਲੱਗਣ ਤੋਂ ਬਾਅਦ ਰੋਜਾਨਾ ਘਰ ਵਿਚ ਝਗੜਾ ਹੋਣ ਲੱਗ ਪਿਆ। ਇਸ ਸਬੰਧੀ ਅੰਗਰੇਜ਼ ਸਿੰਘ ਦੇ ਪਿਤਾ ਕਾਲਾ ਸਿੰਘ ਨੇ ਦੱਸਿਆ ਕਿ ਬੇਟੇ ਅੰਗਰੇਜ਼ ਸਿੰਘ ਵੱਲੋਂ ਕਈ ਵਾਰ ਆਪਣੀ ਸੱਸ ਬਿੰਦਰ ਕੌਰ ਨੂੰ ਸਾਰੀ ਜਾਣਕਾਰੀ ਵੀ ਦਿੱਤੀ ਗਈ ਪਰ ਕੋਈ ਸੁਣਵਾਈ ਨਹੀਂ ਹੋਈ। ਬੀਤੇ ਕੱਲ ਸਵੇਰ 11 ਵਜੇ ਅੰਗਰੇਜ਼ ਸਿੰਘ ਦਾ ਆਪਣੀ ਪਤਨੀ ਨਾਲ ਨਾਜਾਇਜ਼ ਸਬੰਧਾਂ ਨੂੰ ਲੈ ਕੇ ਫਿਰ ਤੋਂ ਝਗੜਾ ਹੋ ਗਿਆ, ਜਿਸ ਦੀ ਸਾਰੀ ਜਾਣਕਾਰੀ ਉਸ ਨੇ ਆਪਣੀ ਸੱਸ ਨੂੰ ਫੋਨ ਰਾਹੀਂ ਦਿੱਤੀ, ਪਰ ਬਾਅਦ ਵਿਚ ਅੰਗਰੇਜ਼ ਸਿੰਘ ਨੇ ਕਣਕ ਵਿਚ ਪਾਉਣ ਵਾਲੀ ਜ਼ਹਿਰੀਲੀ ਦਵਾਈ ਨਿਗਲ ਲਈ। ਇਸ ਦੌਰਾਨ ਹਾਲਤ ਵਿਗੜਦੀ ਵੇਖ ਉਸ ਨੂੰ ਤੁਰੰਤ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿਚ ਲਿਜਾਇਆ ਗਿਆ, ਪਰ ਉਸ ਦੀ ਰਸਤੇ ਵਿਚ ਹੀ ਮੌਤ ਹੋ ਗਈ। ਇਸ ਸਬੰਧੀ ਥਾਣਾ ਖਾਲੜਾ ਦੇ ਮੁਖੀ ਇੰਸਪੈਕਟਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਕਾਲਾ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਪਤਨੀ ਚਰਨਜੀਤ ਕੌਰ ਅਤੇ ਸੱਸ ਬਿੰਦਰ ਕੌਰ ਪਤਨੀ ਰਵੇਲ ਸਿੰਘ ਵਾਸੀ ਪਿੰਡ ਤੂਤ ਦੇ ਖ਼ਿਲਾਫ ਮਾਮਲਾ ਦਰਜ ਕਰ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।



## ਅਫਗਾਨਿਸਤਾਨ 'ਚ ਵਾਪਰੇ ਸੜਕ ਹਾਦਸੇ 'ਚ 2 ਲੋਕਾਂ ਦੀ ਮੌਤ

ਜਲਾਲਾਬਾਦ 14 ਸਤੰਬਰ। ਅਫਗਾਨਿਸਤਾਨ ਦੇ ਪੂਰਬੀ ਸੂਬੇ ਨੰਗਰਹਾਰ 'ਚ ਭਿਆਨਕ ਸੜਕ ਹਾਦਸਾ ਵਾਪਰ ਜਾਣ ਦੀ ਸੂਚਨਾ ਮਿਲੀ ਹੈ। ਇਸ ਸੜਕ ਹਾਦਸੇ 'ਚ 2 ਲੋਕਾਂ ਦੀ ਮੌਤ ਹੋ ਗਈ ਅਤੇ 13 ਹੋਰ ਜਖਮੀ ਹੋ ਗਏ। ਇਸ ਘਟਨਾ ਦੀ ਜਾਣਕਾਰੀ ਸਥਾਨਕ ਪੁਲਸ ਵਲੋਂ ਸਨੀਵਾਰ ਨੂੰ ਦਿੱਤੀ ਗਈ ਹੈ। ਇਸ ਮਾਮਲੇ ਦੇ ਸਬੰਧ ਵਿਚ ਸੂਬਾਈ ਪੁਲਸ ਦੇ ਬੁਲਾਰੇ ਹਾਫਿਜ ਮੌਲਵੀ ਅਬਦੁਲ ਬਸੀਰ ਜਾਬੁਲੀ ਨੇ ਕਿਹਾ ਕਿ ਇਹ ਘਟਨਾ ਸੁੱਕਰਵਾਰ ਰਾਤ ਨੂੰ ਸੂਬਾਈ ਰਾਜਧਾਨੀ ਜਲਾਲਾਬਾਦ ਦੇ ਪੁਲਸ ਜ਼ਿਲ੍ਹਾ 9 ਦੇ ਨੇੜੇ ਵਾਪਰੀ ਹੈ। ਲਾਪਰਵਾਹੀ ਨਾਲ ਡਰਾਈਵਿੰਗ ਕਰਨ ਕਾਰਨ ਇੱਕ ਵਾਹਨ ਪਲਟ ਗਿਆ, ਜਿਸ ਨਾਲ ਮੌਕੇ 'ਤੇ ਦੋ ਲੋਕਾਂ ਦੀ ਮੌਤ ਹੋ ਗਈ ਅਤੇ 13 ਹੋਰ ਜਖਮੀ ਹੋ ਗਏ। ਜਖਮੀਆਂ ਨੂੰ ਨੇੜੇ ਦੇ ਹਸਪਤਾਲ 'ਚ ਇਲਾਜ ਲਈ ਭਰਤੀ ਕਰਵਾਇਆ ਗਿਆ ਹੈ।

## 3 ਲੁਟੇਰਿਆਂ ਨੇ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਬਜ਼ੁਰਗ ਜੋੜੇ ਕੋਲੋਂ ਲੁੱਟੇ ਲੱਖਾਂ ਦੇ ਗਹਿਣੇ

ਨਵਾਂਸ਼ਹਿਰ 14 ਸਤੰਬਰ। ਇਕ ਨੌਜਵਾਨ ਕੁੜੀ ਸਮੇਤ ਤਿੰਨ ਲੁਟੇਰਿਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਬਜ਼ੁਰਗ ਜੋੜੇ ਕੋਲੋਂ 3.5 ਲੱਖ ਰੁਪਏ ਦੇ ਗਹਿਣੇ ਲੁੱਟ ਲਏ ਗਏ। ਜਾਣਕਾਰੀ ਦਿੰਦੇ ਹੋਏ ਹਰਜੀਤ ਸਿੰਘ ਵਾਸੀ ਨੱਈਅਰ ਕਾਲੋਨੀ ਨਵਾਂਸ਼ਹਿਰ ਨੇ ਦੱਸਿਆ ਕਿ ਉਸ ਨੇ ਹਜ਼ੂਰ ਸਾਹਿਬ ਜਾਣਾ ਸੀ, ਜਿਸ ਕਾਰਨ ਉਹ ਆਪਣੀ ਪਤਨੀ ਗੁਰਬਖਸ਼ ਕੌਰ ਨਾਲ ਆਪਣੇ ਕੋਲ ਪਏ ਸੋਨੇ ਦੇ ਗਹਿਣੇ ਰੱਖਣ ਲਈ ਆਪਣੇ ਪਿੰਡ ਜਾ ਰਿਹਾ ਸੀ। ਨੈਸ਼ਨਲ ਹਾਈਵੇਅ 'ਤੇ ਪਿੰਡ ਸਜਾਵਲਪੁਰ ਨੇੜੇ ਇਕ ਨੌਜਵਾਨ ਕੁੜੀ ਸਮੇਤ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਨੇ ਉਨ੍ਹਾਂ ਨੂੰ ਰਾਹ ਪੁੱਛਣ ਦੇ ਬਹਾਨੇ ਰੋਕ ਲਿਆ। ਉਸ ਨੇ ਦੱਸਿਆ ਕਿ ਜਦੋਂ ਉਹ ਰੁਕਿਆ ਤਾਂ ਉਕਤ ਲੁਟੇਰਿਆਂ ਨੇ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਉਸ ਦੇ ਟਰੰਕ 'ਚ ਪਏ ਸੋਨੇ ਦੇ ਗਹਿਣੇ, ਜਿਸ 'ਚ ਇਕ ਸੋਨੇ ਦੀ ਚੇਨ, ਗਜਰਾ, ਲਾਕੇਟ, 3 ਜੋੜੇ ਵਾਲੀਆਂ ਆਦਿ ਜਿਸ ਦੀ ਕੀਮਤ ਕਰੀਬ ਸਾਢੇ ਤਿੰਨ ਲੱਖ ਰੁਪਏ ਬਣਦੀ ਹੈ, ਖੋਹ ਕੇ ਫ਼ਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਸਦਰ ਨਵਾਂਸ਼ਹਿਰ ਦੀ ਪੁਲਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਲੁਟੇਰਿਆਂ 'ਚ ਇਕ ਵਿਅਕਤੀ ਦੀ ਉਮਰ 50 ਸਾਲ ਦੇ ਕਰੀਬ, ਦੂਜੇ ਦੀ ਉਮਰ 25–30 ਸਾਲ ਦੇ ਕਰੀਬ ਸੀ ਅਤੇ ਇਕ ਨੌਜਵਾਨ ਕੁੜੀ ਵੀ ਉਨ੍ਹਾਂ ਦੇ ਨਾਲ ਸੀ।

# ਚੋਣਾਂ ਕਾਰਨ ਨੈਸਨਲ ਹਾਈਵੇਅ 'ਤੇ ਹਾਈਟੈੱਕ ਨਾਕਾਬੰਦੀ ਦੌਰਾਨ ਜਬਤ ਕੀਤੇ 63.72 ਲੱਖ ਦੇ ਸੋਨੇ/ਹੀਰੇ ਦੇ ਗਹਿਣੇ

ਜਲੰਧਰ 14 ਸਤੰਬਰ। ਚੋਣਾਂ ਕਾਰਨ ਨੈਸ਼ਨਲ ਹਾਈਵੇਅ 'ਤੇ ਹਾਈਟੈੱਕ ਨਾਕਾਬੰਦੀ ਦੌਰਾਨ 968 ਗ੍ਰਾਮ ਵਜਨ ਦੇ 63.72 ਲੱਖ ਕੀਮਤ ਵਾਲੇ ਸੋਨੇ–ਹੀਰੇ ਦੇ ਗਹਿਣੇ ਜਬਤ ਕੀਤੇ ਗਏ ਹਨ। ਸਟੇਟ ਜੀ. ਐੱਸ. ਟੀ. ਵਿਭਾਗ ਦੇ ਮੋਬਾਈਲ ਵਿੰਗ ਵੱਲੋਂ ਗਹਿਣਿਆਂ ਦੀ ਵੈਲਿਊਏਸ਼ਨ ਕਰਵਾਉਣ ਤੋਂ ਬਾਅਦ ਸਬੰਧਤ ਗਹਿਣਿਆਂ ਨੂੰ ਸਰਕਾਰੀ ਖਜਾਨੇ ਵਿਚ ਜਮ੍ਹਾ ਕਰਵਾ ਦਿੱਤਾ ਗਿਆ ਹੈ। ਉਕਤ ਗਹਿਣੇ ਦਿੱਲੀ ਦੇ ਨੰਬਰ ਵਾਲੀ ਆਲਟੋ ਕਾਰ ਵਿਚੋਂ ਬਰਾਮਦ ਹੋਏ ਹਨ, ਜਿਸ ਕਾਰਨ ਜੀ. ਐੱਸ. ਟੀ. ਵਿਭਾਗ ਵੱਲੋਂ ਕਾਰ ਨੂੰ ਵੀ ਜਬਤ ਕਰ ਲਿਆ ਗਿਆ ਹੈ। ਦੂਜੇ ਪਾਸੇ ਗਹਿਣੇ ਫੜੇ ਜਾਣ ਸਬੰਧੀ ਇਨਕਮ ਟੈਕਸ ਵਿਭਾਗ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਚੋਣ ਕਮਿਸ਼ਨ ਨੂੰ ਇਸ ਦੀ ਜਾਣਕਾਰੀ ਭੇਜ ਦਿੱਤੀ ਗਈ ਹੈ। ਨਾਕਾਬੰਦੀ ਦੌਰਾਨ ਗਹਿਣੇ ਫੜੇ ਜਾਣ ਦਾ ਇਹ ਦੂਜਾ ਵੱਡਾ ਮਾਮਲਾ ਹੈ। ਇਸ ਤੋਂ ਪਹਿਲਾਂ 17 ਅਪ੍ਰੈਲ ਨੂੰ ਸਟੇਟ ਜੀ. ਐੱਸ. ਟੀ. ਵਿਭਾਗ ਦੇ ਮੋਬਾਇਲ ਵਿੰਗ ਵੱਲੋਂ ਲੁਧਿਆਣਾ ਦੇ ਵਪਾਰੀ ਤੋਂ 3.64 ਕਰੋੜ ਦੀ ਕੀਮਤ ਦੇ 5.50 ਕਿਲੋ ਸੋਨੇ ਦੇ ਗਹਿਣੇ ਜਬਤ ਕੀਤੇ ਗਏ ਸਨ। ਸੋਮਵਾਰ ਰਾਤ ਨੂੰ ਫਿਲੌਰ ਪੁਲਸ ਵੱਲੋਂ ਨੈਸ਼ਨਲ ਹਾਈਵੇਅ 'ਤੇ ਹਾਈਟੈੱਕ ਨਾਕਾਬੰਦੀ ਕੀਤੀ ਗਈ ਸੀ। ਇਸ ਦੌਰਾਨ ਦਿੱਲੀ ਦੇ ਨੰਬਰ ਵਾਲੀ ਆਲਟੋ ਕਾਰ ਨੂੰ ਰੋਕਿਆ ਗਿਆ। ਤਲਾਸ਼ੀ ਦੌਰਾਨ ਯੋਗੇਸ਼ ਨਾਂ ਦੇ ਵਿਅਕਤੀ ਤੋਂ 968 ਗ੍ਰਾਮ ਵਜਨ ਦੇ ਗਹਿਣੇ ਬਰਾਮਦ ਹੋਏ। ਪੁਲਸ ਵੱਲੋਂ ਪੁੱਛਗਿੱਛ ਕਰਨ 'ਤੇ ਉਕਤ ਵਿਅਕਤੀ ਕੋਈ ਕਾਗਜਾਤ ਨਹੀਂ ਵਿਖਾ ਸਕਿਆ। ਤੁਰੰਤ ਐਕਸ਼ਨ ਲੈਂਦਿਆਂ ਫਿਲੌਰ ਪੁਲਸ ਨੇ ਸਟੇਟ ਜੀ. ਐੱਸ. ਟੀ. ਵਿਭਾਗ ਨੂੰ ਸੂਚਿਤ ਕੀਤਾ। ਸਟੇਟ ਜੀ. ਐੱਸ. ਟੀ. ਮੋਬਾਇਲ ਵਿੰਗ ਦੇ ਡਿਪਟੀ ਡਾਇਰੈਕਟਰ ਕਮਲਪ੍ਰੀਤ ਸਿੰਘ ਨੇ ਸੂਚਨਾ ਦੇ ਆਧਾਰ 'ਤੇ ਐੱਸ. ਟੀ. ਓ. ਡੀ. ਐੱਸ. ਚੀਮਾ ਨੂੰ ਕਾਰਵਾਈ ਸਬੰਧੀ ਦਿਸ਼ਾ–ਨਿਰਦੇਸ਼ ਦਿੱਤੇ ਗਏ। ਐੱਸ. ਟੀ. ਓ. ਚੀਮਾ ਨੇ ਕਾਰਵਾਈ ਨੂੰ ਅੰਜਾਮ ਦਿੱਤਾ ਤੇ ਸਬੰਧਤ ਗਹਿਣਿਆਂ, ਕਾਰ ਆਦਿ ਲੈ ਕੇ ਦੇਰ ਰਾਤ ਜੀ. ਐੱਸ. ਟੀ. ਦਫਤਰ ਪਹੁੰਚੇ। ਉਕਤ ਗਹਿਣੇ ਦਿੱਲੀ ਵਿਚ ਜਿਊਲਰੀ ਦਾ ਵਪਾਰ ਕਰਨ ਵਾਲਿਆਂ ਨਾਲ ਸਬੰਧਤ ਹਨ ਅਤੇ ਵਪਾਰੀ ਦਾ ਸੇਲਜਮੈਨ ਉਕਤ ਗਹਿਣਿਆਂ ਦਾ ਸੈਂਪਲ ਲੈ ਕੇ ਜਲੰਧਰ ਆ ਰਿਹਾ ਸੀ ਪਰ ਪੁਲਸ ਦੀ ਨਾਕਾਬੰਦੀ ਦੌਰਾਨ ਗਹਿਣੇ ਫੜੇ ਗਏ।



## ਫਰਜੀ ਇੰਮੀਗ੍ਰੇਸ਼ਨ ਦਫਤਰ ਚਲਾ ਰਹੇ ਵਿਅਕਤੀ ਖਿਲਾਫ ਕੇਸ ਦਰਜ

ਖਰੜ 14 ਸਤੰਬਰ। ਇੱਥੇ ਗੈਰ–ਕਾਨੂੰਨੀ ਢੰਗ ਨਾਲ ਇੰਮੀਗ੍ਰੇਸ਼ਨ ਦਾ ਕੰਮ ਕਰਦੇ ਇਕ ਵਿਅਕਤੀ ਖ਼ਿਲਾਫ ਸਦਰ ਪੁਲਸ ਵਲੋਂ ਅਧੀਨ ਨਿਯਮਾਵਲੀ ਮੁਕੱਦਮਾ ਦਰਜ ਕੀਤਾ ਗਿਆ ਹੈ। ਹਾਸਲ ਜਾਣਕਾਰੀ ਮੁਤਾਬਕ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਧਰਮਵੀਰ ਸਰਮਾ ਵਾਸੀ ਕੋਟਕਪੂਰਾ ਫਰੀਦਕੋਟ, ਹਾਲ ਵਾਸੀ ਮੋਹਾਲੀ ਇਥੋਂ ਦੀ ਲਾਂਡਰਾਂ ਰੋਡ ਸਥਿਤ ਸੰਤੇਮਾਜਰਾ ਵਿਖੇ ਇੰਮੀਗ੍ਰੇਸ਼ਨ ਦਾ ਦਫਤਰ ਚਲਾ ਰਿਹਾ ਹੈ। ਉਸ ਨੇ ਆਪਣੇ ਦਫਤਰ ਦੇ ਬਾਹਰ ਬਿਨਾਂ ਕਿਸੇ ਸਰਕਾਰੀ ਮਾਨਤਾ ਗੋਲਡਨ ਲੀਗਲ ਕੰਸਲਟੈਂਸੀ ਦੇ ਬੋਰਡ ਲਗਾ ਰੱਖੇ ਹਨ, ਜੋ ਬਿਨਾਂ ਕਿਸੇ ਵੈਧ ਲਾਇਸੈਂਸ ਦੇ ਅਜਿਹਾ ਕਰਕੇ ਨਿਯਮਾਂ ਦੀ ਉਲੰਘਣਾ ਕਰ ਰਿਹਾ ਹੈ। ਪੁਲਸ ਵਲੋਂ ਦੋਸੀ ਖ਼ਿਲਾਫ ਇੰਮੀਗ੍ਰੇਸ਼ਨ ਐਕਟ ਦੀ ਧਾਰਾ–24 ਤਹਿਤ ਮਾਮਲਾ ਦਰਜ ਕਰ ਅੱਗੇ ਦੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

# ਨਹਿਰ 'ਚੋਂ ਮਿਲੀ ਮਾਸੂਮ ਬੱਚੀ ਦੀ ਲਾਸ਼, ਮੂੰਹ ਤੇ ਹੱਥਾਂ ਨੂੰ ਕੁੱਤਿਆਂ ਨੇ ਨੋਚਿਆ

ਕੁਰੂਕਸੇਤਰ 14 ਸਤੰਬਰ। ਹਰਿਆਣਾ ਦੇ ਕੁਰੂਕਸੇਤਰ ਦੇ ਪਿੰਡ ਕਿਰਮਿਚ 'ਚ ਨਹਿਰ 'ਚੋਂ ਦੇਰ ਸਾਮ 5 ਸਾਲਾ ਬੱਚੀ ਦੀ ਲਾਸ ਬਰਾਮਦ ਹੋਈ ਹੈ। ਇਸ ਲਾਸ ਨੂੰ ਕੁੱਤਿਆਂ ਨੇ ਨੋਚਿਆ ਹੋਇਆ ਸੀ। ਸੂਚਨਾ ਮਿਲਣ 'ਤੇ ਪੁਲਸ ਨੇ ਲਾਸ ਨੂੰ ਕਬਜੇ 'ਚ ਲੈ ਕੇ ਸਨਾਖਤ ਕਰਨ ਦੀ ਕੋਸ਼ਿਸ ਕੀਤੀ। ਲਾਸ ਕਰੀਬ 2 ਹਫਤੇ ਪੁਰਾਣੀ ਲੱਗ ਰਹੀ ਹੈ। ਲਾਸ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਗੋਤਾਖੋਰਾਂ ਨੂੰ ਨਹਿਰ 'ਚ ਕਬਾੜ ਵਿਚਕਾਰ ਇਕ ਬੱਚੀ ਦੀ ਲਾਸ ਪਈ ਹੋਣ ਦੀ ਸੂਚਨਾ ਮਿਲੀ ਸੀ। ਸੂਚਨਾ ਤੋਂ ਬਾਅਦ ਗੋਤਾਖੋਰ ਪੁਲਸ ਟੀਮ ਸਮੇਤ ਮੌਕੇ 'ਤੇ ਪਹੁੰਚੇ ਅਤੇ ਲਾਸ ਨੂੰ ਬਾਹਰ ਕੱਢ ਕੇ ਪੁਲਸ ਹਵਾਲੇ ਕਰ ਦਿੱਤਾ। ਕੁੱਤਿਆਂ ਨੇ ਬੱਚੀ ਦੇ ਮੂੰਹ, ਗਰਦਨ ਅਤੇ ਬਾਹਾਂ ਨੂੰ ਨੋਚਿਆ। ਮੁੱਢਲੀ ਜਾਂਚ ਮੁਤਾਬਕ ਲਾਸ 10–15 ਦਿਨ ਪੁਰਾਣੀ ਲੱਗ ਰਹੀ ਹੈ। ਇਸ ਬੱਚੀ ਨੇ ਕਾਲੇ ਰੰਗ ਦੀ ਲੋਅਰ ਅਤੇ ਸਕਾਈ ਬਲੂ ਟੀ–ਸਰਟ ਪਹਿਨੀ ਹੋਈ ਸੀ। ਫਿਲਹਾਲ ਪੁਲਸ ਨੇ ਲਾਸ ਨੂੰ ਆਪਣੇ ਕਬਜੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਜਾਂਚ ਅਧਿਕਾਰੀ ਹੈੱਡ ਕਾਂਸਟੇਬਲ ਪਰਮਜੀਤ ਨੇ ਦੱਸਿਆ ਕਿ ਲਾਸ ਨੂੰ ਕਬਜੇ ਵਿਚ ਲੈ ਕੇ ਹਸਪਤਾਲ ਦੇ ਮੁਰਦਾ ਘਰ 'ਚ ਰਖਵਾਇਆ ਗਿਆ ਹੈ। ਅਜੇ ਤੱਕ ਲਾਸ ਦੀ ਪਛਾਣ ਨਹੀਂ ਹੋ ਸਕੀ ਹੈ। ਤਿੰਨ ਦਿਨਾਂ ਬਾਅਦ ਲਾਸ ਦਾ ਪੋਸਟਮਾਰਟਮ ਕੀਤਾ ਜਾਵੇਗਾ। ਇਸ ਦੌਰਾਨ ਪੁਲਸ ਲਾਸ ਦੀ ਪਛਾਣ ਕਰਨ ਦੀ ਕੋਸ਼ਿਸ ਕਰੇਗੀ। ਜਾਣਕਾਰੀ ਅਨੁਸਾਰ ਗੋਤਾਖੋਰ ਨਹਿਰ 'ਚ ਕਬਾੜ ਵਿਚਕਾਰ ਇਕ ਮਾਸੂਮ ਬੱਚੀ ਲੜਕੀ ਦੀ ਲਾਸ ਪਈ ਹੋਣ ਦੀ ਸੂਚਨਾ ਮਿਲੀ ਸੀ। ਸੂਚਨਾ ਤੋਂ ਬਾਅਦ ਗੋਤਾਖੋਰ ਪੁਲਸ ਟੀਮ ਸਮੇਤ ਮੌਕੇ 'ਤੇ ਪਹੁੰਚੇ ਅਤੇ ਲਾਸ ਨੂੰ ਬਾਹਰ ਕੱਢ ਕੇ ਪੁਲਸ ਹਵਾਲੇ ਕਰ ਦਿੱਤਾ।

## ਰਾਸ਼ਨ ਕਾਰਡ ਵਾਲਿਓ ਕਰ ਲਓ ਇਹ ਕੰਮ, ਨਹੀਂ ਤਾਂ ਬੰਦ ਹੋ ਜਾਵੇਗੀ ਕਣਕ ਮਿਲਣੀ

ਹਾਜੀਪੁਰ 14 ਸਤੰਬਰ। ਫੂਡ ਐਂਡ ਸਿਵਲ ਸਪਲਾਈ ਵਿਭਾਗ ਦੇ ਇੰਸਪੈਕਟਰ ਬਲਵਿੰਦਰ ਸਿੰਘ ਨੇ ਸਮੂਹ ਸਰਕਾਰੀ ਰਾਸਨ ਕਾਰਡ ਲਾਭਪਾਤਰੀਆਂ ਨੂੰ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜਿਸ ਵਿਅਕਤੀ ਦਾ ਵੀ ਸਰਕਾਰੀ ਰਾਸਨ ਕਾਰਡ ਬਣਿਆ ਹੋਇਆ ਹੈ, ਉਹ ਆਪਣੇ ਸਮੂਹ ਪਰਿਵਾਰਿਕ ਮੈਂਬਰ ਜਿਨ੍ਹਾਂ ਦੇ ਰਾਸਨ ਕਾਰਡ ਵਿਚ ਨਾਮ ਹਨ ਉਹ ਆਪਣੇ ਨੇੜਲੇ ਡੀਪੂ ਹੋਲਡਰ ਕੋਲ ਜਾ ਕੇ ਆਪਣੀ ਈ. ਕੇ. ਵਾਈ. ਸੀ. ਕਰਵਾ ਲੈਣ। ਜੇਕਰ ਕੋਈ ਲਾਭਪਾਤਰੀ ਪੰਜਾਬ ਦੇ ਕਿਸੇ ਹੋਰ ਜ਼ਿਲ੍ਹੇ ਜਾਂ ਕਿਸੇ ਬਾਹਰਲੀ ਸਟੇਟ ਵਿਚ ਕੰਮ–ਕਾਰ ਕਰਦਾ ਹੈ ਉਹ ਆਪਣਾ ਉਸ ਇਲਾਕੇ ਦੇ ਨੇੜੇ ਦੇ ਡੀਪੂ ਹੋਲਡਰ ਕੋਲ ਜਾ ਕੇ ਈ.ਕੇ.ਵਾਈ.ਸੀ. ਕਰਵਾ ਸਕਦਾ ਹੈ। ਇਸ ਤੋਂ ਇਲਾਵਾ ਜਿਨ੍ਹਾਂ ਬਜੁਰਗਾਂ ਅਤੇ ਬੱਚਿਆਂ ਦੇ ਮਸੀਨ ਵਿਚ ਅੰਗੂਠੇ ਨਹੀਂ ਲੱਗਦੇ ਹਨ, ਉਹ ਆਪਣੇ ਨਜਦੀਕੀ ਸੁਵਿਧਾ ਸੈਂਟਰ ਵਿਖੇ ਜਾ ਕੇ ਆਪਣਾ ਅਧਾਰ ਕਾਰਡ ਅਪਡੇਟ ਕਰਵਾ ਕੇ ਈ. ਕੇ. ਵਾਈ. ਸੀ. ਕਰਵਾ ਲੈਣ ਤਾਂ ਜੋ ਭਵਿੱਖ ਵਿਚ ਰਾਸਨ ਲੈਣ ਸਮੇਂ ਕੋਈ ਪਰੇਸਾਨੀ ਨਾ ਹੋਵੇ। ਈ. ਕੇ. ਵਾਈ. ਸੀ. ਨਾਂ ਕਰਵਾਉਣ ਵਾਲੇ ਵਿਅਕਤੀ ਦਾ ਨਾਮ ਰਾਸ਼ਨ ਕਾਰਡ 'ਚੋਂ ਕੱਟ ਦਿੱਤਾ ਜਾਵੇਗਾ ਅਤੇ ਨਾਲ ਹੀ ਉਸ ਦਾ ਰਾਸ਼ਨ ਵੀ ਬੰਦ ਹੋ ਜਾਵੇਗਾ।

## ਹਾਜੀਪੁਰ 'ਚ ਭਿਆਨਕ ਹਾਦਸਾ, ਨੌਜਵਾਨ ਦੀ ਦਰਦਨਾਕ ਮੌਤ, ਧੜ ਨਾਲੋਂ ਵੱਖ ਹੋਈ ਗਰਦਨ

ਹਾਜੀਪੁਰ 14 ਸਤੰਬਰ। ਹਾਜੀਪੁਰ ਤੋਂ ਦਸੂਹਾ ਸੜਕ 'ਤੇ ਪੈਂਦੇ ਪਿੰਡ ਖਿਜਰਪੁਰ ਵਿਖੇ ਅੱਜ ਸਵੇਰੇ ਹਾਜੀਪੁਰ ਵੱਲੋਂ ਆ ਰਹੀ ਇਕ ਹਿਮਾਚਲ ਨੰਬਰ ਦੀ ਕਾਰ ਨੇ ਇਕ ਨੌਜਵਾਨ ਨੂੰ ਬੁਰੀ ਤਰ੍ਹਾਂ ਕੁਚਲ ਦਿੱਤਾ। ਇਸ ਹਾਦਸੇ ਵਿਚ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟੱਕਰ ਇੰਨੀ ਜਬਰਦਸਤ ਸੀ ਕਿ ਨੌਜਵਾਨ ਦਾ ਸਿਰ ਧੜ ਨਾਲੋਂ ਵੱਖ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਪਵਨ ਕੁਮਾਰ ਪੁੱਤਰ ਬਚਨ ਸਿੰਘ ਵਾਸੀ ਖਿਜਰਪੁਰ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਖਿਜਰਪੁਰ ਵਾਸੀ ਮਹਿੰਦਰ ਸਿੰਘ ਨੇ ਦੱਸਿਆ ਕਿ ਸਵੇਰੇ ਕਰਿਆਨੇ ਦੀ ਦੁਕਾਨ ਤੋਂ ਸਾਮਾਨ ਲੈ ਕੇ ਸੜਕ ਪਾਰ ਕਰ ਰਿਹਾ ਸੀ ਤਾਂ



ਉਸ ਸਮੇਂ ਹਾਜੀਪੁਰ ਵੱਲੋਂ ਆ ਰਹੀ ਤੇਜ ਰਫਤਾਰ ਕਾਰ ਨੇ ਇਸ ਨੌਜਵਾਨ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਪਵਨ ਕੁਮਾਰ ਦੀ ਮੌਕੇ 'ਤੇ ਮੌਤ ਹੋ ਗਈ। ਟੱਕਰ ਇਨੀ ਜਬਰਦਸਤ ਸੀ ਕਿ ਪਵਨ ਕੁਮਾਰ ਦੀ ਗਰਦਨ ਧੜ ਤੋਂ ਵੱਖ ਹੋ ਗਈ ਗਈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਪਵਨ ਦੇ ਵੱਡੇ ਭਰਾ ਦੀ ਵੀ ਕੁਝ ਸਮੇਂ ਪਹਿਲਾਂ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਮੌਕੇ 'ਤੇ ਪਹੁੰਚੇ ਹਾਜੀਪੁਰ ਪੁਲਸ ਦੇ ਏ. ਐੱਸ. ਆਈ. ਗੁਰਵਿੰਦਰ ਸਿੰਘ ਦਾ ਕਹਿਣਾ ਹੈ ਕਿ ਕਾਰ ਚਾਲਕ ਮੌਕੇ ਤੋਂ ਫਰਾਰ ਹੈ ਅਤੇ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਮੁਕੇਰੀਆਂ ਦੇ ਸਰਕਾਰੀ ਹਸਪਤਾਲ ਵਿਖੇ ਭੇਜ ਕੇ ਅਗਲੀ ਕਾਰਵਾਈ ਸੁਰੂ ਕਰ ਦਿੱਤੀ ਹੈ।

## ਪਰਾਲੀ ਦੇ ਟਰਾਲੇ ਨੂੰ ਅੱਗ ਲੱਗਣ ਕਾਰਨ ਸੜ ਕੇ ਹੋਇਆ ਸੁਆਹ

ਹਾਜੀਪੁਰ 14 ਸਤੰਬਰ। ਹਾਜੀਪੁਰ ਤੋਂ ਦਸੂਹਾ ਸੜਕ 'ਤੇ ਪੈਂਦੇ ਪਿੰਡ ਖਿਜਰਪੁਰ ਵਿਖੇ ਉਸ ਵੇਲੇ ਵੱਡਾ ਹਾਦਸਾ ਹੋਣ ਤੋਂ ਟਲ ਗਿਆ ਜਦੋਂ ਪਿੰਡ ਬਸ ਸਟੈਂਡ ਨੇੜੇ ਇਕ ਪਰਾਲੀ ਨੂੰ ਲੈ ਕੇ ਜਾ ਰਹੇ ਟਰਾਲੇ ਨੂੰ ਅੱਗ ਲੱਗਣ ਕਾਰਨ ਪਰਾਲੀ ਅਤੇ ਟਰਾਲਾ ਸੜ ਕੇ ਸੁਆਹ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ



ਇਕ ਟਰਾਲੇ ਨੂੰ ਮਨਜਿੰਦਰ ਸਿੰਘ ਪੁੱਤਰ ਜਮੀਤ ਸਿੰਘ ਵਾਸੀ ਕੋਹਾੜੇਵਾਲ ਫਾਜਲਿਕਾ ਪਰਾਲੀ ਲੈ ਕੇ ਦਸੂਹਾ ਸਾਈਡ ਤੋਂ ਤਲਵਾੜਾ ਨੇੜੇ ਸੰਸਾਰਪੁਰ ਟੈਰਸ ਜਾ ਰਿਹਾ ਸੀ, ਜਦੋਂ ਉਹ ਪਿੰਡ ਖਿਜਰਪੁਰ ਨੇੜੇ ਪੁੱਜਾ ਤਾਂ ਪਿੱਛੇ ਟਰਾਲੇ ਨੂੰ ਅਚਾਨਕ ਅੱਗ ਲੱਗ ਗਈ। ਵੇਖਦੇ ਹੀ ਵੇਖਦੇ ਅੱਗ ਨੇ ਆਪਣਾ ਭਿਆਨਕ ਰੂਪ ਧਾਰਨ ਕਰ ਲਿਆ। ਪਿੰਡ ਵਾਸੀਆਂ ਨੇ ਦੱਸਿਆ ਕਿ ਟਰਾਲੇ ਨੂੰ ਲੱਗੀ ਅੱਗ ਨਾਲ ਇਸ ਗੱਲ ਦਾ ਬਚਾਅ ਰਿਹਾ ਕਿ ਜੇਕਰ ਹਵਾ ਚਲਦੀ ਹੁੰਦੀ ਤਾਂ ਸਾਰਾ ਪਿੰਡ ਹੀ ਅੱਗ ਦੀ ਲਪੇਟ 'ਚ ਆ ਜਾਣਾ ਸੀ। ਜਦੋਂ ਤੱਕ ਫਾਇਰ ਬ੍ਰਿਗੇਡ ਆਈ ਉਦੋਂ ਤੱਕ ਟਰਾਲਾ ਅਤੇ ਪਰਾਲੀ ਸੜ ਕੇ ਸੁਆਹ ਹੋ ਚੁੱਕਿਆ ਸੀ। ਸਮਾਚਾਰ ਲਿਖੇ ਜਾਣ ਤੱਕ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਸੀ। ਮੌਕੇ 'ਤੇ ਪੁਲਸ ਨੇ ਲੋਕਾਂ ਦੇ ਸਹਿਯੋਗ ਨਾਲ ਹਾਜੀਪੁਰ ਦਸੂਹਾ ਸੜਕ 'ਤੇ ਲੱਗੇ ਜਾਮ ਨੂੰ ਖੁੱਲ੍ਹਵਾਇਆ ਅਤੇ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ

# ਪੈਸਿਆਂ ਖਾਤਿਰ ਭਾਣਜੇ ਨੇ ਮਾਰ 'ਤਾ ਮਾਮਾ, ਖੇਤਾਂ 'ਚੋਂ ਮਿਲੀ ਲਾਸ਼

ਨਵਾਂਸ਼ਹਿਰ 14 ਸਤੰਬਰ। ਪਿਛਲੇ ਦਿਨੀਂ ਬੰਗਾ ਦੇ ਲਧਾਣਾ ਝਿੱਕਾ ਵਿੱਚ ਖੇਤਾਂ ਵਿੱਚ ਮਿਲੀ ਇਕ ਪ੍ਰਵਾਸੀ ਮਜਦੂਰ ਦੀ ਲਾਸ਼ ਦੇ ਮਾਮਲੇ ਨੂੰ ਪੁਲਸ ਨੇ ਸੁਲਝਾ ਲਿਆ ਹੈ। ਇਸ ਘਟਨਾ ਵਿੱਚ ਮ੍ਰਿਤਕ ਦੇ ਭਾਣਜੇ ਨੇ ਹੀ ਆਪਣੇ ਦੋ ਹੋਰ ਸਾਥੀਆਂ ਨਾਲ ਮਿਲ ਕੇ ਆਪਣੇ ਮਾਮੇ ਦਾ ਕਥਿਤ ਤੌਰ 'ਤੇ ਕਤਲ ਕਰ ਦਿੱਤਾ ਸੀ। ਕਤਲ ਦਾ ਕਾਰਨ ਪੈਸੇ ਦੇ ਲੈਣ–ਦੇਣ ਨੂੰ ਦੱਸਿਆ ਜਾ ਰਿਹਾ ਹੈ। ਫਿਲਹਾਲ ਪੁਲਸ ਨੇ ਤਿੰਨਾਂ ਦੋਸ਼ੀਆਂ ਖ਼ਿਲਾਫ ਮਾਮਲਾ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ 22 ਅਗਸਤ ਨੂੰ ਹਰਦੀਪ ਸਿੰਘ ਵਾਸੀ ਲਧਾਣਾ ਝਿੱਕਾ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ ਕਿ ਉਨ੍ਹਾਂ ਦੇ ਗੰਨੇ ਦੇ ਖੇਤਾਂ ਵਿੱਚ ਕਿਸੇ ਨਾ ਮਾਲੂਮ ਵਿਆਕਤੀ ਦੀ ਲਾਸ਼ ਪਈ ਹੈ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕੀਤੀ ਤਾਂ ਉਸ ਤੋਂ ਪ੍ਰਤੀਤ ਹੁੰਦਾ ਸੀ ਕਿ ਕਿਸੇ ਵਿਆਕਤੀ ਨੇ ਪ੍ਰਵਾਸੀ ਮਜਦੂਰ ਦਾ ਕਤਲ ਕਰਕੇ ਲਾਸ਼ ਨੂੰ ਖੇਤਾਂ ਵਿੱਚ ਸੁੱਟਿਆ ਹੈ। ਬਾਅਦ ਵਿੱਚ ਮ੍ਰਿਤਕ ਦੀ ਪਛਾਣ ਅਮਰ ਸਿੰਘ ਨਿਵਾਸੀ ਬਜਾਗਉ ਥਾਣਾ ਸਹੋਲੀ ਬਰੇਲੀ ਉਤੱਰ ਪ੍ਰਦੇਸ਼ ਦੇ ਰੂਪ ਵਿੱਚ ਹੋਈ। ਇਸ ਦੇ ਬਾਅਦ ਮ੍ਰਿਤਕ ਅਮਰ ਸਿੰਘ ਦੀ ਕੁੜੀ ਨੇ ਆਪਣਾ ਬਿਆਨ ਲਿਖਵਾਇਆ ਕਿ ਉਸ ਦੇ ਪਿਤਾ ਦਾ ਕਤਲ ਕਥਿਤ ਤੌਰ 'ਤੇ ਹਰੀਸ਼ ਕੁਮਾਰ ਜੋ ਹਾਲ ਵਿੱਚ ਪਿੰਡ ਐਮਾ ਜੱਟਾ ਮਹਿਲਪੁਰ ਵਿੱਚ ਰਹਿੰਦਾ ਹੈ। ਜੋ ਮ੍ਰਿਤਕ ਦਾ ਭਾਣਜਾ ਵੀ ਲੱਗਦਾ ਹੈ। ਇਸ 'ਤੇ ਪੁਲਸ ਨੇ ਤੁਰੰਤ ਮੁਕੱਦਮਾ ਦਰਜ ਕਰਕੇ ਕਥਿਤ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ। ਜਿਸ ਤੋਂ ਸ਼ੁਰੂਆਤੀ ਪੁੱਛਗਿੱਛ ਵਿੱਚ ਦੱਸਿਆ ਕਿ ਉਸ ਦਾ ਆਪਣਾ ਮਾਮੇ ਅਮਰ ਸਿੰਘ ਨਾਲ ਪੈਸਿਆ ਨੂੰ ਲੈ ਕੇ ਝਗੜਾ ਚੱਲ ਰਿਹਾ ਸੀ। ਇਸ ਲਈ ਉਸ ਨੇ ਗੁਰਦੀਪ ਸਿੰਘ ਉਰਫ ਦੀਪਾ ਅਤੇ ਗਗਨਦੀਪ ਸਿੰਘ ਗੱਗੀ ਦੇ ਨਾਲ ਮਿਲ ਕੇ ਪਿੰਡ ਲਧਾਣਾ ਝਿੱਕਾ ਵਿੱਚ ਹਰਦੀਪ ਸਿੰਘ ਦੇ ਗੰਨੇ ਦੇ ਖੇਤਾਂ ਵਿੱਚ ਕਤਲ ਕਰ ਦਿੱਤਾ ਸੀ ਅਤੇ ਲਾਸ਼ ਨੂੰ ਗੰਨੇ ਦੇ ਖੇਤਾਂ ਵਿੱਚ ਸੁੱਟ ਕੇ ਫਰਾਰ ਹੋ ਗਏ ਸੀ।




**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

# ਕਿਵੇਂ ਘਟਾਈਏ ਨੁਕਸਾਨਦਾਇਕ ਕੀੜੇ ?

• ਡਾ. ਦੀਪਇੰਦਰਪਾਲ ਸਿੰਘ

ਕੋਈ ਵੀ ਕੀੜਾ ਜਦੋਂ ਸਾਡੇ ਅਰਥਚਾਰੇ ਤੇ ਲਾਭ ਨੂੰ ਪ੍ਰਭਾਵਿਤ ਕਰਦਾ ਹੈ ਤਾਂ ਉਹ ਦੁਸ਼ਮਣ ਕੀੜਾ ਕਹਾਉਂਦਾ ਹੈ। ਜੇ ਇਹ ਕੀੜੇ ਸਿੱਧੇ ਤੌਰ ’ਤੇ ਕਿਸੇ ਬਿਮਾਰੀ ਦੇ ਕੈਰੀਅਰ ਹੋਣ ਜਾਂ ਅਸਿੱਧੇ ਤੌਰ ’ਤੇ ਸਾਡੇ ਪਾਲਤੂ ਜਾਨਵਰਾਂ, ਫ਼ਸਲਾਂ ਤੇ ਲੱਕੜ ਦੇ ਭੰਡਾਰ ਨੂੰ ਪ੍ਰਭਾਵਿਤ ਕਰਦੇ ਹਨ।ਤਾਂ ਇਹ ਬੇਹੱਦ ਨੁਕਸਾਨਦੇਹ ਸਿੱਧ ਹੁੰਦੇ ਹਨ। ਇਹ ਕੀੜੇ ਉਦੋਂ ‘ਪੈਸਟ’ ਬਣਦੇ ਹਨ ਜਦੋ ਉਹ ਇਕ ਖ਼ਾਸ ਜਗ੍ਹਾ ਰਹਿਣ ਵਾਲੀਆਂ ਜਾਤੀਆਂ ਨੂੰ ਉੱਥੋਂ ਖਦੇੜ ਦਿੰਦੇ ਹਨ। ਉਦਾਹਰਣ ਦੇ ਤੌਰ ’ਤੇ ਵਸਨੀਕ ਕੀੜੇ ਆਪਣੀ ਹੀ ਜਗਾ ਦੇ ਪੱਕੇ ਪੌਦਿਆਂ ’ਤੇ ਸ਼ਹਿਦ ਦੀਆਂ ਮੱਖੀਆਂ ਦੇ ਮੁਕਾਬਲੇ ਵਧੀਆ ਪਰਾਗਣ ਕਿਰਿਆ ਕਰਦੇ ਹਨ ਜਦਕਿ ਇਨ੍ਹਾਂ ਦੇ ਖ਼ਾਤਮੇ ਬੀਜਾਂ ਦੀ ਉਤਪਤੀ ਘਟ ਜਾਂਦੀ ਹੈ ਤੇ ਫ਼ਸਲੀ ਪੈਦਾਵਾਰ ’ਚ ਗਿਰਾਵਟ ਦੇ ਆਸਾਰ ਪੈਦਾ ਹੋ ਜਾਂਦੇ ਹਨ।

### ਬਾਹਰੀ ਕੀੜੇ ਮੂਲ ਕੀੜਿਆਂ ਲਈ ਖ਼ਤਰਾ

ਕੁਝ ਬਾਹਰੋਂ ਆਈਆ ਤੇ ਸੁਭਾਅ ਪੱਖੋਂ ਤੇਜ਼ ਕੀੜੀਆਂ, ਜਿਵੇਂ ਵੱਡੇ ਸਿਰ ਵਾਲੀ ਕੀੜੀ (ਫੀਲੀਔਲ ਮੈਗਸੀਫੈਲਾ) ਤੇ ਅਰਜਨਟਾਈਨ ਕੀੜੀ (ਲਾਈਨੇਪੀਥੈਮਾ ਹਿਊਮਾਈਲ) ਨੇ ਬਰਮੂਡਾ ਤੇ ਹਵਾਈ ਇਲਾਕੇ ਦੇ ਵਸਨੀਕ ਕੀੜਿਆਂ ਨੂੰ ਉੱਥੋਂ ਖਦੇੜ ਦਿੱਤਾ ਤੇ ਉਨ੍ਹਾਂ ਦੀਆਂ ਜਾਤੀਆਂ ਲਈ ਖ਼ਤਰਾ ਪੈਦਾ ਕਰ ਦਿੱਤਾ ਹੈ। ਸਾਡੇ ਲਈ ਇਹ ਜਾਨਣਾ ਬੇਹੱਦ ਜ਼ਰੂਰੀ ਹੈ ਕੀੜਾ ‘ਪੈਸਟ’ ਕਿਵੇਂ ਬਣਦਾ ਹੈ ਤੇ ਕਿਸ ਤਰ੍ਹਾਂ ਫ਼ਸਲਾਂ ਅਤੇ ਅਰਥਚਾਰੇ ਦਾ ਨੁਕਸਾਨ ਕਰਦਾ ਹੈ ? ਇਸ ਤੋਂ ਇਲਾਵਾ ਕੀੜੇਮਾਰ ਦਵਾਈਆਂ ਦੇ ਪ੍ਰਭਾਵ ਤੇ ਕੀੜੇ ਦੇ ਇਨ੍ਹਾਂ ਦਵਾਈਆਂ ਪ੍ਰਤੀ ਅਵਰੋਧ ਬਾਰੇ ਜਾਨਣਾ ਵੀ ਲਾਜ਼ਮੀ ਹੈ। ਕਈ ਵਾਰ ਬਹੁਤ ਥੋੜ੍ਹੇ ਦੁਸ਼ਮਣ ਕੀੜੇ ਵੀ ਬਹੁਤ ਜ਼ਿਆਦਾ ਨੁਕਸਾਨ ਕਰ ਦਿੰਦੇ ਹਨ। ਜਿਵੇਂ, ਫਲਾਂ ਨੂੰ ਕੋਡਲਿੰਗ ਪਤੰਗਾ ਤੇ ਫਲਾਂ ਦੀ ਮੱਖੀ (ਡਰੋਸੋਫਿਲਾ) ਭਾਰੀ ਨੁਕਸਾਨ ਪਹੁੰਚਾਉਂਦੇ ਹਨ। ਮਾਰਕੀਟ ’ਚ ਮੁਕਾਬਲੇ ਦੀ ਸਥਿਤੀ ਹੋਣ ਕਰਕੇ ਹੁਣ ਮਿਆਰੀ ਭੋਜਨ ਤੇ ਹੋਰਨਾਂ ਪਦਾਰਥਾਂ ਦਾ ਰੁਝਾਨ ਵਧ ਗਿਆ ਹੈ। ਇਸ ਲਈ ਸਾਨੂੰ ਦੁਸ਼ਮਣ ਕੀੜਿਆਂ ਦੀ ਹੋਂਦ ਸਿਰਫ਼ ਬਾਇਲੋਜੀਕਲ ਨਾ ਸੋਚ ਕੇ ਇਕੋਨੋਮੀਕਲੀ ਵੀ ਸੋਚਣਾ ਪਵੇਗਾ ਕਿ ਉਹ ਕਿਸ ਤਰ੍ਹਾਂ ਸਾਨੂੰ ਵਿੱਤੀ ਨੁਕਸਾਨ ਪਹੁੰਚਾਉਂਦੇ ਹਨ।

### ਕੀੜਿਆਂ ਦੀ ਫ਼ਸਲਾਂ ਤਕ ਪਹੁੰਚ ਹੋਈ ਆਸਾਨ

ਕਿਸੇ ਵੀ ਕੀੜੇ ਦੇ ‘ਕੀਟ’ ਬਣਨ ਪਿੱਛੇ ਕਈ ਕਾਰਨ ਹੋ ਸਕਦੇ ਹਨ। ਪਹਿਲਾ ਕਾਰਨ ਇਹ ਹੈ ਕਿ ਕਿਸੇ ਵੀ ਕੀੜੇ ਦਾ ਗ਼ਲਤੀ ਨਾਲ ਜਾਂ ਜਾਣ ਬੁਝ ਕੇ ਆਪਣੀ ਅਸਲੀ ਤੈਅ ਸੀਮਾ ਤੋਂ ਬਾਹਰ ਜਾਣਾ, ਜਿੱਥੇ ਉਹ ਆਪਣੇ ਕੁਦਰਤੀ ਦੁਸ਼ਮਣ ਕੀੜਿਆਂ ਤੋਂ ਬਚ ਜਾਂਦੇ ਹਨ ਜਾਂ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਹੋ ਜਾਂਦੇ ਹਨ। ਦੂਸਰਾ, ਜਦੋਂ ਕੀਟ ਆਪਣੇ ਪੱਕੇ ਬੂਟੇ ਨੂੰ ਛੱਡ ਕੇ ਦੂਸਰੇ ਪੌਦੇ, ਜੋ ਉਸ ਜਗ੍ਹਾ ਵਾਸਤੇ ਨਵੇਂ ਹੁੰਦੇ ਹਨ, ਉਸ ਉੱਪਰ ਚਲੇ ਜਾਂਦੇ ਹਨ। ਇਹ ਕੰਮ ਉਹ ਕੀੜੇ ਕਰਦੇ ਹਨ ਜੋ ਇਕ ਤੋਂ ਵੱਧ ਪੌਦਿਆਂ ’ਤੇ ਆਪਣਾ ਨਿਰਵਾਹ ਕਰਦੇ ਹਨ, ਜਿਵੇਂ ਕਿ ‘ਆਲੂ ਖਪੜਾ’ (ਉਲੀਗੋਫੈਗਸ ਕਲੋਰੋਡੋ) ਆਪਣੇ ਪੱਕੇ ਬੂਟਿਆਂ ਤੋਂ ਆਲੂ ’ਤੇ ਚਲੇ ਗਈ ਹੈ ਤੇ ਇਕ ਤੋਂ ਵੱਧ ਪੌਦਿਆਂ ’ਤੇ ਰਹਿਣ ਜਾਂ ਉਨ੍ਹਾਂ ਨੂੰ ਖਾਣ ਵਾਲੇ ਕੀੜੇ, ਜਿਵੇਂ ਹੈਲੀਕੋਵਰਪਾ ਤੇ ਹੈਲੀਓਥਸ ਅੱਜ ਕਪਾਹ ਤੇ ਦੂਸਰੀਆਂ ਫ਼ਸਲਾਂ ਦੇ ਭਿਆਨਕ ਕੀੜੇ ਬਣ ਗਏ ਹਨ। ਤੀਜਾ ਕਾਰਨ ਇਕੱਲੀ ਫ਼ਸਲ ’ਤੇ ਬਹੁਤ ਸਾਰੀਆਂ ਫ਼ਸਲਾਂ ਨੂੰ ਸਾਂਝੇ ਤੌਰ ’ਤੇ ਬੀਜਣਾ ਹੈ। ਪਹਿਲਾਂ ਫ਼ਸਲਾਂ ਨੂੰ ਸਾਂਝੇ ਤੌਰ ’ਤੇ ਲਗਾਇਆ ਜਾਂਦਾ ਸੀ ਤੇ ਕੀੜੇ ਨੂੰ ਇਕ ਫ਼ਸਲ ਤੋਂ ਦੂਸਰੀ ਉਸੇ ਫ਼ਸਲ ਤਕ ਜਾਣ ਲਈ ਕਾਫੀ ਦੂਰੀ ਤੈਅ ਕਰਨੀ ਪੈਂਦੀ ਸੀ, ਜਿਸ ਨਾਲ ਵਿਚ-ਵਿਚਾਲੇ ਹੀ ਉਨ੍ਹਾਂ ਨੂੰ ਫ਼ਸਲਾਂ ਦੇ ਮਿੱਤਰ ਕੀੜੇ ਖਾ ਜਾਂਦੇ ਸਨ। ਹੁਣ ਜ਼ਮਾਨਾ ਇੱਕਲੀ ਜਾਂ ਇੱਕੋ ਫ਼ਸਲ ਬੀਜਣ ਦਾ ਆ ਗਿਆ ਹੈ, ਜਿਸ ਕਰਕੇ ਕੀੜੇ ਨੂੰ ਇਕ ਬੂਟੇ ਤੋਂ ਦੂਜੇ ਬੂਟੇ ਤਕ ਜਾਂ ਇਕ ਖੇਤ ਤੋਂ ਦੂਸਰੇ ਖੇਤ ਤਕ ਜਾਣ ਲਈ ਕੋਈ ਮੁਸ਼ਕਿਲ ਨਹੀਂ ਆਉਂਦੀ। ਜਿਸ ਕਾਰਨ ਕੀੜਿਆਂ ਦੀ ਗਿਣਤੀ ਵਧ ਜਾਂਦੀ ਹੈ ਤੇ ਉਹ ਕੀਟ ਦਾ ਰੂਪ ਧਾਰਨ ਕਰ ਲੈਂਦੇ ਹਨ।

### ਰਸਾਇਣਾਂ ਦੇ ਮਾੜੇ ਪ੍ਰਭਾਵ

ਕੀੜੇਮਾਰ ਰਸਾਇਣਕ ਦਵਾਈਆਂ ਦਾ ਉਤਪਾਦਨ ਦੂਸਰੇ ਵਿਸ਼ਵ ਯੁੱਧ ਵੇਲੇ ਹੋਇਆ। ਉਸ ਵੇਲੇ ਇਹ ਦਵਾਈਆਂ ਦਮਦਾਰ ਤੇ ਸਸਤੀਆਂ ਸਨ। ਕਿਸਾਨਾਂ ਲਈ ਕੀੜਿਆਂ ਨੂੰ ਕੰਟਰੋਲ ਕਰਨ ਦਾ ਇਹ ਸਸਤਾ ਤੇ ਵਧੀਆ ਸਾਧਨ ਸੀ। ਜਿਸ ਨੂੰ ਜਲਦ ਹੀ ਘਰੇਲੂ ਰਸਾਇਣਕ, ਕਲਚਰਲ ਤੇ ਬਾਇਲੋਜੀਕਲ ਕੰਟਰੋਲ ਨੇ ਬਦਲ ਕੇ ਰੱਖ ਦਿੱਤਾ॥1950-60 ਦੇ ਦਹਾਕੇ ਸਮੇਂ ਇਨ੍ਹਾਂ ਕੀੜੇਮਾਰ ਦਵਾਈਆਂ ਦੀ ਭਰਮਾਰ ਸੀ ਤੇ ਇਨ੍ਹਾਂ ਦਾ ਇਸਤੇਮਾਲ ਵਧਦਾ ਗਿਆ। ਅੱਜ ਕਿਸਾਨ ਕੋਲ ਨੁਕਸਾਨਦੇਹ ਕੀੜਿਆਂ ’ਤੇ ਕਾਬੂ ਪਾਉਣ ਦਾ ਇਹ ਇਕੋ ਹੀ ਤਰੀਕਾ ਰਹਿ ਗਿਆ ਹੈ। ਇਸ ’ਚ ਕੋਈ ਸ਼ੱਕ ਨਹੀਂ ਕਿ ਇਨ੍ਹਾਂ ਦਵਾਈਆਂ ਨੇ ਕੀੜੇ ਦੀ ਆਮਦ ਨੂੰ ਬਹੁਤ ਹੱਦ ਤਕ ਘਟਾਇਆ ਹੈ ਪਰ ਇਸ ਦੇ ਬੁਰੇ ਪ੍ਰਭਾਵ ਵੀ ਪਏ ਹਨ। ਕੁਦਰਤੀ ਪੌਲੀਨੇਟਰਜ਼ ਤੇ ਮਿੱਤਰ ਕੀੜਿਆਂ ਦਾ ਵੀ ਇਨ੍ਹਾਂ ਦਵਾਈਆਂ ਨਾਲ ਖਾਤਮਾ ਹੋ ਰਿਹਾ ਹੈ। ਨਤੀਜੇ ਵਜੋਂ ਦੁਸ਼ਮਣ ਕੀੜਿਆਂ ਦੀ ਗਿਣਤੀ ਵਧ ਗਈ ਹੈ। ਜੇ ਇਨ੍ਹਾਂ ਕੀੜਿਆਂ ਦੇ ਕੁਦਰਤੀ ਦੁਸ਼ਮਣ ਕੀੜੇ ਬਹੁਤ ਹੌਲੀ ਦਰ ਨਾਲ ਵਧਦੇ ਹਨ ਤਾਂ ਫ਼ਸਲਾਂ ਦੇ ਦੁਸ਼ਮਣ ਕੀੜੇ ਏਨੇ ਵਧ ਜਾਣਗੇ ਕਿ ਇਨ੍ਹਾਂ ਨਾਲ ਰਸਾਇਣਿਕ ਵਿਧੀ ਨਾਲ ਨਜਿੱਠਣਾ ਵੀ ਔਖਾ ਹੋ ਜਾਵੇਗਾ। ਇਸ ਤੋਂ ਇਲਾਵਾ ਇਨ੍ਹਾਂ ਰਸਾਇਣਕ ਦਵਾਈਆਂ ਦਾ ਵਾਤਾਵਰਨ ਤੇ ਮਨੁੱਖੀ ਸਿਹਤ ’ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਇਨ੍ਹਾਂ ਦਵਾਈਆਂ ਕਾਰਨ ਧਰਤੀ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਤੇ ਪਾਣੀ ਦੇ ਸਰੋਤਾਂ ’ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਕੀਟਨਾਸ਼ਕਾਂ ਕਾਰਨ ਵਾਲ ਝੜਨ, ਕੈਂਸਰ, ਅੱਖਾਂ ਦਾ ਖ਼ਰਾਬ ਹੋਣਾ, ਚਮੜੀ ਰੋਗ, ਸਾਹ ਦੀਆਂ ਬੀਮਾਰੀਆਂ ਮੁੱਖ ਤੌਰ ’ਤੇ ਉੱਭਰ ਕੇ ਸਾਹਮਣੇ ਆਈਆਂ ਹਨ।

### ਸਮੂਹਿਕ ਪ੍ਰਬੰਧ ਵਿਧੀ

ਨੁਕਸਾਨਦਾਇਕ ਕੀੜੇ ਘਟਾਉਣ ਦੇ ਸਮੂਹਿਕ ਪ੍ਰਬੰਧ ਦੀ ਵਿਧੀ ਪਹਿਲੀ ਵਾਰ 1960 ਵਿਚ ਪ੍ਰਮੋਟ ਹੋਈ ਸੀ, ਜਦੋਂ ਰਸਾਇਣਕ ਕੀੜੇਮਾਰ ਦਵਾਈਆਂ ਫੇਲ੍ਹ ਹੋ ਗਈਆਂ ਸਨ। ਖ਼ਾਸ ਕਰਕੇ ਕਪਾਹ ਦੀ ਫ਼ਸਲ ਉੱਤੇ 12 ਵਾਰ ਇਨ੍ਹਾਂ ਦਵਾਈਆਂ ਦਾ ਛੜਕਾਅ ਕਰਨ ਦੀ ਲੋੜ ਪੈ ਰਹੀ ਸੀ। ਜਿਸ ਕਰਕੇ ਇਹ ਦਵਾਈਆਂ ਫੇਲ੍ਹ ਹੋ ਗਈਆਂ ਸਨ। ਇਸ ਵਿਧੀ ਦਾ ਮੁੱਖ ਕਾਰਜ ਫ਼ਸਲ ਦੇ ਹੋ ਰਹੇ ਨੁਕਸਾਨ ਤੇ ਅਰਥਚਾਰੇ ਨੂੰ ਵੱਜ ਰਹੇ ਧੱਕੇ ਦੀ ਹੱਦ ਨੂੰ ਘਟਾਉਣ ਦੇ ਨਾਲ-ਨਾਲ ਇਨ੍ਹਾਂ ਰਸਾਇਣਾਂ ਦੇ ਮਿੱਤਰ ਕੀੜਿਆਂ ਤੇ ਵਾਤਾਵਰਨ ਉੱਪਰ ਪੈ ਰਹੇ ਮਾੜੇ ਪ੍ਰਭਾਵ ਦਾ ਘੱਟ ਕਰਨਾ ਹੈ। ਇਕੋਨੋਮਿਕ ਤੇ ਵਾਤਾਵਰਨ ਨੂੰ ਫ਼ਾਇਦੇ ਦੇ ਬਾਵਜੂਦ ਇਸ ਨੂੰ ਲਾਗੂ ਕਰਨ ਦਾ ਕੰਮ ਬਹੁਤ ਹੌਲੀ ਚੱਲ ਰਿਹਾ ਹੈ। ਇਸ ਦੇ ਮੁੱਖ ਕਾਰਨ ਹਨ : ਕੀਟ ਤੇ ਕੁਦਰਤੀ ਦੁਸ਼ਮਣਾਂ ਦੇ ਜੀਵਨ ਚੱਕਰ ਤੇ ਰਹਿਣ-ਸਹਿਣ ਦੀ ਜਾਣਕਾਰੀ ਦੀ ਘਾਟ, ਹਰੇਕ ਕੀਟ ਦੁਆਰਾ ਫ਼ਸਲ ਨੂੰ ਪਹੁੰਚਾਏ ਜਾਂਦੇ ਨੁਕਸਾਨ ਤੇ ਵਿੱਤੀ ਘਾਟੇ ਦੀ ਜਾਣਕਾਰੀ ਨਾ ਹੋਣ, ਉਕਤ ਜਾਣਕਾਰੀ ਲਈ ਖੋਜ ਦੇ ਖੇਤਰਾਂ ’ਚ ਪਰਪੱਕਤਾ ਨਾ ਹੋਣਾ ਤੇ ਕਿਸਾਨ, ਖੇਤੀਬਾੜੀ ਅਫਸਰਾਂ ਤੇ ਜੰਗਲਾਤ ਮਹਿਕਮੇ ਦੇ ਕਰਮਚਾਰੀਆਂ ਨੂੰ ਸਿਖਲਾਈ ਦੀ ਘਾਟ।

### ਬਾਇਲੋਜੀਕਲ ਕੰਟਰੋਲ ਤਕਨੀਕ

ਬਾਇਲੋਜੀਕਲ ਕੰਟਰੋਲ ਮਨੁੱਖ ਦੁਆਰਾ ਵਿਕਸਿਤ ਕੀਤੀ ਤਕਨੀਕ ਹੈ। ਇਸ ਵਿਚ ਕਿਸੇ ਵੀ ਕੀਟ ਦੇ ਕੁਦਰਤੀ ਦੁਸ਼ਮਣ ਨੂੰ ਉਸ ਉੱਪਰ ਛੱਡਿਆ ਜਾਂਦਾ ਹੈ ਤਾਂ ਕਿ ਕੀਟ ਨੂੰ ਕੁਝ ਹੱਦ ਤਕ ਖ਼ਤਮ ਕੀਤਾ ਜਾ ਸਕੇ ਪਰ ਇਹ ਤਕਨੀਕ ਸਾਡੇ ਅਰਥਚਾਰੇ ਨੂੰ ਉੱਚਾ ਚੁੱਕਣ ’ਚ ਬਹੁਤੀ ਸਹਾਈ ਸਿੱਧ ਨਹੀਂ ਹੋਈ, ਫਿਰ ਵੀ ਇਹ ਨੁਕਸਾਨ ਦੀ ਹੱਦ ਤਕ ਪਹੁੰਚਣ ਤੋਂ ਪਹਿਲਾਂ ਦੁਸ਼ਮਣ ਕੀੜੇ ਨੂੰ ਖ਼ਤਮ ਕਰ ਦਿੰਦੀ ਹੈ। ਹੁਣ ਤਕ ਬਹੁਤ ਸਾਰੀਆਂ ਬਾਇਲੋਜੀਕਲ ਵਿਧੀਆਂ ਪਛਾਣੀਆਂ ਜਾ ਚੁੱਕੀਆਂ ਹਨ ਪਰ ਇਨ੍ਹਾਂ ਦੀਆਂ ਪਰਿਭਾਸ਼ਾਵਾਂ ਅਲੱਗ ਹਨ ਜੋ ਅੱਜ ਵੀ ਸਮਝ ਨਹੀਂ ਆ ਰਹੀਆਂ। ਇਕ ਹੈ ‘ਕਲਾਸੀਕਲ ਬਾਇਲੋਜੀਕਲ ਰੋਕਥਾਮ’ ਜਿਸ ਦਾ ਮਤਲਬ ਹੈ ਨਵੇਂ ਕੁਦਰਤੀ ਦੁਸ਼ਮਣਾਂ ਨੂੰ ਵਿਕਸਿਤ ਕਰਨਾ, ਤਾਂ ਕਿ ਦੁਸ਼ਮਣ ਕੀੜੇ ਨੂੰ ਨਿਸ਼ਾਨਾ ਬਣਾਇਆ ਜਾ ਸਕੇ। ਇਹ ਵਿਧੀ ਉਨ੍ਹਾਂ ਦੁਸ਼ਮਣ ਕੀੜਿਆਂ ਵਾਸਤੇ ਲਾਭਦਾਇਕ ਹੈ ਜਿਹੜੇ ਆਪਣੀ ਜਗ੍ਹਾ ਛੱਡ ਕੇ ਆਪਣੀ ਸੀਮਾ ਤੋਂ ਬਾਹਰ ਦੂਸਰੀ ਜਗ੍ਹਾ ’ਤੇ ਚਲੇ ਜਾਂਦੇ ਹਨ। ਕੀੜਿਆਂ ਤੋਂ ਬਚਾਅ ਲਈ ਕਿਸਾਨਾਂ ਨੂੰ ਬਾਕਾਇਦਾ ਜਾਣਕਾਰੀ ਤੇ ਤਜਰਬਾ ਹੋਣਾ ਚਾਹੀਦਾ ਹੈ ਕਿ ਕਿਸ ਤਰ੍ਹਾਂ ਘੱਟ ਖ਼ਰਚੇ ਨਾਲ ਫ਼ਸਲ ਨੂੰ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ। • ਮੋਬਾਈਲ 80540-33569

# ਵਿਹਲ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਲਈ ਵਰਤੋ



• ਡਾ. ਰਣਜੀਤ ਸਿੰਘ

ਮੌਸਮ ਬੇਭਰੋਸਗੀ ਵਾਲਾ ਚੱਲ ਰਿਹਾ ਹੈ। ਇਸ ਕਰਕੇ ਮੀਂਹ ਦਾ ਹਰ ਵੇਲੇ ਡਰ ਬਣਿਆ ਰਹਿੰਦਾ ਹੈ। ਕਿਸਾਨ ਮੌਸਮ ਬਾਰੇ ਭਵਿੱਖਬਾਣੀ ਜ਼ਰੂਰ ਪੜ੍ਹਿਆ ਕਰਨ ਤੇ ਉਸ ਅਨੁਸਾਰ ਆਪਣੀਆਂ ਫ਼ਸਲਾਂ ਦਾ ਪ੍ਰਬੰਧ ਕਰਨ ।ਹੁਣ ਮੌਸਮ ਵਿੱਚ ਬਦਲਾਅ ਆਉਣ ਦਾ ਸਮਾਂ ਆ ਗਿਆ ਹੈ। ਕਿਸਾਨਾਂ ਕੋਲ ਇਨ੍ਹਾਂ ਦਿਨਾਂ ਵਿੱਚ ਕੁਝ ਵਿਹਲ ਹੁੰਦੀ ਹੈ । ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਕਰਕੇ ਇਸ ਵਿਹਲ ਦੀ ਵਰਤੋਂ ਹਾੜ੍ਹੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਕਰਨ ਲਈ ਕਰਨੀ ਚਾਹੀਦੀ ਹੈ।

ਮੌਸਮੀ ਤਬਦੀਲੀਆਂ ਅਤੇ ਮੰਡੀ ਦੀਆਂ ਮੁਸ਼ਕਿਲਾਂ ਨੂੰ ਦੇਖਦਿਆਂ ਹੋਇਆਂ ਕੇਵਲ ਇਕ ਹੀ ਫ਼ਸਲ ਦੀ ਬਿਜਾਈ ਨਾ ਕੀਤੀ ਜਾ ?ਵੇ ਸਗੋਂ ਫ਼ਸਲਾਂ ਵਿੱਚ ਕੁਝ ਵਖਰੇਵਾਂ ਕੀਤਾ ਜਾਵੇ। ਕਣਕ ਦੇ ਨਾਲ- ਨਾਲ ਕੁਝ ਰਕਬੇ ਵਿੱਚ ਸਬਜ਼ੀਆਂ, ਹਰਾ ਚਾਰਾ, ਦਾਲਾਂ ਤੇ ਤੇਲ ਬੀਜਾਂ ਦੀ ਵੀ ਕਾਸ਼ਤ ਕੀਤੀ ਜਾਵੇ। ਇਸ ਦੇ ਨਾਲ ਹੀ ਫ਼ਸਲਾਂ ਦੀਆਂ ਬੀਜਣ ਵਾਲੀਆਂ ਕਿਸਮਾਂ ਦਾ ਫ਼ੈਸਲਾ ਵੀ ਹੁਣ ਕਰ ਲੈਣਾ ਚਾਹੀਦਾ ਹੈ। ਇੰਜ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਤੁਸੀਂ ਕਿਹੜੀ ਫ਼ਸਲ ਹੇਠ ਕਿੰਨਾ ਰਕਬਾ ਬੀਜਣਾ ਹੈ। ਉਸ ਅਨੁਸਾਰ ਬੀਜ ਤੇ ਖਾਦ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ। ਫ਼ਸਲਾਂ ਦੀਆਂ ਪੰਜਾਬ ਵਿੱਚ ਕਾਸ਼ਤ ਲਈ ਸਿਫ਼ਾਰਿਸ਼ ਕੀਤੀਆਂ ਕਿਸਮਾਂ ਹੀ ਬੀਜੀਆਂ ਜਾਣ। ਦੁਕਾਨਦਾਰਾਂ ਦੇ ਆਖੇ ਲੱਗ ਗ਼ੈਰ ਪ੍ਰਮਾਣਿਤ ਕਿਸਮਾਂ ਬੀਜਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਸਾਰੀਆਂ ਕਿਸਮਾਂ ਦੀ ਪੂਰੀ ਤਰ੍ਹਾਂ ਪਰਖ਼ ਕਰਕੇ ਹੀ ਕਾਸ਼ਤ ਲਈ ਉਨ੍ਹਾਂ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ।

ਜੇ ਫ਼ਲਦਾਰ ਬੂਟੇ ਨਹੀਂ ਲਾਏ ਤਾਂ ਇਹ ਅਜੇ ਵੀ ਲਾਏ ਜਾ ਸਕਦੇ ਹਨ। ਸਦਾ ਬਹਾਰ ਬੂਟਿਆਂ ਵਿੱਚ ਕਿੰਨੂੰ, ਅੰਬ, ਲੀਚੀ, ਅਮਰੂਦ, ਬੇਰ, ਨਿੰਬੂ, ਆਂਵਲਾ ਪ੍ਰਮੁੱਖ ਹਨ। ਆਪਣੀ ਬੰਬੀ ਲਾਗੇ ਦੋ ਚਾਰ ਫ਼ਲਾਂ ਦੇ ਬੂਟੇ ਜ਼ਰੂਰ ਲਾਏ ਜਾਣ।

ਇਸ ਵਾਰ ਲੁਧਿਆਣਾ ਕਿਸਾਨ ਮੇਲਾ 22-23 ਸਤੰਬਰ ਨੂੰ ਹੋ ਰਿਹਾ ਹੈ। ਤੁਹਾਨੂੰ ਪਰਿਵਾਰਾਂ ਸਮੇਤ ਇਨ੍ਹਾਂ ਮੇਲਿਆਂ ਵਿੱਚ ਜਾਣਾ ਚਾਹੀਦਾ ਹੈ। ਆਪਣੀਆਂ ਸਮੱਸਿਆਵਾਂ ਨੂੰ ਨਾਲ ਲੈ ਕੇ ਜਾਵੋ ਤੇ ਮਾਹਿਰਾਂ ਨਾਲ ਇਨ੍ਹਾਂ ਬਾਰੇ ਵਿਚਾਰ ਵਟਾਂਦਰਾ ਕਰੋ।

ਵੇਲੇ ਸਿਰ ਬੀਜੀਆਂ ਸਾਉਣੀ ਦੀਆਂ ਫ਼ਸਲਾਂ ਇਸ ਮਹੀਨੇ ਪੱਕਣ ਲੱਗਦੀਆਂ ਹਨ। ਜੇਕਰ ਮੀਂਹ ਨਹੀਂ ਪਿਆ ਤਾਂ ਫ਼ਸਲ ਨੂੰ ਆਖ਼ਰੀ ਪਾਣੀ ਕਟਾਈ ਤੋਂ ਕਰੀਬ 15 ਦਿਨ ਪਹਿਲਾਂ ਦੇ ਦੇਣਾ ਚਾਹੀਦਾ ਹੈ। ਫ਼ਸਲਾਂ ਦੀ ਕਟਾਈ ਤੇ ਗਹਾਈ ਸਮੇਂ ਸਿਰ ਕਰੋ ਤਾਂ ਜੋ ਇਨ੍ਹਾਂ ਦਾ ਨੁਕਸਾਨ ਨਾ ਹੋ ਸਕੇ। ਅਸੀਂ ਪਿਛਲੇ ਹਫ਼ਤੇ ਵੀ ਦੱਸਿਆ ਸੀ ਕਿ ਜੇ ਕੋਈ ਖੇਤ ਵਿਹਲਾ ਹੈ ਤਾਂ ਉਥੇ ਤੋਰੀਆ ਬੀਜਿਆ ਜਾ ਸਕਦਾ ਹੈ। ਸਾਡੇ ਦੇਸ਼ ਵਿੱਚ ਤੇਲ ਬੀਜਾਂ ਦੀ ਬਹੁਤ ਘਾਟ ਹੈ। ਇਸ ਕਰਕੇ ਇਨ੍ਹਾਂ ਦੀ ਵਿਕਰੀ ਵਿੱਚ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਂਦੀ। ਤੋਰੀਆ ਕੇਵਲ ਤਿੰਨ ਮਹੀਨਿਆਂ ਦੀ ਫ਼ਸਲ ਹੈ ਤੇ ਇਕ ਏਕੜ ਵਿੱਚੋਂ ਪੰਜ ਕੁਇੰਟਲ ਤੋਂ ਵੱਧ ਝਾੜ ਪ੍ਰਾਪਤ ਹੋ ਜਾਂਦਾ ਹੈ। ਇਸ ਪਿੱਛੋਂ ਖੇਤ ਵਿੱਚ ਪਿਆਜ਼, ਆਲੂ ਜਾਂ ਸੂਰਜਮੁਖੀ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਇਸ ਵਿੱਚ ਗੋਭੀ ਸਰ੍ਹੋਂ ਨੂੰ ਰਲਾ ਕੇ ਵੀ ਬੀਜਿਆ ਜਾ ਸਕਦਾ ਹੈ। ਤੋਰੀਆ ਦਸੰਬਰ ਵਿੱਚ ਕੱਟ ਲਿਆ ਜਾਂਦਾ ਹੈ ਜਦੋਂ ਕਿ ਸਰੋਂ ਮਾਰਚ ਵਿੱਚ ਪੱਕਦੀ ਹੈ। ਖੇਤ ਵਿੱਚ ਇਕ ਲਾਈਨ ਤੋਰੀਆ ਤੇ ਇਕ ਲਾਈਨ ਗੋਭੀ ਸਰੋਂ ਦੀ ਬੀਜੀ ਜਾ ਸਕਦੀ ਹੈ। ਗੋਭੀ ਸਰੋਂ ਤੋਂ ਪੂਰਾ ਝਾੜ ਭਾਵ ਅੱਠ ਕੁਇੰਟਲ ਪ੍ਰਤੀ ਏਕੜ ਪ੍ਰਾਪਤ ਹੋ ਜਾਂਦਾ ਹੈ। ਟੀਐੱਲ 17, ਪੀਬੀਟੀ 37 ਅਤੇ ਟੀਐੱਲ 15 ਸਿਫ਼ਾਰਸ਼ ਕੀਤੀਆਂ ਤੋਰੀਏ ਦੀਆਂ ਕਿਸਮਾਂ ਹਨ। ਜੀਐੱਸਸੀ 7, ਜੀਐੱਸਸੀ 6, ਹਾਇਓਲਾ ਪੀਏਸੀ 401 ਅਤੇ ਜੀਐੱਸਐੱਲ 2 ਗੋਭੀ ਸਰੋਂ ਦੀਆਂ ਕਿਸਮਾਂ ਹਨ। ਸਭ ਤੋਂ ਵੱਧ ਝਾੜ ਜੀਐੱਸਸੀ 7 ਦਾ ਕਰੀਬ 9 ਕੁਇੰਟਲ ਪ੍ਰਤੀ ਏਕੜ ਹੈ। ਰਲਵੀ ਫ਼ਸਲ ਲਈ ਦੋਵਾਂ ਦਾ ਕਿਲੋ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ। ਜਦੋਂਕਿ ਨਿਰੋਲ ਫ਼ਸਲ ਲਈ ਡੇਢ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ ।

ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ ਦਾ ਹੁਣ ਮੌਸਮ ਚੱਲ ਰਿਹਾ ਹੈ। ਫ਼ਲ ਗੋਭੀ ਦੀ ਪਨੀਰੀ ਪੁੱਟ ਕੇ ਖੇਤ ਵਿਚ ਲਾਉਣ ਦਾ ਇਹ ਢੁੱਕਵਾਂ ਸਮਾਂ ਹੈ। ਇਸ ਤਰ੍ਹਾਂ ਬੰਦਗੋਭੀ ਦੀ ਪਨੀਰੀ ਵੀ ਹੁਣ ਲਾ ਦੇਣੀ ਚਾਹੀਦੀ ਹੈ। ਗਾਜਰ, ਮੂਲੀ ਤੇ ਸ਼ਲਗਮ ਦੀ ਅਗੇਤੀ ਬਿਜਾਈ ਲਈ ਵੀ ਢੁਕਵਾਂ ਸਮਾਂ ਹੈ। ਪੰਜਾਬ ਕੈਰਟ ਰੈੱਡ, ਪੰਜਾਬ ਬਲੈਕ ਬਿਊਟੀ ਅਤੇ ਪੀਸੀ-34 ਗਾਜਰ ਦੀਆਂ ਉੱਨਤ ਕਿਸਮਾਂ ਹਨ। ਐੱਲ-1 ਸ਼ਲਗਮ ਦੀ ਸਿਫ਼ਾਰਸ਼ ਕੀਤੀਂ ਸਮ ਹੈ। ਮੂਲੀ ਦੀਆਂ ਹੁਣ ਪੰਜਾਬ ਸਫ਼ੈਦ ਮੂਲੀ-2, ਪੰਜਾਬ ਪਸੰਦ ਅਤੇ ਜਪਾਨੀ ਵਾਈਟ ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ। ਪਾਲਕ ਦੀ ਖੇਤੀ ਲਗਪਗ ਸਾਰਾ ਸਾਲ ਹੀ ਹੁੰਦੀ ਰਹਿੰਦੀ ਹੈ। ਨਵੀਂ ਬਿਜਾਈ ਹੁਣ ਕੀਤੀ ਜਾ ਸਕਦੀ ਹੈ। ਪੰਜਾਬ ਗਰੀਨ ਉੱਨਤ ਕਿਸਮ ਹੈ। ਇਕ ਏਕੜ ਲਈ ਕੋਈ ਪੰਜ ਕਿਲੋ ਬੀਜ ਚਾਹੀਦਾ ਹੈ।

ਅਗੇਤੀ ਮੱਕੀ ਤੇ ਦਾਲਾਂ ਨੇ ਪੱਕਣਾ ਸ਼ੁਰੂ ਕਰ ਦਿੱਤਾ ਹੈ। ਇਨ੍ਹਾਂ ਦੀ ਸਮੇਂ ਸਿਰ ਸਾਂਭ ਸੰਭਾਲ ਜ਼ਰੂਰੀ ਹੈ। ਮੱਕੀ ਨੂੰ ਮੰਡੀ ਵਿੱਚ ਸੁਕਾ ਕੇ ਵੇਚਣਾ ਚਾਹੀਦਾ ਹੈ। ਅਜਿਹਾ ਕੀਤਿਆਂ ਵਿਕਰੀ ਛੇਤੀ ਹੋ ਜਾਂਦੀ ਹੈ। ਦਾਲਾਂ ਦੀ ਵਿਕਰੀ ਤਾਂ ਆਪ ਸਿੱਧੀ ਕਰਨ ਦਾ ਯਤਨ ਕੀਤਾ ਜਾਵੇ ਤਾਂ ਜੋ ਵੱਧ ਪੈਸੇ ਵੱਟੇ ਜਾ ਸਕਣ।

ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਬਾਰੇ ਆਪਣੇ ਫਾਰਮ ਦੀ ਵਿਉਂਤਬੰਦੀ ਕਰੋ। ਜਿਹੜੀਆਂ ਫ਼ਸਲਾਂ ਬੀਜਣੀਆਂ ਹਨ, ਉਨ੍ਹਾਂ ਦੀ ਸੂਚੀ ਬਣਾਵੋ। ਇਨ੍ਹਾਂ ਲਈ ਬੀਜ ਅਤੇ ਖਾਦਾਂ ਦਾ ਲੋੜ ਅਨੁਸਾਰ ਪ੍ਰਬੰਧ ਕਰੋ। ਕਿਸਾਨਾਂ ਨੂੰ ਚਾਹੀਦਾ ਹੈ ਕਿ ਆਪਣੀ ਵਿਉਂਤ ਅਨੁਸਾਰ ਢੁਕਵੀਂ ਸਿਫ਼ਾਰਸ਼ ਕੀਤੀ ਕਿਸਮ ਦੇ ਵਧੀਆ ਬੀਜ ਦਾ ਪ੍ਰਬੰਧ ਕਰ ਲੈਣ ਤਾਂ ਜੋ ਬਿਜਾਈ ਸਮੇਂ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਫ਼ਸਲ ਦਾ ਪੂਰਾ ਝਾੜ ਲੈਣ ਲਈ ਇਨ੍ਹਾਂ ਛੋਟੀਆਂ ਗੱਲਾਂ ਦਾ ਧਿਆਨ ਰੱਖਣਾ ਜ਼ਰੂਰੀ ਹੈ। ਆਮ ਤੌਰ ’ਤੇ ਗੰਨੇ ਦੀ ਬਿਜਾਈ ਫ਼ਰਵਰੀ-ਮਾਰਚ ਵਿੱਚ ਕੀਤੀ ਜਾਂਦੀ ਹੈ ਪਰ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਦੀ ਬਿਜਾਈ ਹੁਣ ਵੀ ਕੀਤੀ ਜਾ ਸਕਦੀ ਹੈ। ਇਸ ਨੂੰ ਪਤਝੜੀ ਫ਼ਸਲ ਆਖਿਆ ਜਾਂਦਾ ਹੈ। ਇਸ ਮੌਸਮ ਦੀ ਬਿਜਾਈ ਦਾ ਮੁੱਖ ਲਾਭ ਹੈ ਕਿ ਇਸ ਵਿੱਚ ਦੂਜੀਆਂ ਫ਼ਸਲਾਂ ਦੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਆਲੂ, ਕਣਕ, ਰਾਇਆ, ਗੋਭੀ ਸਰੋਂ, ਤੋਰੀਆ, ਮੱਕੀ, ਪੱਤਗੋਭੀ, ਮੂਲੀ, ਮਟਰ, ਛੋਲੇ ਜਾਂ ਲਸਣ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇੰਜ ਇਕ ਵਾਧੂ ਫ਼ਸਲ ਪ੍ਰਾਪਤ ਹੋ ਜਾਵੇਗੀ। ਇਸ ਮੌਸਮ ਵਿੱਚ ਬਿਜਾਈ ਲਈ ਸੀਓਪੀਬੀ 92, ਸੀਓ 118, ਸੀਓਜੇ 85 ਅਤੇ ਸੀਓਜੇ 64 ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ।

ਖਾਦਾਂ ਦੀ ਵਰਤੋਂ ਮਿੱਟੀ ਪਰਖ਼ ਦੀ ਰਿਪੋਰਟ ਅਨੁਸਾਰ ਕਰਨੀ ਚਾਹੀਦੀ ਹੈ। ਬਿਜਾਈ ਸਮੇਂ 30 ਕਿਲੋ ਨਾਈਟ੍ਰੋਜਨ ਪ੍ਰਤੀ ਏਕੜ ਪਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ । ਇਕ ਏਕੜ ਲਈ ਤਿੰਨ ਅੱਖਾਂ ਵਾਲੀਆਂ 20 ਹਜ਼ਾਰ ਪੱਛੀਆਂ ਜਾਂ ਚਾਰ ਅੱਖਾਂ ਵਾਲੀਆਂ 15000 ਪੱਛੀਆਂ ਚਾਹੀਦੀਆਂ ਹਨ। ਬਿਜਾਈ ਸਿਆੜਾਂ ਵਿੱਚ ਪੱਛੀਆਂ ਨੂੰ ਇਕ ਦੂਜੀ ਨਾਲ ਜੋੜ ਕੇ ਕਰੋ। ਲਾਈਨਾਂ ਵਿਚਕਾਰ 90 ਸੈਂਟੀਮੀਟਰ ਦਾ ਫ਼ਾਸਲਾ ਰੱਖਿਆ ਜਾਵੇ। ਪਹਿਲਾ ਪਾਣੀ ਬਿਜਾਈ ਤੋਂ ਇਕ ਮਹੀਨੇ ਪਿੱਛੋਂ ਦੇਵੋ।



ਜੇ ਫ਼ਲਦਾਰ ਬੂਟੇ ਨਹੀਂ ਲਾਏ ਤਾਂ ਇਹ ਅਜੇ ਵੀ ਲਾਏ ਜਾ ਸਕਦੇ ਹਨ। ਸਦਾ ਬਹਾਰ ਬੂਟਿਆਂ ਵਿੱਚ ਕਿੰਨੂੰ, ਅੰਬ, ਲੀਚੀ, ਅਮਰੂਦ, ਬੇਰ, ਨਿੰਬੂ, ਆਂਵਲਾ ਪ੍ਰਮੁੱਖ ਹਨ। ਆਪਣੀ ਬੰਬੀ ਲਾਗੇ ਦੋ ਚਾਰ ਫ਼ਲਾਂ ਦੇ ਬੂਟੇ ਜ਼ਰੂਰ ਲਾਏ ਜਾਣ।





# ਚੰਗੇ ਫ਼ਸਲੀ ਝਾੜ ਲਈ ਜ਼ਰੂਰੀ ਹੈ ਖਾਦਾਂ ਦੀ ਸੰਤੁਲਿਤ ਵਰਤੋਂ

**ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ ’ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ।**

ਡਾ. ਗੁਰਮਿੰਦਰ ਸਿੰਘ ਬਰਾੜ

ਕਿਸਾਨ ਵੀਰੋ ਕਿਸੇ ਵੀ ਫ਼ਸਲ ਤੋਂ ਵਧੇਰੇ ਝਾੜ ਅਤੇ ਮੁਨਾਫਾ ਲੈਣ ਲਈ ਜਿੰਨੀਆਂ ਖਾਦਾਂ ਜ਼ਰੂਰੀ ਹਨ, ਉਸ ਤੋਂ ਵੀ ਵੱਧ ਮਹੱਤਵ ਹੈ, ਕਿਸੇ ਵੀ ਫ਼ਸਲ ਨੂੰ ਪਾਈਆਂ ਜਾਣ ਵਾਲੀਆਂ ਵੱਖ-ਵੱਖ ਖਾਦ ਦੀ ਮਾਤਰਾ ਅਤੇ ਖਾਦਾਂ ਪਾਉਣ ਦੇ ਸਹੀ ਸਮੇਂ ਦਾ ਹੈ, ਕਿਉਂਕਿ ਬੇਲੋੜੀ ਮਾਤਰਾ ਅਤੇ ਬੇਲੋੜੇ ਸਮੇਂ ’ਤੇ ਪਾਈਆਂ ਜਾਣ ਵਾਲੀਆਂ ਰਸਾਇਣਿਕ ਖਾਦਾਂ ਫ਼ਸਲ ਨੂੰ ਫਾਇਦਾ ਕਰਨ ਦੀ ਬਜਾਏ ਉਲਟਾ ਸਾਡੀ ਫ਼ਸਲ ਅਤੇ ਪੈਸੇ ਦਾ ਨੁਕਸਾਨ ਕਰਦੀਆਂ ਹੀ ਹਨ, ਇਸ ਦੇ ਨਾਲ ਹੀ ਮਿੱਟੀ, ਪਾਣੀ ਅਤੇ ਵਾਤਾਵਰਨ ਨੂੰ ਵੀ ਦੂਸ਼ਿਤ ਕਰਦੀਆਂ ਹਨ, ਜਿਸ ਨਾਲ ਮਨੁੱਖੀ ਸਿਹਤ ਉੱਪਰ ਵੀ ਬੁਰਾ ਪ੍ਰਭਾਵ ਪੈਂਦਾ ਹੈ। ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ ’ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ। ਜੇਕਰ ਕਣਕ ਦੀ ਫ਼ਸਲ ਨੂੰ ਸਿਫਾਰਿਸ਼ ਕੀਤੀ ਗਈ ਡੀ. ਏ. ਪੀ. ਦੀ ਮਾਤਰਾ ਪਾਈ ਗਈ ਹੋਵੇ ਤਾਂ ਝੋਨੇ ਦੀ ਫ਼ਸਲ ਨੂੰ ਡੀ. ਏ. ਪੀ. ਖਾਦ ਪਾਉਣ ਦੀ ਜ਼ਰੂਰਤ ਨਹੀਂ, ਪਰੰਤੂ ਫਿਰ ਵੀ ਕੁਝ ਕਿਸਾਨ ਵੀਰ ਝੋਨੇ ਦੀ ਫ਼ਸਲ ਨੂੰ 50 ਕਿਲੋ ਤੱਕ ਵੀ ਡੀ. ਏ. ਪੀ. ਖਾਦ ਪਾ ਦਿੰਦੇ ਹਨ, ਜਿਸਦਾ ਝੋਨੇ ਦੀ ਫ਼ਸਲ ਨੂੰ ਕੋਈ ਫਾਇਦਾ ਨਹੀਂ ਮਿਲਦਾ, ਜੋ ਕਿ ਪੈਸੇ ਦੀ ਬਰਬਾਦੀ ਹੈ। ਪੰਜਾਬ ਦੀਆਂ ਸਾਰੀਆਂ ਜ਼ਮੀਨਾਂ ਵਿਚ ਪੋਟਾਸ਼ ਦੀ ਕਾਫੀ ਮਾਤਰਾ ਮੌਜੂਦ ਹੈ, ਪਰੰਤੂ ਫਿਰ ਵੀ ਜੇਕਰ ਲੋੜ ਮਹਿਸੂਸ ਹੋਵੇ ਤਾਂ ਪੋਟਾਸ਼ ਖਾਦ ਸਿਫਾਰਿਸ਼ ਅਨੁਸਾਰ ਪਾਈ ਜਾ ਸਕਦੀ ਹੈ। ਹੁਣ ਅਸੀਂ ਗੱਲ ਕਰਦੇ ਹਾਂ ਨਾਈਟ੍ਰੋਜਨ ਤੱਤ ਵਾਲੀ ਖਾਦ ਯੂਰੀਆ ਦੀ ਜਿਸ ਦੀ ਸਿਫਾਰਿਸ਼ ਮਾਤਰਾ ਵਿਚੋਂ 1/3 ਹਿੱਸਾ ਕੱਦੂ ਕਰਨ ਤੋਂ ਪਹਿਲਾਂ ਜਾਂ ਪਨੀਰੀ ਲਾਉਣ ਤੋਂ ਦੋ ਹਫਤੇ ਤੱਕ ਅਤੇ ਬਾਕੀ ਰਹਿੰਦੀ ਯੂਰੀਆ ਨੂੰ ਦੋ ਬਰਾਬਰ ਹਿੱਸਿਆਂ ਵਿਚ ਪਨੀਰੀ ਲਾਉਣ ਤੋਂ 3 ਅਤੇ 6 ਹਫਤੇ ਬਾਅਦ ਛੱਟੇ ਨਾਲ ਪਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਯੂਰੀਆ ਖਾਦ ਦੀ ਵਰਤੋਂ ਲਈ ਪੱਤਾ ਰੰਗ ਚਾਰਟ (ਐਲ.ਸੀ.ਸੀ.) ਵਿਧੀ ਵੀ ਦੱਸੀ ਗਈ ਹੈ ਜਿਸ ਅਨੁਸਾਰ ਝੋਨੇ ਦੀ ਲੁਆਈ ਸਮੇਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾਉਣ ਉਪਰੰਤ ਝੋਨਾ ਲੱਗਣ ਦੇ ਦੋ-ਦੋ ਹਫਤਿਆਂ ਬਾਅਦ ਹਰ ਵਾਰ ਖੇਤ ਵਿਚ ਦਸ ਪੌਦਿਆਂ ਦੇ ਉੱਪਰੋਂ ਪੂਰੇ ਖੁੱਲ੍ਹੇ ਪਹਿਲੇ ਪੱਤੇ ਦਾ ਰੰਗ ਬਿਨਾਂ ਤੋੜੇ ਚਾਰਟ ਨਾਲ ਮਿਲਾਉ ਅਤੇ ਜਦੋਂ ਦਸ ਵਿਚੋਂ ਛੇ ਜਾਂ ਵੱਧ ਪੱਤਿਆਂ ਦਾ ਰੰਗ ਚਾਰਟ ਦੀ ਟਿੱਕੀ ਨੰਬਰ 4 ਤੋਂ ਫਿੱਕਾ ਹੋਵੇ ਤਾਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾ ਦਿਉ, ਪਰੰਤੂ ਕਿਸਾਨ ਵੀਰ ਝੋਨੇ ਦਾ ਝਾੜ ਵਧਾਉਣ ਲਈ ਸਿਰਫ ਯੂਰੀਆ ਨੂੰ ਹੀ ਰਾਮਬਾਣ ਮੰਨਦੇ ਹਨ ਅਤੇ ਜਦੋਂ ਵੀ ਫ਼ਸਲ ਥੋੜ੍ਹਾ ਜਿਹਾ ਵੀ ਰੰਗ ਛੱਡਦੀ ਹੈ ਤਾਂ ਇਕ-ਦੂਜੇ ਦੀ ਦੇਖਾ-ਦੇਖੀ ਰੰਗ ਗੂੜ੍ਹਾ ਕਰਨ ਲਈ ਵਾਰ-ਵਾਰ ਹੀ ਯੂਰੀਆ ਖਾਦ ਪਾਉਂਦੇ ਹਨ ਅਤੇ ਕੁਝ ਕਿਸਾਨ ਵੀਰ 4 ਤੋਂ 5 ਗੱਟੇ ਮਤਲਬ 200 ਤੋਂ 250 ਕਿਲੋ ਯੂਰੀਆ ਵੀ ਪਾ ਦਿੰਦੇ ਹਨ, ਜੋ ਕਿ ਗ਼ਲਤ ਹੈ, ਕਿਉਂਕਿ ਜ਼ਿਆਦਾ ਮਾਤਰਾ ਵਿਚ ਨਾਈਟ੍ਰੋਜਨ ਤੱਤ ਵਾਲੀ ਖਾਦ ਪਾਉਣ ਨਾਲ ਪੱਤਿਆਂ ਵਿਚ ਪ੍ਰੋਟੀਨ ਦੀ ਮਾਤਰਾ ਵੱਧ ਹੋ ਜਾਂਦੀ ਅਤੇ ਪੱਤੇ ਜ਼ਿਆਦਾ ਹਰੇ ਅਤੇ ਨਰਮ ਹੋ ਜਾਂਦੇ ਹਨ,ਜਿਸ ਕਾਰਨ ਫ਼ਸਲ ਉੱਪਰ ਕੀੜੇ-ਮਕੌੜਿਆਂ ਤੋਂ ਇਲਾਵਾ ਤਣਾ ਗਲਣ ਦਾ ਰੋਗ, ਝੁਲਸ ਰੋਗ, ਭੂਰੇ ਧੱਬਿਆਂ ਦਾ ਰੋਗ ਆਦਿ ਹੋ ਸਕਦਾ ਹੈ ਅਤੇ ਫ਼ਸਲ ਦਾ ਝਾੜ ਘਟ ਜਾਂਦਾ ਹੈ । ਇਸ ਤੋਂ ਇਲਾਵਾ ਯੂਰੀਆ ਖਾਦ ਪਾਉਣ ਵੇਲੇ ਖੇਤ ਵਿਚ ਪਾਣੀ ਵੀ ਖੜ੍ਹਾ ਨਹੀਂ ਹੋਣਾ ਚਾਹੀਦਾ ਕਿਉਂਕਿ ਇਸ ਨਾਲ ਯੂਰੀਆ ਦਾ ਕੁਝ ਹਿੱਸਾ ਪਾਣੀ ਨਾਲ ਹੇਠਾਂ ਚਲਾ ਜਾਂਦਾ ਹੈ ਅਤੇ ਕੁਝ ਅਮੋਨੀਆ ਬਣ ਕੇ ਹਵਾ ਵਿਚ ਉੱਡ ਜਾਂਦਾ ਹੈ, ਸੋ ਖਾਦ ਪਾਉਣ ਤੋਂ ਤੀਸਰੇ ਦਿਨ ਪਾਣੀ ਲਾਉਣਾ ਚਾਹੀਦਾ ਹੈ। ਜ਼ਿਆਦਾ ਸਮੇਂ ਤੋਂ ਲਗਾਤਾਰ ਕਣਕ-ਝੋਨਾ ਫ਼ਸਲੀ ਚੱਕਰ ਕਾਰਨ ਹੁਣ ਪੰਜਾਬ ਦੀਆਂ ਜ਼ਮੀਨਾਂ ਵਿਚ ਲੋਹਾ ਅਤੇ ਜ਼ਿੰਕ ਆਦਿ ਤੱਤਾਂ ਦੀ ਘਾਟ ਵੀ ਆਉਂਦੀ ਹੈ, ਸੋ ਜੇਕਰ ਬੂਟਿਆਂ ਦੇ ਪੱਤੇ ਮਧਰੇ ਰਹਿਣ, ਜੜ੍ਹ ਘੱਟ ਮਾਰਨ, ਜੰਗਾਲੇ ਜਿਹੇ ਅਤੇ ਭੂਰੇ ਹੋ ਜਾਣ ਤਾਂ 25 ਕਿਲੋ ਜ਼ਿੰਕ ਸਲਫੇਟ 21 ਫ਼ੀਸਦੀ ਪ੍ਰਤੀ ਏਕੜ ਖੇਤ ਵਿਚ ਖਿਲਾਰ ਦਿਉ। ਇਸੇ ਤਰਾਂ ਜੇਕਰ ਹਲਕੀਆਂ ਜ਼ਮੀਨਾਂ ਵਿਚ ਝੋਨਾ ਲਾਇਆ ਗਿਆ ਹੋਵੇ ਜਾਂ ਪਾਣੀ ਦੀ ਜ਼ਿਆਦਾ ਘਾਟ ਆ ਜਾਵੇ ਤਾਂ ਝੋਨੇ ਦੇ ਨਵੇਂ ਨਿਕਲ ਰਹੇ ਪੱਤੇ ਪੀਲੇ ਪੈ ਜਾਂਦੇ ਹਨ ਅਤੇ ਹੌਲੀ-ਹੌਲੀ ਬੂਟੇ ਮਰ ਜਾਂਦੇ ਹਨ, ਜੋ ਕਿ ਲੋਹੇ ਤੱਤ ਦੀ ਘਾਟ ਦੀਆਂ ਨਿਸ਼ਾਨੀਆਂ ਹਨ, ਸੋ ਜਦੋਂ ਅਜਿਹੀਆਂ ਨਿਸ਼ਨੀਆਂ ਨਜ਼ਰ ਆਉਣ ਤਾਂ ਛੇਤੀ-ਛੇਤੀ ਭਰਵੇਂ ਪਾਣੀ ਲਾਉ ਅਤੇ ਇਕ ਕਿਲੋ ਫੈਰਸ ਸਲਫੇਟ ਨੂੰ 100 ਲਿਟਰ ਪਾਣੀ ਵਿਚ ਮਿਲਾ ਕੇ ਇਕ ਹਫਤੇ ਦੀ ਵਿੱਥ ’ਤੇ 2-3 ਛਿੜਕਾਅ ਕਰੋ। ਕਈ ਕਿਸਾਨ ਵੀਰ ਗ਼ੈਰ-ਤਕਨੀਕੀ ਲੋਕਾਂ ਦੇ ਕਹਿਣ ਤੇ ਲੋਹਾ ਤੱਤ ਜ਼ਮੀਨ ਵਿਚ ਪਾ ਦਿੰਦੇ ਹਨ ਪਰੰਤੂ ਇੱਥੇ ਧਿਆਨ ਯੋਗ ਗੱਲ ਇਹ ਹੈ ਕਿ ਲੋਹੇ ਦੀ ਜ਼ਮੀਨ ਰਾਹੀਂ ਪੂਰਤੀ ਅਸਰਦਾਰ ਨਹੀਂ ਹੈ। ਸੋ ਆਖਰ ਵਿਚ ਕਿਸਾਨ ਵੀਰਾਂ ਨੂੰ ਬੇਨਤੀ ਹੈ ਕਿ ਖਾਦਾਂ ਨੂੰ ਲੋੜ ਅਨੁਸਾਰ ਸਹੀ ਮਾਤਰਾ ਅਤੇ ਸਹੀ ਸਮੇਂ ਉੱਪਰ ਪਾ ਕੇ ਅਸੀਂ ਵਧੇਰੇ ਫ਼ਸਲੀ ਝਾੜ ਲੈ ਸਕਦੇ ਹਾਂ ਅਤੇ ਇਸ ਦੇ ਨਾਲ-ਨਾਲ ਜੇਕਰ ਅਸੀਂ ਸੰਤੁਲਿਤ ਖਾਦਾਂ ਜਿਸ ਵਿਚ ਰਸਾਇਣਿਕ ਖਾਦਾਂ ਦੇ ਨਾਲ ਰੂੜੀ, ਹਰੀ ਖਾਦ ਦੀ ਵਰਤੋਂ ਵੀ ਕਰੀਏ ਤਾਂ ਇਹ ਸੋਨੇ ਤੇ ਸੁਹਾਗੇ ਵਾਲੀ ਗੱਲ ਹੋਵੇਗੀ। -ਖੇਤੀਬਾੜੀ ਵਿਕਾਸ ਅਫਸਰ, ਬਾਘਾਪੁਰਾਣਾ 94653-53756



# ਡਿਪਟੀ ਕਮਿਸ਼ਨਰ ਨੇ ਪਿੰਡ ਨਿਵਾਸੀਆਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਉਸ ਦਾ ਸੁਚੱਜੇ ਤਰੀਕੇ ਨਾਲ ਪ੍ਰਬੰਧਨ ਕਰਨ ਦੀ ਕੀਤੀ ਅਪੀਲ

**ਮਲੇਰਕੋਟਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬਰੂੰਹਾਂ ਤੱਕ ਪ੍ਰਸ਼ਾਸਨਿਕ ਸੇਵਾਵਾਂ ਪੁੱਜਦੀਆਂ ਕਰਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਸਬ ਡਵੀਜ਼ਨ ਪੱਧਰ ਤੇ ਪਿੰਡਾਂ ਵਿੱਚ ÷ਆਪ ਦੀ ਸਰਕਾਰ ਆਪ ਦੇ ਦੁਆਰ ÷ ਪ੍ਰੋਗਰਾਮ ਤਹਿਤ ਵਿਸ਼ੇਸ ਜਨ ਸਣਵਾਈ ਕੈਂਪਾਂ ਦਾ ਲਗਾਤਾਰ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸਬ ਡਵੀਜ਼ਨ ਮਾਲੇਰਕੋਟਲਾ ਦੇ ਪਿੰਡ ਖੁਰਦ ਵਿਖੇ ਜਨ ਸੁਣਵਾਈ ਕੈਂਪ ਲਗਾਇਆ ਗਿਆ । ਇਸ ਮੌਕੇ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ ਦੇ ਪ੍ਰਸਾਸਨਿਕ ਅਧਿਕਾਰੀਆਂ ਨਾਲ ਪਿੰਡ ਨਿਵਾਸੀਆਂ ਦੀਆਂ ਨਿੱਜੀ ਅਤੇ ਸਾਝੀਆਂ ਸਮੱਸਿਆਵਾਂ ਸੁਣੀਆਂ । ਇਸ ਮੌਕੇ ਸਥਾਨਕ ਐਸ.ਡੀ.ਐਮ.ਸ੍ਰੀਮਤੀ ਅਪਰਨਾ ਐਮ.ਬੀ ਵੀ ਮੌਜੂਦ ਸਨ ।

ਡਿਪਟੀ ਕਮਿਸ਼ਨਰ ਨੇ ਪਿੰਡ ਨਿਵਾਸੀਆਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਦੇ ÷ਆਪ ਦੀ ਸਰਕਾਰ ਆਪ ਦੇ ਦੁਆਰ ÷ ਪ੍ਰੋਗਰਾਮ, ਜਿਸਦਾ ਉਦੇਸ਼ ਲੋਕਾਂ ਨੂੰ ਸਿੱਧੇ ਤੌਰ 'ਤੇ ਸੇਵਾਵਾਂ ਪ੍ਰਦਾਨ ਕਰਨਾ ਹੈ, ਨੂੰ ਲੋਕਾਂ ਵੱਲੋਂ ਹਾਂ-ਪੱਖੀ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਨੇ ਨਾਗਰਿਕ ਸੇਵਾਵਾਂ ਨੂੰ ਨਿਰਵਿਘਨ, ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਪ੍ਰਦਾਨ ਕਰਨ ਲਈ ਵਚਨਬੱਧਤਾ 'ਤੇ ਜ਼ੋਰ ਦਿੱਤਾ ਅਤੇ ਆਸ ਪ੍ਰਗਟਾਈ ਕਿ ਪ੍ਰਸ਼ਾਸਨ ਦੀ ਪ੍ਰਕਿਰਿਆ ਵਿੱਚ ਜਨਤਾ ਦੀ ਭਾਗੀਦਾਰੀ ਸੇਵਾਵਾਂ ਨੂੰ ਵਧੇਰੇ ਜਵਾਬਦੇਹ ਅਤੇ ਪਾਰਦਰਸ਼ੀ ਬਣਾਏਗੀ।

ਇਸ ਮੌਕੇ ਸਰਕਾਰੀ ਸਕੂਲ ਦਾ ਦਰਜਾ ਵਧਾ ਕੇ 12ਵੀਂ ਤੱਕ ਕਰਨ ਸਬੰਧੀ, ਪਿੰਡ ਦੀ ਸਾਫ ਸੁਫਾਈ ,ਗੰਦੇ ਪਾਣੀ ਦੀ ਨਿਕਾਸੀ ,ਪਿੰਡ ਦੇ ਛੱਪੜ ਸਬੰਧੀ, ਖੇਡ ਮੈਦਾਨ ਦੀ ਸਾਫ ਸਫਾਈ ਅਤੇ ਰਿਪੇਅਰ,ਪਿੰਡ ਦੀ ਟੁੱਟੀ ਸੜਕ ਦੀ ਰਿਪੇਅਰ ,ਕਮਿਊਨਟੀ ਹਾਲ,ਆਂਗਣਵਾੜੀ ਕੇਂਦਰ ਦੀ ਬਿਲਡਿੰਗ,ਕੱਚੇ ਘਰਾਂ ਨੂੰ ਪੱਕਾ ਕਰਨ ਆਦਿ ਸਬੰਧੀ ਸਾਂਝੀ ਸਮੱਸਿਆਵਾਂ ਤੋਂ ਇਲਾਵਾ ਰਾਸ਼ਨ ਕਾਰਡ , ਸਿਹਤ ਬੀਮਾ ਕਾਰਡ (ਆਯੂਸਮਾਨ ਕਾਰਡਾਂ) ਇੰਤਕਾਲ ਦੇ ਇੰਜਰਾਜ,ਜੰਮਾਬੰਦੀਆਂ ਵਿੱਚ ਤਰੁਟੀਆਂ ਦੀ ਦਰੁਸਤੀ, ਆਦਿ ਸਬੰਧੀ ਪ੍ਰਸਾਸਨਿਕ ਅਧਿਕਾਰੀਆਂ ਨੂੰ ਅਵਗਤ ਕਰਵਾਇਆ । ਇਸ ਮੌਕੇ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਪਿੰਡ ਦੇ ਛੱਪੜ ਵਾਲੇ ਸਥਾਨ ਦਾ ਨਰਿਖਣ ਕੀਤਾ ਅਤੇ ਤੁਰੰਤ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਨੂੰ ਪਿੰਡ ਦੇ ਛੱਪੜ ਦੀ ਰਿਪੇਅਰ ,ਸਾਫ਼ ਸਫਾਈ ਆਦਿ ਕਰਵਾਉਣ ਦੀ ਹਦਾਇਤ ਕੀਤੀ ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪਿੰਡ ਦੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾ ਲਈ ਯੋਗ ਕੇਸਧਾਰੀ ਸਿੱਖ ਆਪਣੀਆਂ ਵੋਟਾਂ ਬਣਾਉਣ ਲਈ 16 ਸਤੰਬਰ ਤੱਕ ਆਪਣੇ ਫਾਰਮ ਪਟਵਾਰੀ/ ਕਾਨੂੰਗੋ ਜਾਂ ਸਬੰਧਤ ਐਸ.ਡੀ.ਐਮ. ਦਫ਼ਤਰ ਵਿਖੇ ਭਰ ਕੇ ਦੇਣ ਤਾਂ ਜੋ ਜੋ ਕੋਈ ਵੀ ਯੋਗ ਵਿਅਕਤੀ ਬਤੌਰ ਵੋਟਰ ਰਜਿਸਟਰ ਹੋਣ ਤੋਂ ਵਾਂਝਾ ਨਾ ਰਹਿ ਸਕੇ । ਉਨ੍ਹਾਂ ਪਿੰਡ ਦੀਆਂ ਯੋਗ ਔਰਤਾਂ ਨੂੰ ਵੀ ਆਪਣੀਆਂ ਵੋਟਾਂ ਬਣਾਉਣ ਲਈ ਆਖਿਆ ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪਿੰਡ ਨਿਵਾਸੀਆਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਉਸ ਦਾ ਸੁਚੱਜੇ ਤਰੀਕੇ ਨਾਲ ਪ੍ਰਬੰਧਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਪਰਾਲੀ ਦਾ ਖੇਤ ਵਿੱਚ ਹੀ ਪ੍ਰਬੰਧਨ ਕਰਨ ਲਈ ਇੰਨ-ਸਿਟੂ ਮਸ਼ੀਨਾਂ ਅਤੇ ਪਰਾਲੀ ਨੂੰ ਇਕੱਠੀ ਕਰਕੇ ਇਸ ਦੀਆਂ ਗੰਢਾਂ ਦੀ ਵੱਖ-ਵੱਖ ਉਦਯੋਗਿਕ ਇਕਾਈਆਂ ਵਿਚ ਵਰਤੋਂ ਲਈ ਐਕਸ-ਸਿਟੂ ਬੇਲਰ ਮਸ਼ੀਨਾਂ ਦੀ ਉਪਲਬੱਧਤਾ ਸਬੰਧੀ ਜਾਣਕਾਰੀ ਹਾਸਲ ਕਰਨ ਲਈ ਖੇਤੀਬਾੜੀ ਅਫ਼ਸਰਾਂ ਨਾਲ ਸੰਪਰਕ ਕਰਨ ਲਈ ਕਿਹਾ । ਉਨ੍ਹਾਂ ਪਿਛਲੇ ਸਮੇਂ ਦੌਰਾਨ ਜ਼ਿਲ੍ਹੇ ਦੇ ਕਿਸਾਨਾਂ ਵੱਲੋਂ ਪਰਾਲੀ ਪ੍ਰਬੰਧਨ ਵਿਚ ਦਿੱਤੇ ਸਹਿਯੋਗ ਲਈ ਧੰਨਵਾਦ ਜ਼ਾਹਿਰ ਕੀਤਾ ਅਤੇ ਮੌਜੂਦਾ ਸਾਲ ਦੌਰਾਨ ਵੀ ਸਮੂਹ ਕਿਸਾਨ ਯੂਨੀਅਨਾਂ ਅਤੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਦਾ ਯੋਗ ਪ੍ਰਬੰਧਨ ਕਰਕੇ ਵਾਤਾਵਰਨ ਦੀ ਸੰਭਾਲ ਵਿਚ ਵੱਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਇਸ ਮੌਕੇ ਬੀ.ਡੀ.ਪੀ.ਓ ਸ੍ਰੀ ਜੁਗਰਾਜ ਸਿੰਘ,ਸੁਖਵਿੰਦਰ ਸਿੰਘ ਲਾਲੀ,ਮੁਹੰਮਦ ਯਾਸ਼ੀਨ,ਡਾ ਸਤਪਾਲ,ਸੱਜਣ ਸਿੰਘ,ਗੁਰਪ੍ਰੀਤ ਸਿੰਘ,ਅਸਲਮ ਮੁਹੰਮਦ ਤੋਂ ਇਲਾਵਾ ਹੋਰ ਪਿੰਡ ਨਿਵਾਸੀ ਮੌਜੂਦ ਸਨ ।

# ਨਗਰ ਨਿਗਮ ਅਤੇ ਪਸ਼ੂ ਪਾਲਣ ਵਿਭਾਗ ਵੱਲੋਂ ਅਬੋਹਰ ਅੰਦਰ ਆਵਾਰਾ ਕੁੱਤਿਆਂ ਦੀ ਰੋਕਥਾਮ ਲਈ ਟੀਕਾਕਰਨ ਮੁਹਿੰਮ ਲਗਾਤਾਰ ਜਾਰੀ

**ਅਬੋਹਰ , 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਅਤੇ ਪਸ਼ੂ ਪਾਲਣ ਵਿਭਾਗ ਵੱਲੋਂ ਅਬੋਹਰ ਦੀ ਹਦੂਦ ਅੰਦਰ ਆਵਾਰਾ ਕੁੱਤਿਆਂ ਦੀ ਰੋਕਥਾਮ ਲਈ ਟੀਕਾਕਰਨ ਮੁਹਿੰਮ ਲਗਾਤਾਰ ਜਾਰੀ ਹੈ। ਕਮਿਸ਼ਨਰ ਨਗਰ ਨਿਗਮ ਅਬੋਹਰ-ਕਮ-ਡਿਪਟੀ ਕਮਿਸ਼ਨਰ ਡਾ: ਸੇਨੂੰ ਦੁੱਗਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਗਰ ਨਿਗਮ ਅਤੇ ਪਸ਼ੂ ਪਾਲਣ ਵਿਭਾਗ ਵੱਲੋਂ ਲੋਕਾਂ ਨੂੰ ਆਵਾਰਾ ਕੁੱਤਿਆਂ ਦੇ ਹਲਕਾਅ ਤੋਂ ਬਚਾਉਣ ਲਈ ਲਗਾਤਾਰ ਟੀਕਾਕਰਨ ਕੀਤਾ ਜਾ ਰਿਹਾ ਹੈ।

ਨਗਰ ਨਿਗਮ ਦੇ ਚੀਫ ਸੈਨੇਟਰੀ ਜਸਵਿੰਦਰ ਸਿੰਘ ਤੇ ਸੈਨੇਟਰੀ ਇੰਸਪੈਕਟਰ ਕਰਤਾਰ ਸਿੰਘ ਨੇ ਦੱਸਿਆ ਕਿ ਇਹ ਅਭਿਆਨ ਸਮੇਂ-ਸਮੇਂ *ਤੇ ਚਲਾਏ ਜਾ ਰਹੇ ਹਨ ਜਿਸ ਤਹਿਤ ਹੁਣ ਤੱਕ 703 ਆਵਾਰਾ ਕੁੱਤਿਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਕੁਤਿਆਂ ਦੇ ਹਲਕਾਅ ਹੋਣ ਤੋਂ ਰੋਕਣ ਲਈ ਇਹ ਟੀਕਾਕਰਨ ਲਾਜਮੀ ਹੈ।ਉਨ੍ਹਾਂ ਦੱਸਿਆ ਕਿ ਸੰਤ ਨਗਰ, ਠਾਕਰ ਅਬਾਦੀ, ਅਜ਼ੀਮਗੜ੍ਹ, ਵਰਿਆਮ ਨਗਰ, ਸਾਊਥ ਐਵੀਨਿਊ, ਨਿਊ ਸੂਰਜ ਨਗਰੀ, ਸਾਈਂ ਵਿਹਾਰ, ਸ਼ਾਰਦਾ ਵਿਹਾਰ, ਬਸੰਤ ਨਗਰ, ਪੁਰਾਣੀ ਫਾਜ਼ਿਲਕਾ ਰੋਡ, ਈਦਗਾਹ ਬਸਤੀ, ਸੇਤੀਆ ਕਲੋਨੀ ਗੋਵਿੰਦ ਨਗਰੀ, ਨਾਨਕ ਨਗਰੀ, ਆਨੰਦ ਨਗਰੀ, ਪਟੇਲ ਨਗਰ, ਏਕਤਾ ਕਲੋਨੀ, ਸਾਊਥ ਸਰਕੂਲਰ ਰੋਡ, ਮੰਡੀ ਨੰਬਰ 1, ਮੰਡੀ ਨੰਬਰ 2 ਫਾਜ਼ਿਲਕਾ ਰੋਡ ਇਲਾਕੇ ਸਮੇਤ ਹੋਰ ਥਾਵਾਂ 'ਤੇ ਕੀਤਾ ਗਿਆ।

ਇਹ ਟੀਕਾਕਰਨ ਮੁਹਿੰਮ ਪਸ਼ੂ ਹਸਪਤਾਲ ਦੇ ਡਾਕਟਰ ਮਨਦੀਪ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਉਪਰੰਤ ਉਨ੍ਹਾਂ ਦਾ ਟੀਕਾਕਰਨ ਕਰਕੇ ਨਿਸ਼ਾਨਦੇਹੀ ਕੀਤੀ ਜਾਂਦੀ ਹੈ, ਤਾਂ ਜੋ ਟੀਕਾਕਰਨ ਵਾਲੇ ਕੁੱਤਿਆਂ ਦੀ ਪਛਾਣ ਹੋ ਸਕੇ ।

ਇਸ ਮੌਕੇ ਮੁੱਖ ਸੱਕਤਰ ਇੰਸਪੈਕਟਰ ਜਸਵਿੰਦਰ ਸਿੰਘ, ਸੈਨੇਟਰੀ ਇੰਸਪੈਕਟਰ ਕਰਤਾਰ ਸਿੰਘ, ਸੁਪਰਵਾਈਜ਼ਰ ਸੋਨੂੰ ਬੁਲੰਦੀ ਆਦਿ ਨੇ ਭਰਪੂਰ ਯੋਗਦਾਨ ਪਾਇਆ।

# ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਸ਼੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਲਗਾਇਆ ਗਿਆ ਵਿਸ਼ੇਸ਼ ਕੈਂਪ

**ਬਟਾਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਸ਼ਾਇਰੀ ਭੰਡਾਰੀ ਐੱਸ.ਡੀ.ਐੱਮ ਕਮ-ਕਮਿਸ਼ਨਰ ਨਗਰ ਨਿਗਮ,ਬਟਾਲਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਿਸ਼ੇਸ ਕੈਂਪ ਲਗਾਇਆ ਗਿਆ ਹੈ। ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਨੂੰ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਦੀਆਂ ਦਿੱਤੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਅੱਜ ਮਚਰਾਏ ਪੱਤੀ ਮਿਠਾਪੁਰ ਪੰਚਾਇਤ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਸੁਖਜੀਤ ਕੌਰ ਬੀ.ਡੀ.ਪੀ.ਓ.ਸ਼੍ਰੀ ਹਰਗੋਬਿੰਦਪੁਰ ਸਾਹਿਬ ਸਮੇਤ ਹਰਵਿੰਦਰ ਸਿੰਘ ਪੰਚਾਇਤ ਵਿਭਾਗ, ਜੋਬਨਪ੍ਰੀਤ ਸਿੰਘ, ਭੁਪਿੰਦਰ ਸਿੰਘ, ਨਵਪ੍ਰੀਤ ਸਿੰਘ, ਬਿਕਰਮਜੀਤ ਸਿੰਘ ਫੂਡ ਸਪਲਾਈ, ਜਗਦੀਪ ਸਿੰਘ ਅਤੇ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਇਸ ਵਿਸ਼ੇਸ ਕੈਂਪ ਵਿੱਚ ਸ਼੍ਰੀ ਹਰਗੋਬਿੰਦਪੁਰ ਦੇ ਵਸਨੀਕਾਂ ਦੇ ਨਾਲ ਪਿੰਡ ਮਚਰਾਏ, ਮਚਰਾਏ ਪੱਤੀ, ਮਿੱਠਾਪੁਰ, ਗਾਲੋਵਾਲ, ਕਾਂਗੜਾ, ਸਮਰਾਏ, ਨੂਰਪੁਰ ਦੇ ਵਸਨੀਕਾਂ ਨੇ ਭਾਗ ਲਿਆ। ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਵਿਸ਼ੇਸ਼ ਸਟਾਲ ਲਗਾ ਕੇ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਗਿਆ।

ਡਾ. ਸ਼ਾਇਰੀ ਭੰਡਾਰੀ ਨੇ ਕਿਹਾ ਕਿ 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ/ ਵਾਰਡਾਂ ਵਿੱਚ ਵਿਸ਼ੇਸ ਕੈਂਪ ਲਗਾਏ ਜਾ ਰਹੇ ਹਨ। ਇਨਾਂ ਵਿਸ਼ੇਸ ਕੈਂਪਾਂ ਦਾ ਮੁੱਖ ਮਕਸਦ ਇਹੀ ਹੈ ਕਿ ਲੋਕ ਆਪਣੇ ਘਰਾਂ ਦੇ ਨੇੜੇ ਹੀ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਹਾਸਲ ਕਰ ਸਕਣ। ਉਨਾਂ ਦੱਸਿਆ ਕਿ ਇਨਾਂ ਵਿਸ਼ੇਸ ਕੈਂਪਾਂ ਵਿੱਚ ਮਾਲ ਵਿਭਾਗ, ਸਿਹਤ ਵਿਭਾਗ, ਪੰਚਾਇਤ ਵਿਭਾਗ, ਮਗਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਸਿੱਖਿਆ ਵਿਭਾਗ ਅਤੇ ਖੇਤੀਬਾੜੀ ਆਦਿ ਨਾਲ ਸਬੰਧਤ ਸੇਵਾਵਾਂ ਦਾ ਲਾਭ ਪੁਜਦਾ ਕੀਤਾ ਗਿਆ ਹੈ।ਉਨਾਂ ਦੱਸਿਆ ਕਿ ਇਨਾਂ ਵਿਸ਼ੇਸ ਕੈਂਪਾਂ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਮੌਕੇ 'ਤੇ ਹੀ ਬਿਨੈਕਾਰਾਂ ਕੋਲੋਂ ਬਿਨੈ ਪੱਤਰ ਪ੍ਰਾਪਤ ਕਰਕੇ ਉਚਿਤ ਕਾਰਵਾਈ ਕਰਦੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ 'ਸਰਕਾਰ, ਤੁਹਾਡੇ ਦੁਆਰ' ਮੁਹਿੰਮ ਤਹਿਤ ਲੱਗੇ ਵਿਸ਼ੇਸ ਕੈਂਪਾਂ ਵਿੱਚ ਸ਼ਿਰਕਤ ਕਰਨ ਅਤੇ ਵੱਧ ਤੋਂ ਵੱਧ ਸਰਕਾਰੀ ਸਹੂਲਤਾਂ ਦਾ ਲਾਭ ਉਠਾਉਣ।

# ਸੀ.ਈ.ਪੀ ਟੈਸਟ 02 ਦੌਰਾਨ ਸਕੂਲਾਂ ਦੀ ਕੀਤੀ ਮੋਨੀਟਰਿੰਗ- ਡਿਪਟੀ ਡੀ.ਈ.ਓ

**ਗੁਰਦਾਸਪੁਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਸਰਕਾਰੀ ਸਕੂਲਾਂ ਵਿੱਚ ਛੇਵੀਂ ਤੋਂ ਦਸਵੀਂ ਜਮਾਤ ਵਿੱਚ ਪੜਦੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਨਾਉਣ ਵਾਸਤੇ ਉਨਾਂ ਦੀ ਕੰਪੀਟੈਂਸੀ ਵਿੱਚ ਸੁਧਾਰ ਲਿਆਉਣ ਲਈ ਕੰਪੀਟੈਂਸੀ ਇਨਹਾਂਸਮੈਂਟ ਪ੍ਰੋਗ੍ਰਾਮ ਦੀ ਸ਼ੁਰੂਆਤ ਪੂਰੇ ਪੰਜਾਬ ਵਿੱਚ ਕੀਤੀ ਜਾ ਚੁੱਕੀ ਹੈ, ਜਿਸ ਤਹਿਤ ਅੱਜ ਪੂਰੇ ਜਿਲੇ ਦੇ 434 ਸਕੂਲਾਂ ਵਿੱਚ ਸੀ.ਈ.ਪੀ ਟੈਸਟ- 02 ਕੰਡਕਟ ਕਰਵਾਇਆ ਗਿਆ ।

ਇਸ ਕੜੀ ਤਹਿਤ ਉੱਪ ਜਿਲਾ ਸਿੱਖਿਆ ਅਫਸਰ (ਸ਼ੈ:ਸਿ) ਗੁਰਦਾਸਪੁਰ ਲਖਵਿੰਦਰ ਸਿੰਘ ਅਤੇ ਜਿਲਾ ਰਿਸੋਰਸ ਕੋਆਰਡੀਨੇਟਰ ਅਮਰਜੀਤ ਸਿੰਘ ਪੁਰੇਵਾਲ ਵਲੋਂ ਜਿਲੇ ਦੇ ਵੱਖ ਵੱਖ ਸਕੂਲਾਂ ਦੀ ਵਿਜਟ ਕੀਤੀ ਗਈ ਜਿਸ ਵਿੱਚ ਸਸਸਸ ਗੁਰਦਾਸਪੁਰ (ਲੜਕੀਆਂ), ਸਕੂਲ ਆਫ ਐਮੀਨੈਂਸ ਗੁਰਦਾਸਪੁਰ ਅਤੇ ਸਮਿਸ ਪਾਹੜਾ ਆਦਿ ਮੁੱਖ ਸਨ ।ਉੱਪ ਜਿਲਾ ਸਿੱਖਿਆ ਅਫਸਰ ਨੇ ਦੱਸਿਆ ਕਿ ਇਹ ਟੈਸਟ ਪੂਰੇ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀਆਂ ਲਈ ਹੀ ਕੰਡਕਟ ਕਰਵਾਏ ਜਾ ਰਹੇ ਹਨ ।ਉਨਾਂ ਦੱਸਿਆ ਕਿ ਟੈਸਟ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਏ ਜਾ ਰਹੇ ਹਨ ।ਜਿਲਾ ਕੋਆਰਡੀਨੇਟਰ ਪੁਰੇਵਾਲ ਨੇ ਦੱਸਿਆ ਕਿ ਇਸ ਟੈਸਟ ਵਾਸਤੇ ਜਿਲੇ ਦੇ 19 ਬੀ.ਐਨ.ਓਜ ਅਤੇ 25 ਬੀ.ਆਰ.ਸੀਜ ਨੂੰ ਮੋਨੀਟਰਿੰਗ ਵਾਸਤੇ ਨਿਯੁਕਤ ਕੀਤਾ ਗਿਆ ਸੀ ।ਉਨਾਂ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਦੇ ਟੈਸਟ ਬਿਲਕੁਲ ਪਾਰਦਰਸ਼ੀ ਤਰੀਕੇ ਨਾਲ ਲਏ ਜਾਣ ।ਇਸ ਮੌਕੇ ਪ੍ਰਿੰਸੀਪਲ ਅਨਿਲ ਭੱਲਾ ਅਤੇ ਪੰਕਜ ਵਰਮਾ ਬੀਆਰਸੀ ਆਦਿ ਵੀ ਹਾਜਰ ਸਨ।

# ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ 'ਚ ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ

**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਭਾਸ਼ਾ ਅਫ਼ਸਰ ਲੁਧਿਆਣਾ, ਡਾ. ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਵਰੀ ਤੋਂ ਜੂਨ 2024 ਦੇ ਸੈਸ਼ਨ ਦੀ ਪ੍ਰੀਖਿਆ ਵਿੱਚ ਪੰਜਾਬ ਭਰ ਵਿੱਚੋਂ ਪਹਿਲੇ ਤਿੰਨ ਸਥਾਨਾਂ ਵਿੱਚੋਂ ਲੁਧਿਆਣਾ ਜ਼ਿਲ੍ਹੇ ਨੇ ਦੋ ਸਥਾਨ ਹਾਸਲ ਕੀਤੇ ਹਨ।

ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸ਼ਰਮਾ ਨੇ ਦੱਸਿਆ ਕਿ ਇੱਥੋਂ ਦੀਆਂ ਦੋ ਵਿਦਿਆਰਥਣਾਂ ਨੇਹਾ ਮਲਹੋਤਰਾ ਨੇ ਇਸ ਪ੍ਰੀਖਿਆ ਵਿੱਚ ਪੰਜਾਬ ਭਰ ਵਿੱਚੋਂ ਪਹਿਲਾ ਅਤੇ ਰੁਪਿੰਦਰ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ਹੈ। ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ ਵਿਖੇ ਇਨ੍ਹਾਂ ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਉਰਦੂ ਅਧਿਆਪਕਾ ਸ਼੍ਰੀਮਤੀ ਸਫ਼ੀਨਾ ਖ਼ਾਤੂਨ ਨੇ ਕਿਹਾ ਕਿ ਉਹਨਾਂ ਦੀ ਹਮੇਸ਼ਾ ਇਹ ਕੋਸ਼ਿਸ਼ ਰਹਿੰਦੀ ਹੈ ਕਿ ਸੈਸ਼ਨ ਦੇ ਇਨ੍ਹਾਂ ਛੇ ਮਹੀਨਿਆਂ ਵਿੱਚ ਹਰ ਇੱਕ ਵਿਦਿਆਰਥੀ ਨੂੰ ਉਰਦੂ ਭਾਸ਼ਾ ਦੀ ਮੁਢਲੀ ਜਾਣਕਾਰੀ ਅਤੇ ਨਿਰਧਾਰਤ ਸਿਲੇਬਸ ਦਾ ਬਹੁਤ ਚੰਗੀ ਤਰ੍ਹਾਂ ਅਭਿਆਸ ਕਰਵਾਇਆ ਜਾਵੇ।

ਜ਼ਿਕਰਯੋਗ ਹੈ ਕਿ ਪਹਿਲਾਂ ਵੀ ਲੁਧਿਆਣਾ ਤੋਂ ਉਰਦੂ ਦਾ ਇਹ ਕੋਰਸ ਕਰਨ ਵਾਲੇ ਕਈ ਵਿਦਿਆਰਥੀਆਂ ਦੁਆਰਾ ਉਰਦੂ ਵਿਚ ਉਚੇਰੀ ਸਿੱਖਿਆ ਪ੍ਰਾਪਤ ਕੀਤੀ ਗਈ ਹੈ। ਸੈਸ਼ਨ ਵਿੱਚ ਪਾਸ ਹੋਏ ਬਾਕੀ ਵਿਦਿਆਰਥੀਆਂ ਨੂੰ ਵੀ ਸਰਟੀਫ਼ਿਕੇਟ ਤਕਸੀਮ ਕੀਤੇ ਗਏ।

ਪੰਜਾਬ ਸਰਕਾਰ ਦਾ ਅਦਾਰਾ ਭਾਸ਼ਾ ਵਿਭਾਗ, ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਪ੍ਰਚਾਰ ਪ੍ਰਸਾਰ ਲਈ ਜਿੱਥੇ ਅਨੇਕ ਤਰ੍ਹਾਂ ਦੇ ਉਪਰਾਲੇ ਕਰ ਰਿਹਾ ਹੈ ਉੱਥੇ ਵਿਭਾਗ ਵੱਲੋਂ ਉਰਦੂ ਭਾਸ਼ਾ ਦੀ ਸਿਖਲਾਈ ਸਬੰਧੀ ਵੀ ਇੱਕ ਕੋਰਸ ਕਰਵਾਇਆ ਜਾਂਦਾ ਹੈ। ਛੇ ਮਹੀਨੇ ਦੇ ਉਰਦੂ ਆਮੋਜ਼ ? ਕੋਰਸ ਦੀਆਂ ਕਲਾਸਾਂ ਦਾ ਪ੍ਰਬੰਧ ਭਾਸ਼ਾ ਵਿਭਾਗ ਦੁਆਰਾ ਹਰ ਜ਼ਿਲ੍ਹੇ ਵਿੱਚ ਕੀਤਾ ਜਾਂਦਾ ਹੈ। ਲੁਧਿਆਣਾ ਜ਼ਿਲ੍ਹੇ ਵਿੱਚ ਇਹ ਕਲਾਸਾਂ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਪੰਜਾਬੀ ਭਵਨ ਲੁਧਿਆਣਾ ਵਿਖੇ ਲਗਾਈਆਂ ਜਾਂਦੀਆਂ ਹਨ ਜਿਸ ਵਿੱਚ ਦਾਖਲੇ ਲਈ ਉਮਰ ਦੀ ਕੋਈ ਸੀਮਾ ਨਹੀਂ ਹੈ।

ਇਸ ਮੌਕੇ ਜੂਨੀਅਰ ਸਹਾਇਕ ਸੁਖਦੀਪ ਸਿੰਘ, ਰਾਜੀਵ ਸ਼ਰਮਾ, ਗੁਰਦੇਵ ਸਿੰਘ, ਮਲਕੀਤ ਸਿੰਘ, ਸੰਗੀਤਾ ਝਾਅ ਅਤੇ ਸਰਬਜੀਤ ਸਿੰਘ ਵੀ ਹਾਜ਼ਰ ਸਨ।

# ਜਿਲ੍ਹਾ ਮੈਜਿਸਟਰੇਟ ਨੇ ਗੁਰਦੁਆਰਾ ਸ਼੍ਰੀ ਬਾਉਲੀ ਸਾਹਿਬ ਤੋਂ 05 ਕਿਲੋਮੀਟਰ ਦੇ ਘੇਰੇ ਅੰਦਰ ਮੀਟ, ਮੱਛੀ, ਗੁਟਕਾ, ਤੰਬਾਕੂ ਅਤੇ ਸ਼ਰਾਬ ਆਦਿ ਵੇਚਣ ਅਤੇ ਵਰਤੋਂ ਕਰਨ 'ਤੇ ਲਗਾਈ ਪਾਬੰਦੀ

**ਤਰਨ ਤਾਰਨ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ 450 ਸਾਲਾ ਜੋਤੀ ਜੋਤ ਦਿਵਸ ਮਿਤੀ 11 ਸਤੰਬਰ, 2024 ਤੋਂ 18 ਸਤੰਬਰ, 2024 ਤੱਕ ਸ਼੍ਰੀ ਗੋਇੰਦਵਾਲ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਦੇਸ਼ਾਂ ਵਿਦੇਸ਼ਾ ਤੋਂ ਵੀ.ਆਈ.ਪੀਜ਼., ਰਾਜਨਿਤਿਕ, ਧਾਰਮਿਕ ਸ਼ਖਸੀਅਤਾਂ ਅਤੇ ਸ਼ਰਧਾਲੂ ਭਾਰੀ ਗਿਣਤੀ ਵਿੱਚ ਗੁਰਦੁਆਰਾ ਸ਼੍ਰੀ ਬਾਉਲੀ ਸਾਹਿਬ (ਸ਼੍ਰੀ ਗੋਇੰਦਵਾਲ ਸਾਹਿਬ) ਵਿਖੇ ਦਰਸ਼ਨ ਕਰਨ ਲਈ ਆਉਣਗੇ। ਇਸ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੰਗ ਅਤੇ ਸਮੂਹ ਸੰਗਤਾਂ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਗੁਰਦੁਆਰਾ ਸ਼੍ਰੀ ਬਾਉਲੀ ਸਾਹਿਬ (ਸ਼੍ਰੀ ਗੋਇੰਦਵਾਲ ਸਾਹਿਬ) ਤੋਂ 05 ਕਿਲੋਮੀਟਰ ਦੇ ਘੇਰੇ ਅੰਦਰ ਮੀਟ, ਮੱਛੀ, ਗੁਟਕਾ, ਤੰਬਾਕੂ ਅਤੇ ਸ਼ਰਾਬ ਆਦਿ ਦੀ ਵਿਕਰੀ ਅਤੇ ਇਹਨਾਂ ਦੀ ਵਰਤੋਂ ਤੇ ਪਾਬੰਦੀ ਲਗਾਉਣਾ ਜ਼ਰੂਰੀ ਹੈ।ਇਸ ਲਈ ਜਿਲ੍ਹਾ ਮੈਜਿਸਟਰੇਟ, ਤਰਨ ਤਾਰਨ ਸ੍ਰੀ ਸੰਦੀਪ ਕੁਮਾਰ, ਆਈ.ਏ.ਐੱਸ., ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਗੁਰਦੁਆਰਾ ਸ਼੍ਰੀ ਬਾਉਲੀ ਸਾਹਿਬ (ਸ਼੍ਰੀ ਗੋਇੰਦਵਾਲ ਸਾਹਿਬ) ਤੋਂ 05 ਕਿਲੋਮੀਟਰ ਦੇ ਘੇਰੇ ਅੰਦਰ ਮੀਟ, ਮੱਛੀ, ਗੁਟਕਾ, ਤੰਬਾਕੂ ਅਤੇ ਸ਼ਰਾਬ ਆਦਿ ਵੇਚਣ ਅਤੇ ਵਰਤੋਂ ਕਰਨ 'ਤੇ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤੇ ਗਏ ਹਨ।ਪਾਬੰਦੀ ਦੇ ਇਹ ਹੁਕਮ ਮਿਤੀ 18 ਸਤੰਬਰ, 2024 ਤੱਕ ਲਾਗੂ ਰਹਿਣਗੇ।

# ਜ਼ਿਲ੍ਹੇ 'ਚ ਡੀਏਪੀ ਖਾਦ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ - ਖ਼ੇਤੀਬਾੜੀ ਅਫ਼ਸਰ ਪੰਕਜ ਸਿੰਘ

**ਰੂਪਨਗਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਪੰਕਜ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਰੂਪਨਗਰ ਵਿੱਚ ਡੀਏਪੀ ਖਾਦ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਾਰੇ ਜ਼ਿਲ੍ਹੇ ਵਿੱਚ ਇਕਸਾਰ ਖਾਦ ਦੀ ਉਪਲਬੱਧਤਾ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਵਿਭਾਗ ਦੇ ਧਿਆਨ ਵਿੱਚ ਇੱਕ ਹੋਰ ਮਾਮਲਾ ਲਿਆਂਦਾ ਗਿਆ ਜਿਸ ਵਿੱਚ ਉਨ੍ਹਾਂ ਦੱਸਿਆ ਕਿ ਜਦੋਂ ਵੀ ਡੀ.ਏ.ਪੀ. ਖਾਦ ਲੈਣ ਲਈ ਜਾਂਦੇ ਹਨ ਤਾਂ ਉਨ੍ਹਾਂ ਨੂੰ ਨੈਨੋ ਯੂਰੀਆ ਜਾਂ ਹੋਰ ਤਰ੍ਹਾਂ-ਤਰ੍ਹਾਂ ਦੇ ਪ੍ਰੋਡਕਟ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ, ਜਿਸਦੀ ਉਨ੍ਹਾਂ ਨੂੰ ਲੋੜ ਵੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇਸ ਨਜਾਇਜ ਵਿਕਰੀ ਨੂੰ ਵੀ ਬੰਦ ਕਰਵਾਇਆ ਜਾਵੇਗਾ ਅਤੇ ਅਜਿਹਾ ਕਰਨ ਵਾਲਿਆਂ ਤੇ ਖੇਤੀਬਾੜੀ ਵਿਭਾਗ ਵੱਲੋਂ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲਈ ਕਿਸਾਨ ਪ੍ਰਮੁੱਖ ਤਰਜੀਹ ਹਨ ਅਤੇ ਇਸੇ ਲਈ ਖੇਤੀਬਾੜੀ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਹਰ ਕਦਮ ਤੇ ਕਿਸਾਨਾਂ ਦੇ ਨਾਲ ਹੈ ਅਤੇ ਉਨ੍ਹਾਂ ਦੀਆਂ ਮੁਸਕਿਲਾਂ ਦੇ ਹੱਲ ਕਰਨ ਲਈ ਤਤਪਰਤਾ ਨਾਲ ਕੰਮ ਕਰ ਰਿਹਾ ਹੈ।

ਇਸ ਦੇ ਨਾਲ ਹੀ ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਕਿਸਾਨ ਦੀ ਜਮੀਨ ਦੇ ਕੁਦਰਤੀ ਤੱਤਾਂ ਦਾ ਸੋਮਾ ਹੈ, ਇਸ ਲਈ ਇਸ ਨੂੰ ਖੇਤ ਵਿਚ ਹੀ ਮਿਲਾਈਏ ਅਤੇ ਸਾੜੀਏ ਨਾ।

# ਐਸ.ਐਸ.ਪੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੀਸ ਕਮੇਟੀ ਦੀ ਮੀਟਿੰਗ ਦਾ ਆਯੋਜਨ

**ਮਲੇਰਕੋਟਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹੇ ਵਿੱਚ ਸਮਾਜ ਵਿਰੋਧੀ ਤੱਤਾਂ ਨੂੰ ਸਖ਼ਤ ਸੰਦੇਸ਼ ਦੇਣ ਅਤੇ ਲੋਕਾਂ ਦਾ ਕਾਨੂੰਨ ਤੇ ਵਿਵਸਥਾ ਵਿੱਚ ਭਰੋਸਾ ਬਰਕਰਾਰ ਰੱਖਣ ਲਈ ਜ਼ਿਲ੍ਹਾ ਪੱਧਰੀ ਅਮਨ (ਪੀਸ) ਕਮੇਟੀ ਦੀ ਮੀਟਿੰਗ ਸਥਾਨਕ ਮਾਲੇਰਕੋਟਲਾ ਪੁਲਿਸ ਦਫ਼ਤਰ ਵਿਖੇ ਜ਼ਿਲ੍ਹਾ ਪੁਲਿਸ ਮੁੱਖੀ ਗਗਨ ਅਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ । ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਇੱਕਜੁੱਟ ਹੋ ਕੇ ਸਰਬੱਤ ਦੇ ਭਲੇ ਦਾ ਸੰਦੇਸ਼ ਦੇਣਾ ਚਾਹੀਦਾ ਹੈ ਅਤੇ ਜ਼ਿਲ੍ਹੇ ਵਿੱਚ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਨਵੇਂ ਉਪਰਾਲੇ ਕਰਨ ਦੀ ਲੋੜ ਹੈ।

ਉਨ੍ਹਾ ਕਿਹਾ ਕਿ ਜ਼ਿਲ੍ਹੇ ਵਿੱਚ ਲੋਕਾਂ ਦੇ ਸਹਿਯੋਗ ਸਦਕਾ ਹਮੇਸ਼ਾਂ ਸ਼ਾਂਤੀ ਦਾ ਮਾਹੌਲ ਰਿਹਾ ਹੈ। ਉਨ੍ਹਾਂ ਮੀਟਿੰਗ ਦੌਰਾਨ ਜ਼ਿਲ੍ਹੇ ਅੰਦਰ ਅਮਨ-ਸ਼ਾਂਤੀ ਬਰਕਰਾਰ ਰੱਖਣ ਲਈ ਲੋਕਾਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ।ਜ਼ਿਲ੍ਹਾ ਪੁਲਿਸ ਮੁੱਖੀ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਲੋਕਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ ਅਤੇ ਜੇਕਰ ਕਿਸੇ ਨੂੰ ਕੋਈ ਦਿੱਕਤ ਦਰਪੇਸ਼ ਆਉਂਦੀ ਹੈ ਜਾਂ ਕੋਈ ਸ਼ਰਾਰਤੀ ਅਨਸਰ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਤੁਰੰਤ ਪੁਲਿਸ ਪ੍ਰਸ਼ਾਨ ਦੇ ਧਿਆਨ ਵਿੱਚ ਲਿਆਂਦਾ ਜਾਵੇ ।

ਤਾਂ ਜੋ ਉਨ੍ਹਾਂ ਦੇ ਮਹੱਤਵਪੂਰਨ ਸੁਝਾਅ ਲਏ ਜਾ ਸਕਣ।ਇਸ ਮੌਕੇ ਐਸ.ਪੀ. ਸ੍ਰੀਮਤੀ ਸਵਰਨਜੀਤ ਕੌਰ,ਡੀ.ਐਸ.ਪੀ. ਸ੍ਰੀ ਰਣਜੀਤ ਸਿੰਘ,ਡੀ.ਐਸ.ਪੀ.ਕੁਲਦੀਪ ਸਿੰਘ,ਮੁਫਤੀ ਏ ਆਜ਼ਮ ਪੀ.ਬੀ ਇਰਤਕਾ ਉਲ ਹਸਨ ਕਾਂਧਲਵੀ (ਪੰਜਾਬ ਸਰਕਾਰ ਮੁਫਤੀ),ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਾਕਿਬ ਅਲੀ ਰਾਜਾ,ਸਕੱਤਰ ਘੱਟ ਗਿਣਤੀ ਵਿੰਗ ਆਜ਼ਮ ਦਾਰਾ, ਪ੍ਰਧਾਨ ਘੱਟ ਗਿਣਤੀ ਦਲ ਜਾਫਰ ਅਲੀ, ਸ਼ਹਿਬਾਜ਼ ਰਾਣਾ ,ਮੌਲਾਨਾ ਅਬਦੁਲ ਸਤਾਰ ਇਮਾਮ ਜਾਮਾ ਮਸਜਿਦ,ਸਾਬਿਰ ਹੁਸੈਨ ਸੀਆ ਮੁਸਲਿਮ ਆਗੂ, ਡਾ.ਨਾਸਿਰ ,ਮੁਹੰਮਦ ਇਰਸ਼ਾਦ , ਨਦੀਮ ਅਨਵਰ ਖਾਨ, ਸ਼ਮਸ਼ਾਦ ਅੰਸਾਰੀ, ਖੁਸ਼ੀ ਮੁਹੰਮਦ ਪੱਲੇਦਾਰ, ਪ੍ਰੋ. ਮੁਹੰਮਦ ਰਫੀ, ਚੌਧਰੀ ਬਸ਼ੀਰ ਮੁਹੰਮਦ ਅਖਤਰ ਤੋਂ ਇਲਾਵਾ ਹੋਰ ਪੀਸ ਕਮੇਟੀ ਦੇ ਮੈਂਬਰ ਅਤੇ ਉੱਚ ਅਧਿਕਾਰੀ ਵੀ ਮੌਜੂਦ ਸਨ ।

# ਨੌਜਵਾਨਾਂ ਅੰਦਰ ਭਵਿੱਖ ਵਿੱਚ ਉੱਦਮੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਪ੍ਰਸ਼ਾਸਨ ਨੇ ਪ੍ਰਾਈਵੇਟ ਸਕੂਲਾਂ ਨਾਲ ਕੀਤੀ ਮੀਟਿੰਗ



**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਨੇ ਨੌਜਵਾਨਾਂ ਵਿੱਚ ਉੱਦਮੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਇੱਕ ਪ੍ਰਮੁੱਖ ਪਹਿਲਕਦਮੀ, ਫਿਊਚਰ ਟਾਈਕੂਨਜ਼ ਸਟਾਰਟਅਪ ਚੈਲੇਂਜ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹੇ ਭਰ ਦੇ ਪ੍ਰਾਈਵੇਟ ਸਕੂਲਾਂ ਨਾਲ ਇੱਕ ਅਹਿਮ ਮੀਟਿੰਗ ਬੁਲਾਈ।

ਆਮ ਲੋਕਾਂ ਦੀਆਂ ਬੇਨਤੀਆਂ ਦੇ ਜਵਾਬ ਵਿੱਚ ਅਤੇ ਵਿਦਿਆਰਥੀਆਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ 10 ਸਾਲ ਤੋਂ 25 ਸਾਲ ਤੱਕ ਦੀ ਉਮਰ ਦੇ ਵਿਦਿਆਰਥੀ ਵਰਗ ਲਈ ਫਿਊਚਰ ਟਾਈਕੂਨਜ਼ ਚੁਣੌਤੀ ਅਨੁਸਾਰ ਸੋਧਿਆ ਗਿਆ ਹੈ। ਇਹ ਅਪਡੇਟ ਵਿਦਿਆਰਥੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਲਈ ਇਸ ਵੱਕਾਰੀ ਮੁਕਾਬਲੇ ਵਿੱਚ ਭਾਗ ਲੈਣ ਦੇ ਨਵੇਂ ਮੌਕੇ ਖੋਲ੍ਹਦਾ ਹੈ, ਜੋ ਨਵੀਨਤਾ ਅਤੇ ਉੱਦਮੀ ਸੋਚ ਨੂੰ ਉਤਸ਼ਾਹਿਤ ਕਰਨ ਦੀ ਕੋਸ਼ਿਸ਼ ਕਰਦਾ ਹੈ।

ਜ਼ਿਲ੍ਹਾ ਵਿਕਾਸ ਫੈਲੋ (ਡੀ.ਡੀ.ਐਫ), ਸ੍ਰੀ ਅੰਬਰ ਬੰਦੋਪਾਧਿਆਏ ਨੇ ਜ਼ਿਲ੍ਹੇ ਦੇ ਸਾਰੇ ਸਕੂਲਾਂ ਨੂੰ ਆਪਣੇ ਵਿਦਿਆਰਥੀਆਂ ਨੂੰ ਰਜਿਸਟਰ ਕਰਨ ਅਤੇ ਚੁਣੌਤੀ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਲਈ ਉਤਸ਼ਾਹਿਤ ਕੀਤਾ।

ਉਹਨਾਂ ਨੇ ਭਵਿੱਖ ਵਿੱਚ ਨਵੀਨਤਾ ਅਤੇ ਉੱਦਮਤਾ ਦੇ ਖੇਤਰ ਵਿੱਚ ਨੌਜਵਾਨਾਂ ਦੀ ਅਗਵਾਈ ਕਰਨ ਦੀ ਮਹੱਤਤਾਂ ਨੂੰ ਉਜਾਗਰ ਕੀਤਾ।

ਡਿੰਪਲ ਟੰਡਨ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਨੇ ਵਿਦਿਆਰਥੀਆਂ ਵਿੱਚ ਉੱਦਮੀ ਮਾਨਸਿਕਤਾ ਪੈਦਾ ਕਰਨ ਦੀ ਵੱਧ ਰਹੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਇੱਕ ਮਜ਼ਬੂਤ ਅਤੇ ਭਵਿੱਖ ਲਈ ਤਿਆਰ ਪੀੜ੍ਹੀ ਦੇ ਨਿਰਮਾਣ ਲਈ ਜ਼ਰੂਰੀ ਹੈ।

ਜੀਵਨਦੀਪ ਸਿੰਘ, ਪੀ.ਸੀ.ਐਸ (ਅਲਾਈਡ), ਈ.ਜੀ.ਐਸ.ਡੀ.ਟੀ.ਓ ਅਤੇ ਦੀਪਕ ਭੱਲਾ ਡਿਪਟੀ ਸੀ.ਈ.ਓ, ਡੀ.ਬੀ.ਈ.ਈ ਲੁਧਿਆਣਾ ਨੇ ਮੀਟਿੰਗ ਦੌਰਾਨ ਫਿਊਚਰ ਟਾਈਕੂਨਜ਼ ਪ੍ਰੋਗਰਾਮ ਦੇ ਵਧੀਆ ਵੇਰਵੇ ਸਾਂਝੇ ਕੀਤੇ। ਉਨ੍ਹਾਂ ਸਕੂਲਾਂ ਨੂੰ ਅਪੀਲ ਕੀਤੀ ਕਿ ਉਹ ਵਿਆਪਕ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸਰਗਰਮ ਕਦਮ ਚੁੱਕਣ।

ਫਿਊਚਰ ਟਾਈਕੂਨਜ਼ ਸਟਾਰਟਅਪ ਚੈਲੇਂਜ ਦਾ ਉਦੇਸ਼ ਲੁਧਿਆਣਾ ਵਿੱਚ ਉੱਦਮੀ ਵਿਕਾਸ ਦੀ ਅਗਲੀ ਲਹਿਰ ਨੂੰ ਚਲਾਉਣ ਲਈ ਨੌਜਵਾਨ ਖੋਜਕਾਰਾਂ ਅਤੇ ਚਾਹਵਾਨ ਉੱਦਮੀਆਂ ਲਈ ਆਪਣੀ ਪ੍ਰਤਿਭਾ ਅਤੇ ਵਿਚਾਰਾਂ ਦਾ ਪ੍ਰਦਰਸ਼ਨ ਕਰਨ ਲਈ ਇੱਕ ਜੀਵੰਤ ਪਲੇਟਫਾਰਮ ਤਿਆਰ ਕਰਨਾ ਹੈ।

# ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ

**ਯਮੁਨਾਨਗਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਪਿੰਡ ਝੀਵਰਹੇੜੀ ਵਿੱਚ ਸੁਸ਼ੋਭਿਤ ਗੁਰਦੁਆਰਾ ਸ੍ਰੀ ਥੜਾ ਸਾਹਿਬ ਪਾਤਸ਼ਾਹੀ ਨੌਵੀਂ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ ।

ਨੀਂਹ ਪੱਥਰ ਰੱਖਣ ਦੇ ਸਮਾਗਮ ਵਿੱਚ ਬਾਬਾ ਦਿਲਬਾਗ ਸਿੰਘ ਕਾਰ ਸੇਵਾ ਲੌਹ ਲੰਗਰ ਸ੍ਰੀ ਆਨੰਦਪੁਰ ਸਾਹਿਬ ਵਾਲੇ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ, ਸੀਨੀਅਰ ਮੀਤ ਪ੍ਰਧਾਨ ਸੁਦਰਸ਼ਨ ਸਿੰਘ ਸਹਿਗਲ, ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ, ਕਾਰਜਕਾਰਨੀ ਮੈਂਬਰ ਟੀਪੀ ਸਿੰਘ ਅੰਬਾਲਾ, ਇੰਦਰਜੀਤ ਸਿੰਘ ਵਾਸੂਦੇਵਾ, ਅਮਰਜੀਤ ਸਿੰਘ ਯਮੁਨਾਨਗਰ ਆਦਿ ਮੌਜੂਦ ਸਨ। ਨੀਂਹ ਪੱਥਰ ਰੱਖਣ ਉਪਰੰਤ ਸੰਸਥਾ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਸੰਧਵਾਂ ਨੇ ਦੱਸਿਆ ਕਿ ਇਮਾਰਤ ਦੀ ਉਸਾਰੀ ਦਾ ਕੰਮ ਬਾਬਾ ਦਿਲਬਾਗ ਸਿੰਘ ਕਾਰ ਸੇਵਾ ਲੌਹ ਲੰਗਰ ਸ੍ਰੀ ਆਨੰਦਪੁਰ ਸਾਹਿਬ ਵਾਲਿਆਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਕੁਰੂਕਸ਼ੇਤਰ ਦੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿੱਚ ਤਿੰਨ ਮੰਜ਼ਿਲਾ ਸਰਾਏ ਬਣਾਉਣ ਦਾ ਕੰਮ ਪਟਿਆਲਾ ਦੇ ਬਾਬਾ ਅਮਰੀਕ ਸਿੰਘ ਕਰ ਰਹੇ ਹਨ, ਉਥੇ ਹੀ ਇਤਿਹਾਸਕ ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾਤਸ਼ਾਹੀ ਛੇਵੀਂ ਵਿੱਚ ਸਰਾਏ ਬਣਾਉਣ ਦਾ ਕੰਮ ਵੀ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ।

# ਟਾਟਾ ਮੋਟਰਜ਼ ਨੇ ਆਪਣੀਆਂ ਕਾਰਾਂ ਅਤੇ ਲਈ ਸ਼ਾਨਦਾਰ ਕੀਮਤਾਂ ਦੇ ਨਾਲ ਕਾਰਾਂ ਦਾ ਫੈਸਟੀਵਲ ਸ਼ੁਰੂ ਕੀਤਾ




**ਜਲੰਧਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੀ ਪ੍ਰਮੁੱਖ ਆਟੋਮੋਟਿਵ ਨਿਰਮਾਤਾ ਕੰਪਨੀ ਟਾਟਾ ਮੋਟਰਜ਼ ਨੇ ਇਸ ਤਿਉਹਾਰੀ ਸੀਜ਼ਨ ਲਈ ਦਿਲਚਸਪ ਪੇਸ਼ਕਸ਼ਾਂ ਦੇ ਨਾਲ ਆਪਣਾ ਹੁਣ ਤੱਕ ਦਾ ਸਭ ਤੋਂ ਵੱਡਾ 'ਕਾਰ ਉਤਸਵ' ਲਾਂਚ ਕੀਤਾ ਹੈ। ਇਸਦੀਆਂ ਬਹੁਤ ਸਾਰੀਆਂ ਪ੍ਰਸਿੱਧ ਕਾਰਾਂ ਅਤੇ ਲਈ ਪਹਿਲਾਂ ਕਦੇ ਨਾ ਦੇਖੀਆਂ ਗਈਆਂ ਕੀਮਤਾਂ ਦੇ ਨਾਲ ਸਾਡੇ ਸ਼ੋਅਰੂਮਾਂ ਵਿੱਚ ਉਪਲਬਧ ਵਾਧੂ ਉਪਭੋਗਤਾ ਲਾਭਾਂ ਦੇ ਗੁਲਦਸਤੇ ਦੇ ਨਾਲ, ਗਾਹਕ ? 2.05 ਲੱਖ ਤੱਕ ਦੇ ਸੰਚਤ ਲਾਭਾਂ ਦਾ ਆਨੰਦ ਲੈ ਸਕਦੇ ਹਨ, ਜਿਸ ਨਾਲ ਗਾਹਕਾਂ ਲਈ ਆਪਣੀ ਸੁਪਨਮਈ ਕਾਰ ਖਰੀਦਣਾ ਆਸਾਨ ਹੋ ਜਾਂਦਾ ਹੈ। ਇਹ ਸੁਪਨਿਆਂ ਤੋਂ ਵੀ ਵੱਧ ਕੀਮਤ 'ਤੇ ਕਾਰ ਖਰੀਦਣ ਦਾ ਵਧੀਆ ਮੌਕਾ ਬਣ ਗਿਆ ਹੈ। ਵਿਸ਼ੇਸ਼ ਤਿਉਹਾਰੀ ਪੇਸ਼ਕਸ਼ਾਂ 31 ਅਕਤੂਬਰ, 2024 ਤੱਕ ਸੀਮਤ ਮਿਆਦ ਲਈ ਪੈਟਰੋਲ, ਡੀਜ਼ਲ ਅਤੇ 3©7 'ਤੇ ਚੱਲਣ ਵਾਲੀਆਂ ਸਾਰੀਆਂ ਕਾਰਾਂ ਅਤਤੇ ਉਪਲਬਧ ਹਨ। ਕਾਰਾਂ ਦੇ ਤਿਉਹਾਰ ਦੀ ਘੋਸ਼ਣਾ ਕਰਦੇ ਹੋਏ, ਸ਼੍ਰੀ ਵਿਵੇਕ ਸ਼੍ਰੀਵਤਸਾ, ਚੀਫ ਕਮਰਸ਼ੀਅਲ ਅਫਸਰ, ਟਾਟਾ ਪੈਸੇਂਜਰ ਇਲੈਕਟ੍ਰਿਕ ਮੋਬਿਲਿਟੀ ਲਿਮਟਿਡ, ਨੇ ਕਿਹਾ, ਤਿਉਹਾਰਾਂ ਦੇ ਸੀਜ਼ਨ ਦੇ ਸ਼ੁਰੂ ਹੋਣ ਦੇ ਨਾਲ, ਅਸੀਂ ਆਪਣੇ ਕੀਮਤੀ ਗਾਹਕਾਂ ਲਈ ਸ਼ਾਨਦਾਰ ਪੇਸ਼ਕਸ਼ਾਂ ਪੇਸ਼ ਕਰਨ ਵਿੱਚ ਬਹੁਤ ਖੁਸ਼ ਹਾਂ। 935 ਵਾਹਨਾਂ 'ਤੇ ? 2.05 ਲੱਖ ਤੱਕ ਦੇ ਕੁੱਲ ਲਾਭਾਂ ਦੇ ਨਾਲ, ਇਸ ਸਾਲ ਦੇ ਤਿਉਹਾਰ ਦੇ ਜਸ਼ਨ ਵਿੱਚ ਸੀਮਤ ਸਮੇਂ ਦੀਆਂ ਆਕਰਸ਼ਕ ਕੀਮਤਾਂ ਵਿੱਚ ਕਟੌਤੀ ਦੇ ਨਾਲ-ਨਾਲ ਆਕਰਸ਼ਕ ਐਕਸਚੇਂਜ ਅਤੇ ਨਕਦ ਲਾਭ ਸ਼ਾਮਲ ਹਨ, ਜਿਸ ਨਾਲ ਇਹ ਨਵੀਂ ਸ਼ੁਰੂਆਤ ਦੀ ਭਾਵਨਾ ਨੂੰ ਅਪਣਾਉਣ ਦਾ ਸਭ ਤੋਂ ਵਧੀਆ ਪਲ ਹੈ। ਸਾਨੂੰ ਪੂਰਾ ਭਰੋਸਾ ਹੈ ਕਿ ਗਾਹਕ ਇਸ ਤਿਉਹਾਰੀ ਸੀਜ਼ਨ ਨੂੰ ਸੱਚਮੁੱਚ ਖਾਸ ਬਣਾ ਕੇ, ਸਭ ਤੋਂ ਵਧੀਆ ਸੁਰੱਖਿਆ ਅਤੇ ਡਿਜ਼ਾਈਨ ਲੈ ਕੇ, ਟਾਟਾ ਕਾਰ ਦੀ ਮਾਲਕੀ ਦੇ ਇਸ ਬੇਮਿਸਾਲ ਮੌਕੇ ਦਾ ਫਾਇਦਾ ਉਠਾਉਣਗੇ।

# ਆਪ ਉਮੀਦਵਾਰ ਪਵਨ ਫ਼ੌਜੀ ਨੇ ਰਾਜ ਸਭਾ ਮੈਂਬਰ ਰਾਘਵ ਚੱਢਾ ਦੀ ਮੌਜੂਦਗੀ ਵਿੱਚ ਉਚਾਨਾ ਤੋਂ ਕੀਤੀ ਨਾਮਜ਼ਦਗੀ ਦਾਖਲ

**ਜੀਂਦ,14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਦੀ ਮੌਜੂਦਗੀ ਵਿੱਚ ਉਚਾਨਾ ਵਿਧਾਨ ਸਭਾ ਤੋਂ ਉਮੀਦਵਾਰ ਪਵਨ ਫ਼ੌਜੀ ਨੇ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ। ਇਸ ਤੋਂ ਪਹਿਲਾਂ ਪਾਰਟੀ ਦਫ਼ਤਰ ਵਿਖੇ ਵਰਕਰਾਂ ਨੂੰ ਸੰਬੋਧਨ ਕੀਤਾ ਅਤੇ ਸ਼ਹਿਰ ਵਿੱਚ ਰੋਡ ਸ਼ੋਅ ਕੱਢਿਆ। ਰੋਡ ਸ਼ੋਅ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਲੋਕਾਂ ਨੇ ਫੁੱਲਾਂ ਦੀ ਵਰਖਾ ਕੀਤੀ। ਲੋਕ ਸਭਾ ਮੈਂਬਰ ਰਾਘਵ ਚੱਢਾ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਜੇਜੇਪੀ ਪਾਰਟੀ ਜ਼ਮਾਨਤ ਜ਼ਬਤ ਪਾਰਟੀ ਵਜੋਂ ਜਾਣੀ ਜਾਵੇਗੀ। ਇੱਕ ਪਾਸੇ ਭਾਜਪਾ ਹੈ, ਜੇਜੇਪੀ ਹੈ ਅਤੇ ਦੂਜੇ ਪਾਸੇ ਕਾਂਗਰਸ ਹੈ। ਤੁਸੀਂ ਲੋਕਾਂ ਨੇ ਸਾਰੀਆਂ ਪਾਰਟੀਆਂ ਦੇਖੀਆਂ ਹਨ। ਕਦੇ ਭਾਜਪਾ ਨੂੰ ਵੋਟ ਪਾਈ, ਕਦੇ ਜੇਜੇਪੀ ਨੂੰ ਵੋਟ ਪਾਈ। ਕਦੇ ਕਾਂਗਰਸ ਨੂੰ ਵੋਟ ਪਾਉਣ ਦਾ ਕੰਮ ਕੀਤਾ। ਇਸ ਵਾਰ ਤੁਹਾਡੇ ਆਪਣੇ ਪਵਨ ਫ਼ੌਜੀ ਤੁਹਾਡੀ ਸੇਵਾ ਲਈ ਕੰਮ ਕਰਨਗੇ। ਹਰਿਆਣਾ ਵਿੱਚ ਅਗਲੀ ਸਰਕਾਰ ਆਮ ਆਦਮੀ ਪਾਰਟੀ ਦੇ ਸਮਰਥਨ ਨਾਲ ਹੀ ਬਣੇਗੀ।

ਉਨ੍ਹਾਂ ਕਿਹਾ ਕਿ ਭਾਜਪਾ ਨੂੰ ਇਸ ਚੋਣ ਵਿੱਚ 20 ਸੀਟਾਂ ਵੀ ਨਹੀਂ ਮਿਲ ਰਹੀਆਂ ਹਨ। ਇਸ ਵਾਰ ਹਰਿਆਣਾ ਵਿੱਚ ਜੋ ਵੀ ਸਰਕਾਰ ਬਣੇਗੀ, ਉਹ ਤੁਹਾਡੀਆਂ ਵੋਟਾਂ ਅਤੇ ਆਮ ਆਦਮੀ ਪਾਰਟੀ ਦੇ ਸਮਰਥਨ ਨਾਲ ਹੀ ਬਣੇਗੀ। ਸਰਕਾਰ ਵਿੱਚ ਆ ਕੇ ਆਮ ਆਦਮੀ ਪਾਰਟੀ ਦਿੱਲੀ ਅਤੇ ਪੰਜਾਬ ਦੀ ਤਰਜ਼ 'ਤੇ ਹਰਿਆਣਾ ਵਿੱਚ ਬਦਲਾਅ ਲਿਆਉਣ ਲਈ ਕੰਮ ਕਰੇਗੀ ਅਤੇ ਲੋਕਾਂ ਦੀ ਸੇਵਾ ਲਈ ਕੰਮ ਕਰੇਗੀ। ਪਿਛਲੀ ਵਾਰ ਉਚਾਨਾ ਦੇ ਲੋਕਾਂ ਵੱਲੋਂ ਚੁਣੇ ਗਏ ਜੇਜੇਪੀ ਦੇ ਵੀਆਈਪੀ ਉਮੀਦਵਾਰ ਨੇ ਲੋਕਾਂ ਨਾਲ ਧੋਖਾ ਕੀਤਾ। ਇਸ ਵਾਰ ਜੇਜੇਪੀ ਨੇ ਆਪਣੀ ਜ਼ਮਾਨਤ ਜ਼ਬਤ ਕਰਨ ਵਾਲੀ ਪਾਰਟੀ ਬਣਨਾ ਹੈ।

ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਹਰਿਆਣਾ ਦਾ ਪੁੱਤ ਹੈ ਅਤੇ ਇਸ ਵਾਰ ਆਪਣੀ ਵੋਟ ਦੀ ਤਾਕਤ ਨਾਲ ਇਹ ਦਿਖਾਉਣਾ ਹੈ ਕਿ ਹਰਿਆਣਾ ਦੇ ਲੋਕ ਅਰਵਿੰਦ ਕੇਜਰੀਵਾਲ ਨੂੰ ਕਿੰਨਾ ਪਿਆਰ ਕਰਦੇ ਹਨ। ਉਨ੍ਹਾਂ ਕਿਹਾ ਕਿ ਆਪਣੀ ਵੋਟ ਬਰਬਾਦ ਨਾ ਕਰਿਓ। ਉਚਾਨਾ ਤੋਂ ਪਵਨ ਫ਼ੌਜੀ ਜਿੱਤਣ ਜਾ ਰਹੇ ਹਨ। ਸੋਚ ਸਮਝ ਕੇ ਆਪਣੇ ਬੱਚਿਆਂ ਦੇ ਭਵਿੱਖ ਲਈ, ਚੰਗੇ ਸਕੂਲਾਂ ਅਤੇ ਹਸਪਤਾਲਾਂ ਲਈ, ਬਜ਼ੁਰਗਾਂ ਦੀ ਸੇਵਾ ਲਈ, ਮੁਫ਼ਤ ਬਿਜਲੀ ਲਈ ਆਮ ਆਦਮੀ ਪਾਰਟੀ ਨੂੰ ਵੋਟ ਦਿਓ।



ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਪੂਰੇ ਦੇਸ਼ ਦੇ ਮੁਕਾਬਲੇ ਸਭ ਤੋਂ ਵੱਧ ਬੇਰੁਜ਼ਗਾਰੀ ਦਰ ਹੈ। ਅਜਿਹਾ ਇਸ ਲਈ ਹੈ ਕਿਉਂਕਿ ਭਾਜਪਾ ਆਗੂਆਂ ਨੇ ਹਰਿਆਣਾ ਦੇ ਲੋਕਾਂ ਨਾਲ ਉਨ੍ਹਾਂ ਦੀਆਂ ਵੋਟਾਂ ਲੈ ਕੇ ਧੋਖਾ ਕੀਤਾ ਹੈ। ਪਰ, ਇਸ ਵਾਰ ਬਦਲਾਅ ਦਾ ਸਮਾਂ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਪਵਨ ਫ਼ੌਜੀ ਜੋ ਕਿ ਇੱਕ ਆਮ ਪਰਿਵਾਰ ਤੋਂ ਆਉਂਦੇ ਹਨ, ਉਨ੍ਹਾਂ ਨੇ ਸਰਹੱਦ 'ਤੇ ਦੇਸ਼ ਦੀ ਰੱਖਿਆ ਵੀ ਕੀਤੀ ਹੈ। ਇਸ ਵਾਰ ਪਵਨ ਫ਼ੌਜੀ ਵਿਧਾਇਕ ਬਣ ਕੇ ਜਨਤਾ ਦੀ ਸੇਵਾ ਕਰਨ ਦਾ ਕੰਮ ਕਰਨਗੇ। ਇਸ ਵਾਰ ਹਰਿਆਣਾ ਵਿੱਚ ਆਮ ਆਦਮੀ ਪਾਰਟੀ ਦੇ ਸਮਰਥਨ ਤੋਂ ਬਿਨਾਂ ਸਰਕਾਰ ਨਹੀਂ ਬਣੇਗੀ। ਪੰਜਾਬ ਅਤੇ ਦਿੱਲੀ ਦੇ ਲੋਕ ਪਹਿਲਾਂ ਕਾਂਗਰਸ ਅਤੇ ਭਾਜਪਾ ਨੂੰ ਵੋਟ ਦਿੰਦੇ ਸਨ, ਪਰ ਇੱਕ ਵਾਰ ਆਮ ਆਦਮੀ ਪਾਰਟੀ ਨੂੰ ਵੋਟ ਦਿੱਤਾ, ਉਸ ਤੋਂ ਬਾਅਦ ਜਨਤਾ ਕਾਂਗਰਸ ਅਤੇ ਭਾਜਪਾ ਦਾ ਬਟਨ ਦਬਾਉਣਾ ਭੁੱਲ ਗਈ। ਇਹ ਆਮ ਆਦਮੀ ਪਾਰਟੀ ਦੀ ਕੰਮ ਦੀ ਰਾਜਨੀਤੀ ਦਾ ਅਸਰ ਹੈ। ਜੇਕਰ ਤੁਸੀਂ ਇਸ ਵਾਰ ਝਾੜੂ ਦਾ ਬਟਨ ਦਬਾਉਂਦੇ ਹੋ ਤਾਂ ਆਉਣ ਵਾਲੇ ਕਈ ਸਾਲਾਂ ਤੱਕ ਤੁਸੀਂ ਝਾੜੂ ਦਾ ਬਟਨ ਦਬਾਉਂਦੇ ਰਹੋਗੇ। ਇਸ ਵਾਰ ਸ਼ਾਹੀ ਘਰਾਣਿਆਂ, ਵੱਡੇ ਘਰਾਣਿਆਂ ਅਤੇ ਵੱਡੇ ਨੇਤਾਵਾਂ ਦੇ ਜਾਲ ਵਿੱਚ ਨਾ ਫਸਿਓ। ਇਸ ਵਾਰ ਭਾਜਪਾ ਅਤੇ ਜੇਜੇਪੀ ਨੂੰ ਜ਼ਮਾਨਤ ਜ਼ਬਤ ਪਾਰਟੀ ਬਣਾਉਣ ਦਾ ਕੰਮ ਕਰਨਾ ਹੈ।

# ਕਿਰਾਏ ਨੂੰ ਲੈਕੇ ਹੋਏ ਝਗੜੇ ਵਿੱਚ ਚਰਚ ਦੇ ਪਾਦਰੀ ਸਮੇਤ ਦੋ ਜ਼ਖ਼ਮੀ

**ਡੇਰਾ ਬਸੀ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁਬਾਰਿਕਪੁਰ ਵਿੱਖੇ ਹੋਏ ਝਗੜੇ ਵਿੱਚ ਚਰਚ ਦੇ ਪਾਦਰੀ ਸਮੇਤ ਦੋ ਜਣੇ ਜ਼ਖ਼ਮੀ ਹੋਏ ਸਨ। ਪੁਲਿਸ ਨੇ ਚਰਚ ਦੇ ਪਾਦਰੀ ਸੁਮੀਤ ਜੋਸ਼ੀ ਵਾਸੀ ਪਿੰਡ ਮੋਰਠੀਕਰੀ ਦੀ ਸ਼ਿਕਾਇਤ ਤੇ 3ਜਣਿਆ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਥਾਣਾ ਮੁਖੀ ਮਨਦੀਪ ਸਿੰਘ ਨੇ ਜਾਣਕਾਰੀ ਦਿੰਦੇ ਦਸਿਆ ਕਿ ਪਾਦਰੀ ਦੀ ਸ਼ਿਕਾਇਤ ਤੇ ਅਜੀਤ ਕੁਮਾਰ ਪੁੱਤਰ ਰਣਧੀਰ ਸਿੰਘ ਵਾਸੀ ਮੋਰਠੀਕਰੀ, ਅੰਕਿਤ ਪੁੱਤਰ ਜਾਕਵ ਵਾਸੀ ਸਕੇਤਰੀ ਪੰਚਕੂਲਾ, ਸਮੇਤ ਇਨ੍ਹਾਂ ਦੇ ਇਕ ਅਣਪਛਾਤੇ ਸਾਥੀਆਂ ਖ਼ਿਲਾਫ਼ ਮਾਮਲਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ।

ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਪਾਦਰੀ ਸੁਮੀਤ ਜੋਸ਼ੀ ਨੇ ਦਸਿਆ ਕਿ ਉਸਨੇ ਮੁਬਾਰਿਕਪੁਰ ਵਿੱਚ ਕਮਰਾ ਕਿਰਾਏ ਤੇ ਦਿੱਤਾ ਸੀ। ਕਮਰੇ ਦੇ ਕਿਰਾਏ ਸੰਬਧੀ ਜਦੋਂ ਉਹ ਮੁਬਾਰਿਕਪੁਰ ਵਿੱਖੇ ਗੱਲ ਕਰਨ ਗਏ ਤਾਂ ਉਕਤ ਵਿਅਕਤੀਆਂ ਨੇ ਉਸ ਉਪਰ ਹਮਲਾ ਕਰ ਜ਼ਖ਼ਮੀ ਕਰ ਦਿੱਤਾ। ਦੂਜੇ ਪਾਸੇ ਹਸਪਤਾਲ ਵਿੱਚ ਦਾਖਲ ਜ਼ਖ਼ਮੀ ਅਜੀਤ ਕੁਮਾਰ ਨੇ ਦੋਸ਼ ਲਾਇਆ ਹੈ ਕਿ ਪਾਦਰੀ ਨੇ ਉਨ੍ਹਾ ਉਪਰ ਹਮਲਾ ਕਰਕੇ ਜ਼ਖ਼ਮੀ ਕੀਤਾ ਹੈ। ਥਾਣਾ ਮੁਖੀ ਮਨਦੀਪ ਸਿੰਘ ਨੇ ਦੱਸਿਆ ਕਿ ਜ਼ਖ਼ਮੀ ਦੇ ਨਾਲ ਬਿਆਨ ਦਰਜ ਕਰ ਮੁਬਾਰਿਕਪੁਰ ਪੁਲਿਸ ਨੇ ਮਾਮਲਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸੰਪਾਦਕੀ

# ਹੈਰਿਸ-ਟਰੰਪ ਦੀ ਸਿੱਧੀ ਬਹਿਸ

ਅਮਰੀਕੀ ਰਾਸ਼ਟਰਪਤੀ ਦੇ ਅਹੁਦੇ ਲਈ ਡੋਨਲਡ ਟਰੰਪ ਅਤੇ ਕਮਲਾ ਹੈਰਿਸ ਵਿਚਕਾਰ ਹੋਈ ਪਹਿਲੀ ਬਹਿਸ ਮੁੱਖ ਤੌਰ ’ਤੇ ਇਸ ਵਿਸ਼ੇ ’ਤੇ ਕੇਂਦਰਿਤ ਰਹੀ ਕਿ ਦੋਵਾਂ ’ਚੋਂ ਬਿਹਤਰ ਕੌਣ ਹੈ ? ਇਹ ਠੀਕ ਹੈ ਕਿ ਹੈਰਿਸ ਨੇ ਚੰਗੀ ਕਾਰਕਰਦਗੀ ਦਿਖਾਈ ਹੈ ਪਰ ਟਰੰਪ ਵੀ ਜੂਨ ਮਹੀਨੇ ਜੋਅ ਬਾਇਡਨ ਨਾਲ ਹੋਈ ਬਹਿਸ ਤੋਂ ਹੀਣਾ ਸਾਬਿਤ ਨਹੀਂ ਹੋਇਆ। ਬਿਨਾਂ ਸ਼ੱਕ, ਬਾਇਡਨ ਨਾਲੋਂ ਹੈਰਿਸ ਕਿਤੇ ਬਿਹਤਰ ਸਾਬਿਤ ਹੋਈ ਹੈ ਅਤੇ ਉਸ ਨੇ ਟਰੰਪ ਨੂੰ ਠੋਕਵੇਂ ਜਵਾਬ ਦਿੱਤੇ ਹਨ ਜਿਵੇਂ ਕਿ ਉਸ ਦਾ ਕਹਿਣਾ ਸੀ ‘ਸਾਬਕਾ ਰਾਸ਼ਟਰਪਤੀ ਨੂੰ ਇਹ ਚੇਤੇ ਕਰਾਉਣਾ ਜ਼ਰੂਰੀ ਹੈ ਕਿ ਤੁਸੀਂ ਜੋਅ ਬਾਇਡਨ ਦੇ ਖ਼ਿਲਾਫ਼ ਚੋਣ ਨਹੀਂ ਲੜ ਰਹੇ ਸਗੋਂ ਮੇਰੇ ਖ਼ਿਲਾਫ਼ ਚੋਣ ਲੜ ਰਹੇ ਹੋ।’ ਟੈਲੀਵਿਜ਼ਨ ’ਤੇ ਸਿੱਧੀ ਪ੍ਰਸਾਰਿਤ ਹੋਣ ਵਾਲੀ ਇਸ ਬਹਿਸ ਦੀ ਸ਼ੁਰੂਆਤ ਹੱਥ ਮਿਲਾਉਣ ਨਾਲ ਹੋਈ ਪਰ ਦੁਪਾਸੀ ਸਤਿਕਾਰ ਦੀ ਮਾਮੂਲੀ ਜਿਹੀ ਉਮੀਦ ਛੇਤੀ ਹੀ ਗਾਇਬ ਹੋ ਗਈ। ਦੋਵਾਂ ਉਮੀਦਵਾਰਾਂ ਨੇ ਇੱਕ ਦੂਜੇ ’ਤੇ ਨਿੱਠ ਕੇ ਹਮਲੇ ਕਰਨ ’ਚ ਕੋਈ ਕਸਰ ਨਹੀਂ ਛੱਡੀ। ਹੈਰਿਸ ਲਈ ਦੋਹਰੀ ਚੁਣੌਤੀ ਇਹ ਹੈ ਕਿ ਇੱਕ ਪਾਸੇ ਪਿਛਲੀ ਬਹਿਸ ਵੇਲੇ ਬਾਇਡਨ ਦੀ ਮਾੜੀ ਕਾਰਗੁਜ਼ਾਰੀ ਦੀ ਯਾਦ ਨੂੰ ਮਿਟਾਇਆ ਜਾਵੇ ਅਤੇ ਨਾਲ ਹੀ ਅਮਰੀਕੀ ਵੋਟਰਾਂ ਸਾਹਮਣੇ ਖ਼ੁਦ ਨੂੰ ਬਿਹਤਰੀਨ ਬਦਲ ਵਜੋਂ ਪੇਸ਼ ਕੀਤਾ ਜਾਵੇ। ਪਹਿਲੇ ਪੱਖ ਤੋਂ ਉਹ ਕਾਫ਼ੀ ਹੱਦ ਤੱਕ ਸਫ਼ਲ ਹੋ ਸਕੀ ਹੈ। ਆਨਲਾਈਨ ਭਵਿੱਖਬਾਣੀ ਏਜੰਸੀ ਪ੍ਰੀਡਿਕਟਇਟ ਮੁਤਾਬਿਕ ਹੈਰਿਸ ਅਤੇ ਟਰੰਪ ਵਿਚਕਾਰ ਪਾੜਾ ਵਧ ਰਿਹਾ ਹੈ ਪਰ ਹਾਲੇ ਵੀ ਮੁਕਾਬਲਾ ਕਾਫ਼ੀ ਕਰੀਬੀ ਬਣਿਆ ਹੋਇਆ ਹੈ।

ਉਮੀਦਵਾਰਾਂ ਨੇ ਇੱਕ-ਦੂਜੇ ਨੂੰ ਇਜ਼ਰਾਈਲ-ਹਮਾਸ ਜੰਗ ਅਤੇ ਰੂਸ-ਯੂਕਰੇਨ ਟਕਰਾਅ ’ਤੇ ਵੀ ਨਿਸ਼ਾਨਾ ਬਣਾਇਆ ਪਰ ਕਿਸੇ ਨੇ ਵੀ ਦੋਵਾਂ ਯੁੱਧਾਂ ਨੂੰ ਖ਼ਤਮ ਕਰਨ ਦਾ ਕੋਈ ਠੋਸ ਖ਼ਾਕਾ ਪੇਸ਼ ਨਹੀਂ ਕੀਤਾ। ਉਨ੍ਹਾਂ ਗਰਭਪਾਤ ਸਬੰਧੀ ਪਾਬੰਦੀਆਂ ਉੱਤੇ ਵੀ ਸਿੰਗ ਫਸਾਏ, ਹਾਲਾਂਕਿ ਇੱਕ ਵਾਰ ਫੇਰ ਇਹ ਬਹੁਤਾ ਤਰਕਪੂਰਨ ਨਹੀਂ ਸੀ। ਬਹਿਸ ਕਰਾਉਣ ਵਾਲਿਆਂ ਨੂੰ ਵਾਰ-ਵਾਰ ਇਸ ਨੂੰ ਵਿਚਾਲੇ ਰੋਕ ਕੇ ਤੱਥ ਸਪੱਸ਼ਟ ਕਰਨੇ ਪਏ, ਇਸ ਤੋਂ ਝਲਕਦਾ ਹੈ ਕਿ ਦੋਵਾਂ ਉਮੀਦਵਾਰਾਂ ਨੇ ਇੱਧਰ-ਉੱਧਰ ਦੇ ਝੂਠ ਬੋਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਟਰੰਪ ਦਾ ‘ਤੁਰਪ ਦਾ ਪੱਤਾ’ ਉਸ ਦਾ ਇਹ ਸਵਾਲ ਸੀ: ਕਿ ਬਾਇਡਨ ਦੀ ਡਿਪਟੀ ਹੈਰਿਸ ਜਿਹੜੇ ਵਾਅਦੇ ਹੁਣ ਕਰ ਰਹੀ ਹੈ, ਉਹ ਉਸ ਨੇ ਗੁਜ਼ਰੇ ਸਾਢੇ ਤਿੰਨ ਸਾਲਾਂ ਵਿੱਚ ਪੂਰੇ ਕਿਉਂ ਨਹੀਂ ਕੀਤੇ ? ਟਰੰਪ ਦੇ ਇਸ ਜਾਇਜ਼ ਸਵਾਲ ਨੇ ਹੈਰਿਸ ਨੂੰ ਜ਼ਰੂਰ ਘੇਰਾ ਪਾਇਆ। ਫੇਰ ਵੀ ਉਹ ਟਰੰਪ ਨੂੰ ਭੜਕਾ ਕੇ ਉਸ ਤੋਂ ਇਹ ਬੇਤੁਕਾ ਬਿਆਨ ਦਿਵਾਉਣ ਵਿੱਚ ਕਾਮਯਾਬ ਰਹੀ ਕਿ ਆਵਾਸੀ ਲੋਕ ਅਮਰੀਕੀਆਂ ਦੇ ਕੁੱਤੇ-ਬਿੱਲੀਆਂ ਨੂੰ ਖਾ ਰਹੇ ਹਨ। ਰਾਸ਼ਟਰਪਤੀ ਅਹੁਦੇ ਦੀ ਇਹ ਲੜਾਈ ਹੁਣ ਇਸ ਤੋਂ ਅੱਗੇ ਸਿਰਫ਼ ਤੇ ਸਿਰਫ਼ ਤਿੱਖੀ ਤੇ ਕੌੜੀ ਹੀ ਹੁੰਦੀ ਜਾਵੇਗੀ।

# ਰਾਸ਼ਿਦ ਦੀ ਜ਼ਮਾਨਤ ਦੇ ਮਾਇਨੇ

ਬਾਰਾਮੂਲਾ ਤੋਂ ਲੋਕ ਸਭਾ ਮੈਂਬਰ ਇੰਜਨੀਅਰ ਰਾਸ਼ਿਦ ਦੀ ਅੰਤਰਿਮ ਜ਼ਮਾਨਤ ਜੰਮੂ ਕਸ਼ਮੀਰ ਦੇ ਉੱਭਰ ਰਹੇ ਸਿਆਸੀ ਭੂ-ਦ੍ਰਿਸ਼ ਲਈ ਇੱਕ ਅਹਿਮ ਪਲ ਹੈ। ਲੰਮੇ ਅਰਸੇ ਤੋਂ ਉਨ੍ਹਾਂ ਦਾ ਨਾਂ ਵੱਖਵਾਦੀ ਵਿਚਾਰਧਾਰਾ ਅਤੇ ਦਹਿਸ਼ਤਗਰਦੀ ਲਈ ਫੰਡ ਜੁਟਾਉਣ ਦੀਆਂ ਕਾਰਵਾਈਆਂ ਨਾਲ ਜੋੜ ਕੇ ਦੇਖਿਆ ਜਾਂਦਾ ਰਿਹਾ ਸੀ ਅਤੇ 2019 ਵਿੱਚ ਗ਼ੈਰ-ਕਾਨੂੰਨੀ ਸਰਗਰਮੀਆਂ ਰੋਕੂ ਕਾਨੂੰਨ (ਯੂਏਪੀਏ) ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਹੁਣ ਉਨ੍ਹਾਂ ਨੂੰ ਜੰਮੂ ਕਸ਼ਮੀਰ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਕਰਨ ਵਾਸਤੇ ਰਿਹਾਅ ਕੀਤਾ ਗਿਆ ਹੈ ਜੋ ਇੱਕ ਅਜਿਹਾ ਮੌਕਾ ਹੈ ਜਿਸ ਨਾਲ ਖ਼ਿੱਤੇ ਦੇ ਸਿਆਸੀ ਗਤੀਮਾਨ ਬਦਲ ਸਕਦੇ ਹਨ। ਰਾਸ਼ਿਦ ਦਾ ਚੁਣਾਵੀ ਇਤਿਹਾਸ ਵੀ ਜ਼ਿਕਰਯੋਗ ਹੈ। ਉਸ ਨੇ 2024 ਦੀ ਲੋਕ ਸਭਾ ਚੋਣ ਵਿੱਚ ਜੰਮੂ ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੂੰ ਹਰਾ ਕੇ ਆਪਣੀ ਮੁਕਾਮੀ ਹਮਾਇਤ ਸਿੱਧ ਕੀਤੀ ਸੀ। ਹੁਣ ਸਿਆਸੀ ਮੈਦਾਨ ਵਿੱਚ ਉਨ੍ਹਾਂ ਦੀ ਵਾਪਸੀ ਨਾਲ ਸਾਬਕਾ ਵੱਖਵਾਦੀ ਆਗੂਆਂ ਦੇ ਮੁੱਖਧਾਰਾ ਦੀ ਸਿਆਸੀ ਪ੍ਰਕਿਰਿਆ ਵਿੱਚ ਵਾਪਸ ਆਉਣ ਦੇ ਕਿਆਸ ਲਾਏ ਜਾ ਰਹੇ ਹਨ। ਉਨ੍ਹਾਂ ਦੀ ਅਗਵਾਈ ਵਾਲੀ ਅਵਾਮੀ ਇਤਿਹਾਦ ਪਾਰਟੀ (ਏਆਈਪੀ) ਬਾਰੇ ਵੀ ਕਈ ਸੁਆਲ ਉੱਠ ਰਹੇ ਹਨ ਪਰ ਵੰਡੇ ਹੋਏ ਚੁਣਾਵੀ ਮੈਦਾਨ ਵਿੱਚ ਇਸ ਨੂੰ ਫ਼ਾਇਦਾ ਹੋ ਸਕਦਾ ਹੈ। ਸਾਬਕਾ ਮੁੱਖ ਮੰਤਰੀ ਅਤੇ ਪੀਡੀਪੀ ਦੀ ਆਗੂ ਮਹਿਬੂਬਾ ਮੁਫ਼ਤੀ ਨੇ ਰਾਸ਼ਿਦ ਦੀ ਪਾਰਟੀ ਨੂੰ ਭਾਜਪਾ ਦਾ ਮੋਹਰਾ (ਪ੍ਰੌਕਸੀ) ਕਰਾਰ ਦਿੱਤਾ ਹੈ ਜਿਸ ਕਰ ਕੇ ਇਹ ਕਿਆਸ ਲਾਏ ਜਾ ਰਹੇ ਹਨ ਕਿ ਸੱਤਾਧਾਰੀ ਪਾਰਟੀ ਨੂੰ ਫ਼ਾਇਦਾ ਪਹੁੰਚਾਉਣ ਲਈ ਹੀ ਰਾਸ਼ਿਦ ਨੂੰ ਜਾਣਬੁੱਝ ਕੇ ਇਸ ਸਮੇਂ ਰਿਹਾਅ ਕਰਵਾਇਆ ਗਿਆ ਹੈ। ਗੁਲਾਮ ਨਬੀ ਆਜ਼ਾਦ ਜਿਹੇ ਭਾਜਪਾ ਪ੍ਰਤੀ ਨਰਮਗੋਸ਼ਾ ਰੱਖਣ ਵਾਲੇ ਆਗੂਆਂ ਨੇ ਰਾਸ਼ਿਦ ਦੀ ਰਿਹਾਈ ਦਾ ਸਵਾਗਤ ਕੀਤਾ ਹੈ ਜਦੋਂਕਿ ਉਮਰ ਅਬਦੁੱਲਾ ਨੇ ਲੋਕਾਂ ਨੂੰ ਵੋਟਾਂ ਵੰਡਣ ਤੋਂ ਖ਼ਬਰਦਾਰ ਕਰਦਿਆਂ ਕਿਹਾ ਕਿ ਰਾਸ਼ਿਦ ਦੀ ਹਮਾਇਤ ਦਾ ਮਤਲਬ ਅਸਿੱਧੇ ਢੰਗ ਨਾਲ ਖ਼ਿੱਤੇ ਬਾਰੇ ਭਾਜਪਾ ਦੀਆਂ ਖ਼ਾਹਿਸ਼ਾਂ ਦਾ ਸਮਰਥਨ ਕਰਨ ਦੇ ਸਮਾਨ ਹੋਵੇਗਾ।

ਰਾਸ਼ਿਦ ਵੱਲੋਂ ਕਿਉਂਕਿ ਹੁਣ ਚੋਣ ਪ੍ਰਚਾਰ ਦੀ ਤਿਆਰੀ ਕੀਤੀ ਜਾ ਰਹੀ ਹੈ ਇਸਲਈ ਉਸ ਦੀ ਸਿਆਸੀ ਵਾਪਸੀ ਨੂੰ ਨੇੜਿਓਂ ਤੱਕਿਆ ਜਾਵੇਗਾ। ਰਾਸ਼ਿਦ ਨੂੰ ਚੋਣ ਮੈਦਾਨ ’ਚ ਮੁੜ ਉਤਰਨ ਦੀ ਇਜਾਜ਼ਤ ਦੇਣ ਦਾ ਫ਼ੈਸਲਾ ਜਾਂ ਤਾਂ ਸਾਬਕਾ ਵੱਖਵਾਦੀਆਂ ਦਾ ਜੰਮੂ ਕਸ਼ਮੀਰ ਦੇ ਸਿਆਸੀ ਢਾਂਚੇ ’ਚ ਰਲੇਵਾਂ ਕਰ ਦੇਵੇਗਾ ਜਾਂ ਪਹਿਲੀ ਵੰਡ ਨੂੰ ਹੋਰ ਗਹਿਰਾ ਕਰ ਦੇਵੇਗਾ। ਉਸ ਦੀ ਵਾਪਸੀ ਇੱਕ ਹੋਰ ਵਿਆਪਕ ਸਵਾਲ ਨੂੰ ਵੀ ਛੂੰਹਦੀ ਹੈ ਕਿ ਜੰਮੂ ਕਸ਼ਮੀਰ ਆਪਣੇ ਵੱਖਵਾਦੀ ਅਤੀਤ ਨਾਲ ਸੁਲ੍ਹਾ ਕਿਵੇਂ ਕਰਦਾ ਹੈ। ਜਮਹੂਰੀ ਪ੍ਰਕਿਰਿਆ ’ਚ ਉਸ ਦੀ ਹਿੱਸੇਦਾਰੀ ਜਾਂ ਤਾਂ ਸਿਆਸੀ ਸਥਿਰਤਾ ਨੂੰ ਹੁਲਾਰਾ ਦੇ ਸਕਦੀ ਹੈ ਜਾਂ ਪੁਰਾਣੀਆਂ ਗੜਬੜੀਆਂ ਮੁੜ ਉੱਭਰ ਸਕਦੀਆਂ ਹਨ। ਇਹ ਇਸ ਗੱਲ ’ਤੇ ਨਿਰਭਰ ਕਰੇਗਾ ਕਿ ਵੋਟਰ ਤੇ ਸਿਆਸੀ ਕਲਾਕਾਰ ਉਸ ਦੇ ਮੁੜ ਉਭਾਰ ਨੂੰ ਕਿਵੇਂ ਲੈਂਦੇ ਹਨ।

ਲੋਕਤੰਤਰ ਤੇ ਵੱਖਵਾਦ ਵਿਚਲਾ ਇਹ ਨਾਜ਼ੁਕ ਸੰਤੁਲਨ ਜੰਮੂ ਕਸ਼ਮੀਰ ਦੇ ਸਿਆਸੀ ਭਵਿੱਖ ਦੀਆਂ ਗੁੰਝਲਾਂ ਨੂੰ ਦਰਸਾਉਂਦਾ ਹੈ ਕਿਉਂਕਿ ਰਾਸ਼ਿਦ ਵਰਗੀਆਂ ਹਸਤੀਆਂ ਵਰਤਮਾਨ ਢਾਂਚੇ ਦੇ ਅੰਦਰ ਰਸੂਖ਼ ਤੇ ਵਾਜਬੀਅਤ ਦੋਵਾਂ ਦੀ ਇੱਛਾ ਰੱਖ ਰਹੀਆਂ ਹਨ। ਆਉਣ ਵਾਲੇ ਹਫ਼ਤੇ ਹੀ ਦੱਸਣਗੇ ਕਿ ਕੀ ਇਹ ਜ਼ਮਾਨਤ ਮੁੜ ਤੋਂ ਅਸਲ ਰਾਜਨੀਤਕ ਏਕੀਕਰਨ ਦਾ ਸੰਕੇਤ ਦਿੰਦੀ ਹੈ ਜਾਂ ਫੇਰ ਚੋਣਾਂ ਤੋਂ ਪਹਿਲਾਂ ਮਹਿਜ਼ ਇੱਕ ਰਣਨੀਤਕ ਦਾਅ ਸਾਬਿਤ ਹੁੰਦੀ ਹੈ।

# ਆਲਮੀ ਸਮੱਸਿਆਵਾਂ ਦਾ ਮੁਕਾਮੀ ਹੱਲ

**ਅਰੁਣ ਮੈਰਾ**



ਇਸ ਲੇਖ ਦੀ ਸ਼ੁਰੂਆਤ ਮੈਂ ਕੁਝ ਵੱਡੇ ਬਿਆਨਾਂ ਨਾਲ ਕਰ ਰਿਹਾ ਹਾਂ: ਆਲਮੀ ਸ਼ਾਸਨ ਵਿਵਸਥਾ ਢਹਿ-ਢੇਰੀ ਹੋ ਗਈ ਹੈ। ਭੂ-ਰਾਜਸੀ ਸ਼ਾਸਨ ਹਿੱਲ ਗਿਆ ਹੈ। ਆਲਮੀ ਵਿੱਤੀ ਪ੍ਰਣਾਲੀਆਂ ਅਤੇ ਸਪਲਾਈ ਚੇਨਾਂ ਟੁੱਟ ਰਹੀਆਂ ਹਨ। ਸੰਯੁਕਤ ਰਾਸ਼ਟਰ (ਯੂਐੱਨਓ) ਫ਼ਲਸਤੀਨ ਵਿਚ ਔਰਤਾਂ ਅਤੇ ਬੱਚਿਆਂ ਦਾ ਨਰਸੰਹਾਰ ਰੁਕਵਾਉਣ ਵਿਚ ਨਾਕਾਮ ਹੋ ਗਿਆ ਹੈ ਕਿਉਂਕਿ ਦੁਨੀਆ ਦਾ ਸਭ ਤੋਂ ਸ਼ਕਤੀਸ਼ਾਲੀ ਦੇਸ਼ ਇਹ ਚਾਹੁੰਦਾ ਹੀ ਨਹੀਂ ਹੈ। ਕੁੱਲ ਘਰੇਲੂ ਪੈਦਾਵਾਰ (ਜੀਡੀਪੀ) ਦੇਸ਼ਾਂ ਦੇ ਵਿਕਾਸ ਦੇ ਪੱਧਰ ਦਾ ਸੂਚਕ ਬਣ ਗਿਆ ਹੈ ਜਿਸ ਦਾ ਉੱਚਾ ਮਰਤਬਾ ਪਾਉਣ ਦੀਆਂ ਆਪਣੀਆਂ ਖਾਹਿਸ਼ਾਂ ਕਰ ਕੇ ਦੇਸ਼ ਦੇ ਕੁਦਰਤੀ ਸਰੋਤਾਂ ਦੀ ਬਲੀ ਦਿੱਤੀ ਜਾ ਰਹੀ ਹੈ।

ਸਭ ਤੋਂ ਵੱਧ ਅਮੀਰ ਮੁਲਕਾਂ ਵਿਚ ਵੀ ਨਾਗਰਿਕ ਆਪਣੀਆਂ ਸਰਕਾਰਾਂ ’ਤੇ ਇਹ ਭਰੋਸਾ ਨਹੀਂ ਕਰ ਪਾ ਰਹੇ ਕਿ ਉਹ ਮੁਨਾਸਬ ਸ਼ਾਸਨ ਕਰ ਰਹੀਆਂ ਹਨ। ਆਰਥਿਕ ਸ਼ੋਸ਼ਣ ਦਾ ਦਬਾਓ ਕੁਦਰਤ ਦੀ ਆਪਣੇ ਆਪ ਨੂੰ ਹੰਢਣਸਾਰ ਬਣਾਉਣ ਦੀ ਕਾਬਲੀਅਤ ਨੂੰ ਤੋੜ ਰਿਹਾ ਹੈ। ਸਾਫ਼ ਪਾਣੀ ਦੇ ਸਰੋਤ ਘਟਦੇ ਜਾ ਰਹੇ ਹਨ, ਜ਼ਮੀਨ ਦਾ ਉਪਜਾਊਪਣ ਖਰਾਬ ਹੋ ਰਿਹਾ ਹੈ ਅਤੇ ਜਲਵਾਯੂ ਤਬਦੀਲੀ ਵਧਦੀ ਹੀ ਜਾ ਰਹੀ ਹੈ ਜਿਸ ਕਰ ਕੇ ਮਾਨਵਤਾ ਸਾਹਮਣੇ ਹੋਂਦ ਦਾ ਸੰਕਟ ਖੜ੍ਹਾ ਹੋ ਗਿਆ ਹੈ। ਸ਼ਕਤੀਸ਼ਾਲੀ ਦੇਸ਼ ਹੋਰ ਜ਼ਿਆਦਾ ਤਕਨਾਲੋਜੀਆਂ ਅਤੇ ਮਸਨੂਈ ਬੁੱਧੀ (ਏਆਈ) ਨਾਲ ਆਪੋ ਆਪਣੀਆਂ ਫ਼ੌਜਾਂ ਨੂੰ ਮਜ਼ਬੂਤ ਬਣਾ ਰਹੇ ਹਨ। ਇਹ ਖ਼ਤਰਾ ਪੈਦਾ ਹੋ ਗਿਆ ਹੈ ਕਿ ਭਵਿੱਖ ਵਿਚ ਜਿੰਨੀਆਂ ਮੌਤਾਂ ਦਾ ਕਾਰਨ ਜਲਵਾਯੂ ਤਬਦੀਲੀ ਬਣੇਗੀ, ਉਸ ਤੋਂ ਵੱਧ ਤੇਜ਼ੀ ਨਾਲ ਲੋਕ ਜੰਗਾਂ ਵਿਚ ਮਾਰੇ ਜਾਣਗੇ।

ਕੀ ਸਾਨੂੰ ਆਲਮੀ ਸਮੱਸਿਆਵਾਂ ਦੇ ਉਪਰੋਂ ਠੋਸੇ ਜਾ ਰਹੇ ਹੱਲਾਂ ਦੀ ਨਾਕਾਮੀ ਦੇ ਹੋਰ ਸਬੂਤਾਂ ਦੀ ਲੋੜ ਹੈ ? ਜਿਵੇਂ ਕਿ ਅਲਬਰਟ ਆਈਨਸਟਾਈਨ ਅਤੇ ਹੋਰਨਾਂ ਨੇ ਕਿਹਾ ਸੀ ਕਿ ਜਿਸ ਸੋਚ ਕਰ ਕੇ ਸਮੱਸਿਆਵਾਂ ਪੈਦਾ ਹੋਈਆਂ ਹਨ, ਉਸੇ ਸੋਚ ਨਾਲ ਉਨ੍ਹਾਂ ਨੂੰ ਹੱਲ ਕਰਨ ਦੀ ਅੜੀ ਪਾਗਲਪਣ ਹੈ। ਆਓ, ਇਕ ਪਲ ਲਈ ਵਿਗਿਆਨਕ ਢੰਗ ਨਾਲ ਸੋਚ ਕੇ ਵੇਖੀਏ। 17 ਹੰਢਣਸਾਰ ਵਿਕਾਸ ਟੀਚੇ (ਐੱਸਡੀਜੀਜ਼) ਹਨ ਜਿਨ੍ਹਾਂ ਸਾਰਿਆਂ ਨੂੰ ਤੇਜ਼ੀ ਨਾਲ ਮੁਖ਼ਾਤਬ ਹੋਣਾ ਜ਼ਰੂਰੀ ਹੈ। ਸਗੋਂ ਇਨ੍ਹਾਂ ’ਚੋਂ ਕਿਸੇ ਨੂੰ ਵੱਖਰੇ ਤੌਰ ’ਤੇ ਹੱਲ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਸਾਰੇ ਅੰਤਰ ਸਬੰਧਤ ਹਨ। ਹਰੇਕ ਐੱਸਡੀਜੀ ਹਰ ਕਿਤੇ ਇਕੋ ਢੰਗ ਨਾਲ ਪ੍ਰਗਟ ਨਹੀਂ ਹੁੰਦਾ ਕਿਉਂਕਿ ਅਲਾਸਕਾ ਅਤੇ ਬਾਰਬਾਡੋਸ ਜਾਂ ਉਤਰਾਖੰਡ ਅਤੇ ਕੇਰਲਾ ਵਾਂਗ ਹਰੇਕ ਖੇਤਰ ਦੇ ਵਾਤਾਵਰਨ ਅਤੇ ਜਲਵਾਯੂ ਦੀਆਂ ਸਮੱਸਿਆਵਾਂ ਵੱਖੋ ਵੱਖਰੀਆਂ ਹਨ। ਨਿਊ ਯਾਰਕ ਦੇ ਸਲੱਮ ਖੇਤਰ ਅਤੇ ਬਿਹਾਰ ਦੇ ਦਿਹਾਤ ਵਿਚ ਰੋਜ਼ੀ ਰੋਟੀ ਦੀਆਂ ਸਮੱਸਿਆਵਾਂ ਵੱਖੋ ਵੱਖਰੀਆਂ ਹਨ। ਇਸ ਕਰ ਕੇ ਸਾਰੀਆਂ ਸਮੱਸਿਆਵਾਂ ਨੂੰ ਮੁਕਾਮੀ ਪੱਧਰ ’ਤੇ ਹੱਲ ਕੀਤੇ ਜਾਣ ਦੀ ਲੋੜ ਹੈ। ਤੇ ਦੁਨੀਆ ਵਿਚ ਹਰ ਜਗ੍ਹਾ ਘੱਟੋਘੱਟ ਹੰਢਣਸਾਰ ਵਿਕਾਸ ਟੀਚਿਆਂ ਦੀਆਂ 17 ਸਮੱਸਿਆਵਾਂ ’ਚੋਂ ਸੱਤ ਸਮੱਸਿਆਵਾਂ ਨੂੰ ਫ਼ੌਰੀ ਹੱਲ ਕੀਤਾ ਜਾਣਾ ਚਾਹੀਦਾ ਹੈ।

ਮਾਹਿਰਾਂ ਦਾ ਅਨੁਮਾਨ ਹੈ ਕਿ ਜੇ ਅਸੀਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਉਪਰੋਂ ਥੋਪੀ ਜਾਣ ਵਾਲੀ ਅਤੇ ਖਾਨਿਆਂ ਵਿਚ ਵੰਡ ਕੇ ਕੰਮ ਕਰਨ ਵਾਲੀ ਮੌਜੂਦਾ ਪਹੁੰਚ ਨਾਲ ਚਲਦੇ ਰਹੇ ਤਾਂ ਹੰਢਣਸਾਰ ਵਿਕਾਸ ਦੇ ਟੀਚੇ ਹਾਸਲ ਕਰਨ ਲਈ 2087 ਤੱਕ ਇੰਤਜ਼ਾਰ ਕਰਨਾ ਪਵੇਗਾ ਜਦਕਿ ਇਨ੍ਹਾਂ ਨੂੰ 2030 ਤੱਕ ਸਿਰੇ ਚਾੜ੍ਹਨ ਦਾ ਟੀਚਾ ਮਿੱਥਿਆ ਗਿਆ ਸੀ। ਇਕ ਸਮੇਂ 17 ਵਿੱਚੋਂ ਸੱਤ ਸਮੱਸਿਆਵਾਂ ਦੇ ਕਿੰਨੇ ਜੁੱਟ ਬਣਾਏ ਜਾ ਸਕਦੇ ਹਨ ? 9 ਕਰੋੜ 40 ਲੱਖ! 17 ਐੱਸਡੀਜੀਜ਼ ਦੀਆਂ ਸਮੱਸਿਆਵਾਂ ਜ਼ਮੀਨੀ ਪੱਧਰ ’ਤੇ ਪ੍ਰਤੱਖ ਹਨ ਅਤੇ ਉਹ ਹਰ ਜਗ੍ਹਾ ਵੱਖੋ ਵੱਖਰੇ ਰੂਪਾਂ ਵਿਚ ਪ੍ਰਗਟ ਹੁੰਦੀਆਂ ਹਨ। ਸਾਨੂੰ ਸਮੱਸਿਆ ਹੱਲ ਕਰਨ ਦੇ ਇਕ ਨਵੇਂ ਪੈਰਾਡਾਈਮ (ਮਾਡਲ) ਦੀ ਲੋੜ ਹੈ। ਨਾਬਰਾਬਰੀ, ਸਮਾਜਿਕ ਬਦਅਮਨੀ ਅਤੇ ਵਾਤਾਵਰਨ ਬਰਬਾਦੀ ਦੀਆਂ ਆਲਮੀ ਵਿਵਸਥਾ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਮੁਕਾਮੀ, ਭਾਈਚਾਰੇ ਦੀ ਅਗਵਾਈ ਵਾਲੇ ਸਮਾਧਾਨ ਰਾਹ ਦਰਸਾਵਾਂ ਬਣ ਸਕਦੇ ਹਨ।

ਸਾਨੂੰ ਹੁਣ ਇਕ ਨਵੇਂ ਮਾਰਗ ’ਤੇ ਤੁਰਨਾ ਪਵੇਗਾ ਤਾਂ ਕਿ ਅਸੀਂ ਆਪਣੀ ਸਮੂਹਿਕਤਾ ਦੇ ਉਸ ਵਾਅਦੇ ਨੂੰ ਸਾਕਾਰ ਕਰ ਸਕੀਏ ਜਿਸ ਨੂੰ ਸਾਡੀ ਸੋਚ ਅਤੇ ਕਰਮ ਦੇ ਸਥਾਪਤ ਢੰਗਾਂ ਨੇ ‘ਸਮੂਹਿਕਤਾ ਦੇ ਦੁਖਾਂਤ’ ਵਿਚ ਬਦਲ ਦਿੱਤਾ ਹੈ। ਨਵੀਂ ਸੋਚ ਅਤੇ ਕਰਮ ਦੇ ਵਿਵਸਥਾਈ ਢੰਗ ਨੂੰ ਹਰ ਪਾਸੇ ਫੈਲਾਉਣਾ ਪਵੇਗਾ। ਇਸ ਲਈ ਸਮੱਸਿਆਵਾਂ ਹੱਲ ਕਰਨ ਅਤੇ ਜਥੇਬੰਦ ਹੋਣ ਦੇ ਸਰਬਵਿਆਪੀ ਬਣ ਚੁੱਕੇ ਗ਼ੈਰਵਿਵਸਥਾਈ ਢੰਗਾਂ ਨੂੰ ਭੁਲਾਉਣਾ ਪਵੇਗਾ। ਵੱਡੇ ਪੈਮਾਨੇ ’ਤੇ ਜਥੇਬੰਦ ਹੋਣ ਦੇ ਸਥਾਪਤ ਢੰਗ ਵਿਚ ਵਿਵਸਥਾ ਨਾਲ ਜੁੜੀਆਂ ਸਮੱਸਿਆਵਾਂ ਨੂੰ ਮਾਹਿਰਾਂ ਅਤੇ ਸਰੋਤਾਂ ਦੇ ਹਿਸਾਬ ਨਾਲ ਹਿੱਸਿਆਂ ਵਿਚ ਵੰਡ ਦਿੱਤਾ ਜਾਂਦਾ ਹੈ ਅਤੇ ਫਿਰ ਵਿਅਕਤੀਗਤ ਸਮੱਸਿਆਵਾਂ ਨੂੰ ਵੱਖਰੇ ਤੌਰ ’ਤੇ ਹੱਲ ਕੀਤਾ ਜਾਂਦਾ ਹੈ। ਬਹਰਹਾਲ, ਵੱਖੋ ਵੱਖਰੇ ਖਾਨਿਆਂ ਵਿਚ ਕੀਤੇ ਜਾਂਦੇ ਫ਼ੈਸਲੇ ਸਿਸਟਮ ਦੇ ਦੂਜੇ ਹਿੱਸਿਆਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਅਰਥਚਾਰੇ ਨੂੰ ਹੁਲਾਰਾ ਦੇਣ ਲਈ ਬਣਾਇਆ ਜਾਂਦਾ ਬੁਨਿਆਦੀ ਢਾਂਚਾ ਵਾਤਾਵਰਨ ਨੂੰ ਤਬਾਹ ਕਰ ਦਿੰਦਾ ਹੈ। ਇਨਸਾਨਾਂ ਨੂੰ ਜੰਗਲਾਂ ’ਚੋਂ ਹਟਾ ਕੇ ਜਾਂ ਚਰਾਦਾਂ ’ਚੋਂ ਪਸ਼ੂਆਂ ਨੂੰ ਕੱਢ ਕੇ ਵਾਤਾਵਰਨ ਨੂੰ ਬਚਾਉਣ ਦੇ ਹੱਲਾਂ ਨਾਲ ਰੋਜ਼ੀ ਰੋਟੀ ਨੂੰ ਸੱਟ ਵੱਜਦੀ ਹੈ। ਖੇਤੀਬਾੜੀ ਦਾ ਉਤਪਾਦਨ ਵਧਾਉਣ ਲਈ ਹੋਰ ਜ਼ਿਆਦਾ ਰਸਾਇਣਕ ਖਾਦਾਂ ਦੀ ਵਰਤੋਂ ਅਤੇ ਕਿਸਾਨਾਂ ਦੀ ਥਾਂ ਹੋਰ ਜ਼ਿਆਦਾ ਮਸ਼ੀਨਾਂ ਲਾਉਣ ਨਾਲ ਜ਼ਮੀਨ ਦੀ ਉਤਪਾਦਕਤਾ ਘਟਦੀ ਹੈ ਜਿਸ ਦੇ ਸਿੱਟੇ ਵਜੋਂ ਹੋਰ ਜ਼ਿਆਦਾ ਰਸਾਇਣਾਂ ਦੀ ਲੋੜ ਪੈਂਦੀ ਹੈ। ਇਸ ਦੌਰਾਨ, ਉਜਾੜੇ ਗਏ ਕਿਸਾਨਾਂ ਨੂੰ ਨਿਰਮਾਣ ਫੈਕਟਰੀਆਂ ਵਿਚ ਰੁਜ਼ਗਾਰ ਨਹੀਂ ਮਿਲ ਰਿਹਾ ਕਿਉਂਕਿ ਉੱਥੇ ਪਹਿਲਾਂ ਹੀ ਕਾਮਿਆਂ ਦੀ ਥਾਂ ਰੋਬੋਟ ਲਾਏ ਜਾ ਰਹੇ ਹਨ ਤਾਂ ਕਿ ਫੈਕਟਰੀਆਂ ਦੀ ਉਤਪਾਦਕਤਾ ਵਧਾਈ ਜਾ ਸਕੇ!

ਸਾਨੂੰ ਚਾਹੀਦਾ ਹੈ ਕਿ ‘ਜੀਡੀਪੀ ਦੇ ਭਗਵਾਨ’ ਨੂੰ ਕੁਦਰਤ ਤੇ ਮਨੁੱਖਾਂ ਦਾ ਸ਼ੋਸ਼ਣ ਕਰਨ ਤੋਂ ਰੋਕਿਆ ਜਾਵੇ ਜੋ ਲਾਲਚੀ ਆਰਥਿਕ ਮਸ਼ੀਨਰੀ ਦੀ ਤਰੱਕੀ ਕਾਇਮ ਰੱਖਣ ਖਾਤਰ ਇਨ੍ਹਾਂ ਨਾਲ ਖਿਲਵਾੜ ਕਰ ਰਿਹਾ ਹੈ; ਇਸ ਦੀ ਬਜਾਏ, ਅਰਥਚਾਰਾ ਅਜਿਹਾ ਬਣਨਾ ਚਾਹੀਦਾ ਹੈ ਕਿ ਇਹ ਸਮਾਜ ਤੇ ਕੁਦਰਤ ਦੀ ਸੇਵਾ ਕਰੇ। ‘ਗਰੀਨ’ ਤੇ ‘ਸਨੇਹੀ’ ਅਰਥਚਾਰੇ ਜਿਨ੍ਹਾਂ ਬਾਰੇ ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਇਹ ਭਵਿੱਖ ਵਿਚ ਰੁਜ਼ਗਾਰ ਪੈਦਾ ਕਰਨਗੇ, ਨੂੰ ‘ਰਸਮੀ’ ਫੈਕਟਰੀ ਅਧਾਰਿਤ ਕੰਮਕਾਜੀ ਤੌਰ-ਤਰੀਕਿਆਂ ਦੀ ਥਾਂ ਲੈਣ ਲਈ ‘ਗ਼ੈਰਰਸਮੀ’ ਕੰਮਕਾਜੀ ਤੌਰ-ਤਰੀਕਿਆਂ ਦੀ ਲੋੜ ਪਏਗੀ ਜੋ ਚੰਗੇ ਸਮਾਜ ਦੀ ਸਿਰਜਣਾ ਵਿਚ ਸਹਾਈ ਹੋਵੇਗਾ ਜਦਕਿ ਮੌਜੂਦਾ ਤੌਰ-ਤਰੀਕੇ ਆਰਥਿਕਤਾ ਤੇ ਉਤਪਾਦਨ ਨੂੰ ਵਧਾਉਣ ਉਤੇ ਜ਼ੋਰ ਦਿੰਦੇ ਹਨ।

ਇਹ ਸੰਪੂਰਨ ਬਦਲਾਅ ਸੌਖਾ ਨਹੀਂ ਹੋਵੇਗਾ ਕਿਉਂਕਿ ਉਪਰੋਂ ਤਾਕਤ ਲੈ ਕੇ ਹੇਠਾਂ ਲੋਕਾਂ ਨੂੰ ਸੌਂਪਣੀ ਪਏਗੀ। ਬੁਨਿਆਦੀ ਤਬਦੀਲੀਆਂ ਕਦੇ ਵੀ ਆਸਾਨ ਨਹੀਂ ਹੁੰਦੀਆਂ ਕਿਉਂਕਿ ਸੰਪਤੀ ਤੇ ਤਾਕਤ ‘ਸਮੂਹਿਕ ਕਾਰਜ’ ਦੀ ਪ੍ਰਕਿਰਿਆ ਨਾਲ ਇਕੱਠੀ ਹੁੰਦੀ ਹੈ। ਜਿਨ੍ਹਾਂ ਕੋਲ ਜਾਇਦਾਦ ਤੇ ਤਾਕਤ ਹੁੰਦੀ ਹੈ, ਉਹ ਇਸ ਦੀ ਵਰਤੋਂ ਅਜਿਹੇ ਨਿਯਮਾਂ ਦੀ ਪੈਰਵੀ ਲਈ ਕਰਦੇ ਹਨ ਜਿਹੜੇ ਉਨ੍ਹਾਂ ਦੀ ਸੰਪਤੀ ਤੇ ਤਾਕਤ ਨੂੰ ਹੋਰ ਵਧਾਉਣ। ਉਹ ਆਪਣੀ ਜਾਇਦਾਦ ਤੇ ਤਾਕਤ ਨੂੰ ਖੋਜ ਕਾਰਜਾਂ ਲਈ ਵਰਤਦੇ ਹਨ, ਸੰਮੇਲਨ ਕਰਵਾਉਂਦੇ ਹਨ ਤੇ ਅਜਿਹੀਆਂ ਨੀਤੀਆਂ ਬਣਵਾਉਣ ਲਈ ਲੌਬੀਇੰਗ ਕਰਦੇ ਹਨ ਜੋ ਉਨ੍ਹਾਂ ਦੀਆਂ ਵਿਚਾਰਧਾਰਾਵਾਂ ਮੁਤਾਬਕ ਹੋਣ। ਜਿਹੜੇ ਉਨ੍ਹਾਂ ਲਈ ਚੁਣੌਤੀ ਬਣਦੇ ਹਨ, ਉਨ੍ਹਾਂ ਨੂੰ ਬਾਹਰ ਦਾ ਰਸਤਾ ਦਿਖਾ ਦਿੱਤਾ ਜਾਂਦਾ ਹੈ। ਇਸ ਤਰ੍ਹਾਂ, ਵਿਚਾਰਾਂ ਦੇ ਮਾਡਲਾਂ ’ਤੇ ਸ਼ਿਕੰਜਾ ਕੱਸ ਦਿੱਤਾ ਜਾਂਦਾ ਹੈ। ਕਿਸੇ ਮਾਡਲ ਨੂੰ ਤਬਦੀਲ ਕਰਨ ਦੀ ਚਾਬੀ ਉਸ ਦੇ ਮੂਲ ਦਾਇਰੇ ਤੋਂ ਬਾਹਰ ਹੀ ਲੱਭੇਗੀ। ਉਮੀਦ ਕਾਇਮ ਹੈ। ਆਮ ਲੋਕਾਂ ਦੇ ਨੇਤਾ ਜੁੜ ਰਹੇ ਹਨ, ਇਕੱਠੇ ਸਿੱਖ ਕੇ ਅੱਗੇ ਵਧ ਰਹੇ ਹਨ ਅਤੇ ਬਦਲਾਅ ਦੀ ਅਹਿੰਸਕ ਮੁਹਿੰਮ ਨੂੰ ਥੱਲਿਓਂ ਹੋਰ ਚੌੜਾ ਕਰ ਰਹੇ ਹਨ। ਉਪਰ ਬੈਠੇ ਆਗੂ ਜਿਹੜੇ ਭਾਰਤ ਦੀ ਸ਼ਕਤੀਹੀਣ ਜਨਤਾ ਦਾ ਭਲਾ ਕਰਨ ਵਾਲੇ ਸੁਧਾਰਾਂ ਦਾ ਪੱਖ ਪੂਰਦੇ ਹਨ, ਨੂੰ ਇਨ੍ਹਾਂ ਬਦਲਾਅ ਲਿਆਉਣ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਸੁਣਨਾ ਚਾਹੀਦਾ ਹੈ ਤੇ ਇਨ੍ਹਾਂ ਤੋਂ ਸਿੱਖਣਾ ਚਾਹੀਦਾ ਹੈ। ਇਨ੍ਹਾਂ ਵਿਚੋਂ ਸੈਂਕੜੇ 27 ਤੋਂ 29 ਅਗਸਤ ਤੱਕ ਨਵੀਂ ਦਿੱਲੀ ਦੇ ਅੰਬੇਡਕਰ ਇੰਟਰਨੈਸ਼ਨਲ ਇੰਸਟੀਚਿਊਟ ਵਿਚ ‘ਕਾਮਨਜ਼ ਕਨਵੀਨਿੰਗ’ ਲਈ ਜੁੜੇ ਸਨ। ਇਹ ਜ਼ਮੀਨੀ ਸਬੂਤ ਸੀ ਕਿ ਹੇਠੋਂ-ਉਪਰ ਵੱਲ ਨੂੰ ਸਹਿਕਾਰੀ ਬਦਲਾਅ ਦਾ ਮਾਡਲ ਸਮਾਜ ਵਿਚ ਹਰੇਕ ਦਾ ਜੀਵਨ ਪੱਧਰ ਸੁਧਾਰ ਸਕਦਾ ਹੈ ਅਤੇ ਮਾਹਿਰਾਂ ਵੱਲੋਂ ਸੁਝਾਏ ਤਰੱਕੀ ਦੇ ਤਰੀਕਿਆਂ ਨਾਲ ਵਾਤਾਵਰਨ ਦੇ ਹੋਏ ਨੁਕਸਾਨ ਦੀ ਪੂਰਤੀ ਵੀ ਹੋ ਸਕਦੀ ਹੈ। ਬਦਲਾਅ ਦੇ ਇਹ ‘ਰੋਲ ਮਾਡਲ’ ਭਾਰਤ ਨੂੰ 2047 ਤੱਕ ਵਿਕਸਿਤ ਬਣਾਉਣ ਦਾ ਸਹੀ ਰਸਤਾ ਦੱਸਦੇ ਹਨ। ਉਪਰਲੀਆਂ ਪਦਵੀਆਂ ’ਤੇ ਬੈਠਣ ਵਾਲਿਆਂ ਨੂੰ ਇਸ ਤਰ੍ਹਾਂ ਦੇ ਵਿਚਾਰਾਂ ਨੂੰ ਅਪਣਾਉਣਾ ਚਾਹੀਦਾ ਹੈ ਤੇ ਜਲਦੀ ਨਤੀਜੇ ਲੈਣ ਲਈ ਤੇਜ਼ੀ ਨਾਲ ਫੈਲਾਉਣਾ ਚਾਹੀਦਾ ਹੈ। ਨਹੀਂ ਤਾਂ, ‘ਵਿਕਸਤ ਭਾਰਤ’ ਵੀ ‘ਇੰਡੀਆ075’ ਵਾਂਗ, ਤੇ ‘ਕਿਸਾਨਾਂ ਦੀ ਆਮਦਨ ਦੁੱਗਣੀ ਕਰਨ’ ਤੇ ਸਾਰਿਆਂ ਨੂੰ ਰੁਜ਼ਗਾਰ ਦੇਣ ਦੇ ਦਾਅਵੇ ਵਾਂਗ ਬਸ ਇਕ ਹੋਰ ਨਿਰਾਰਥਕ ਖਿਆਲ ਬਣ ਕੇ ਹੀ ਰਹਿ ਜਾਵੇਗਾ।

# ਤੁਰਨ ਫਿਰਨ ਤੋਂ ਅਸੱਮਰਥ ਵਿਆਕਤੀਆਂ ਨੂੰ ਟਰਾਈਸਾਈਕਲ ਅਤੇ ਵੀਲ੍ਹਚੇਅਰ ਦਿੱਤੀਆਂ

**ਪਟਿਆਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ 5 ਲੋੜਵੰਦ ਮਰੀਜ਼ਾਂ ਨੂੰ ਟਰਾਈਸਾਈਕਲ ਅਤੇ ਵੀਲਚੇਅਰ ਵੰਡ ਸਮਾਰੋਹ ਐਸ ਐਸ ਪੀ ਪਟਿਆਲਾ ਦੇ ਦਫ਼ਤਰ ਪੁਲਿਸ ਲਾਇਨ ਵਿਖੇ ਕਰਵਾਇਆ ਗਿਆ।

ਇਸ ਵਿੱਚ ਮੁੱਖ ਮਹਿਮਾਨ ਐਸ ਐਸ ਪੀ ਪਟਿਆਲਾ ਡਾ. ਨਾਨਕ ਸਿੰਘ ਆਈ ਪੀ ਐਸ ਅਤੇ ਐਸ ਪੀ ਸਿਟੀ ਮੁਹੰਮਦ ਸਰਫ਼ਰਾਜ਼ ਆਲਮ ਆਈ ਪੀ ਐਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਸਾਂਝ ਕੇਂਦਰ ਪਟਿਆਲਾ ਅਤੇ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਨੇ ਕੀਤੀ।

ਇਸ ਮੌਕੇਂ ਇੰਸਪੈਕਟਰ ਝਰਮਲ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਵਿਨੇ ਸ਼ਰਮਾ, ਰਾਜਿੰਦਰ ਧਾਲੀਵਾਲ, ਸਟੇਟ ਐਵਾਰਡੀ ਰੁਪਿੰਦਰ ਕੌਰ ਮੈਂਬਰ ਸਾਂਝ ਕੇਂਦਰ ਪਟਿਆਲਾ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ, ਮਾਸਟਰ ਲਖਵਿੰਦਰ ਸਿੰਘ ਸਟੇਟ ਐਵਾਰਡੀ ਤ੍ਰਿਪੜੀ ਸਕੂਲ, ਤੇਜਿੰਦਰ ਮੰਡੋੜ ਨੇ ਸ਼ਿਰਕਤ ਕੀਤੀ, ਇਸ ਮੌਕੇ ਸੰਬੋਧਨ ਕਰਦਿਆਂ ਐਸ ਐਸ ਪੀ ਪਟਿਆਲਾ ਡਾ ਨਾਨਕ ਸਿੰਘ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਜਤਵਿੰਦਰ ਗਰੇਵਾਲ, ਪਰਮਿੰਦਰ ਭਲਵਾਨ, ਰੁਪਿੰਦਰ ਕੌਰ ਵਲੋਂ ਤੁਰਨ ਫਿਰਨ ਤੋਂ ਅਸੱਮਰਥ ਲੋੜਵੰਦ ਮਰੀਜ਼ਾਂ ਨੂੰ ਟਰਾਈਸਾਈਕਲ ਅਤੇ ਵੀਲਚੇਅਰ ਦੇਣੀਆਂ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਲੋੜਵੰਦ ਮਰੀਜ਼ਾਂ ਦੀ ਮਦਦ ਕਰਨੀ ਚਾਹੀਦੀ ਹੈ ਤਾਂ ਜੋ ਕਿਸੇ ਲੋੜਵੰਦ ਦੀ ਮਦਦ ਹੋ ਸਕੇ, ਉਹਨਾਂ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹੋ ਵੀ ਤੁਰਨ ਫਿਰਨ ਤੋਂ ਅਸੱਮਰਥ ਲੋੜਵੰਦ ਮਰੀਜ਼ਾਂ ਦੀ ਮਦਦ ਲਈ ਅੱਗੇ ਆ ਕੇ ਉਹਨਾਂ ਨੂੰ ਟਰਾਈਸਾਈਕਲ ਅਤੇ ਵੀਲਚੇਅਰ ਦੇਣ ਅੱਗੇ ਆਉਣ।

# ਕੇਂਦਰੀ ਸੰਚਾਰ ਬਿਊਰੋ ਵੱਲੋਂ ਤਿੰਨ ਰੋਜ਼ਾ ਮਲਟੀਮੀਡੀਆ ਫੋਟੋ ਪ੍ਰਦਰਸ਼ਨੀ ਦੀ ਸ਼ੁਰੂਆਤ

**➢ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਨੂੰ ਵੱਖ-ਵੱਖ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਏ ਗਏ ਸਟਾਲ ➢ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਰਮਨੀਤ ਕੌਰ ਨੇ ਕੀਤਾ ਉਦਘਾਟਨ; ਆਮ ਲੋਕਾਂ ਨੂੰ ਇਨ੍ਹਾਂ ਸੇਵਾਵਾਂ ਦਾ ਲਾਭ ਲੈਣ ਲਈ ਕੀਤਾ ਪ੍ਰੇਰਿਤ**

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਸੰਚਾਰ ਬਿਊਰੋ (ਸੀਬੀਸੀ), ਸੂਚਨਾ ਅਤੇ ਪ੍ਰਸਾਰਣ ਮੰਤਰਾਲੇ, ਭਾਰਤ ਸਰਕਾਰ, ਜਲੰਧਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਮਲਟੀਮੀਡੀਆ ਫੋਟੋ ਪ੍ਰਦਰਸ਼ਨੀ ਸ਼ੁਰੂ ਹੋ ਗਈ ਹੈ।

ਇਸ ਪ੍ਰਦਰਸ਼ਨੀ ਵਿੱਚ ਜਿੱਥੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਅਤੇ ਜਨਹਿੱਤ ਸਕੀਮਾਂ ਬਾਰੇ ਇਨਫੋਗ੍ਰਾਫ਼ਿਕਸ ਰਾਹੀਂ ਬਹੁਤ ਸਾਰੀਆਂ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈਆਂ ਹਨ, ਉੱਥੇ ਹੀ ਆਮ ਲੋਕਾਂ ਨੂੰ ਆਧਾਰ ਕਾਰਡ, ਆਯੂਸ਼ਮਾਨ ਕਾਰਡ, ਅਪੰਗਤਾ ਕਾਰਡ, ਬੈਂਕ ਅਤੇ ਬਟਾਲਾ ਅਤੇ ਗੁਰਦਾਸਪੁਰ ਪੁਲਿਸ ਦੇ ਸਾਂਝ ਕੇਂਦਰ ਦੀਆਂ ਅਤੇ ਕੁਝ ਹੋਰਨਾਂ ਵਿਭਾਗਾਂ ਦੀਆਂ ਸੇਵਾਵਾਂ ਇੱਕ ਹੀ ਸਥਾਨ ’ਤੇ ਪ੍ਰਦਾਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਈ ਵਿਭਾਗਾਂ ਦੇ ਸਟਾਲ ਲਾਏ ਗਏ ਹਨ।

ਗੁਰਦਾਸਪੁਰ ਹੈਰੀਟੇਜ ਸੋਸਾਇਟੀ ਵੱਲੋਂ ਜ਼ਿਲ੍ਹੇ ਦੀਆਂ ਵਿਰਾਸਤੀ ਥਾਵਾਂ ਨੂੰ ਤਸਵੀਰਾਂ ਰਾਹੀਂ ਦਰਸਾਉਂਦਾ ਸਟਾਲ ਵੀ ਲਗਾਇਆ ਗਿਆ ਹੈ।

ਪ੍ਰਦਰਸ਼ਨੀ ਦੇ ਮੁੱਖ ਮਹਿਮਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਰਮਨੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕੇਂਦਰੀ ਸੰਚਾਰ ਬਿਊਰੋ ਵੱਲੋਂ ਇਸ ਪ੍ਰਦਰਸ਼ਨੀ ਵਿੱਚ ਇੱਕ ਹੀ ਥਾਂ ’ਤੇ ਏਨੀ ਜਾਣਕਾਰੀ ਅਤੇ ਜਨਤਕ ਸੇਵਾਵਾਂ ਪ੍ਰਦਾਨ ਕਰਨ ਲਈ ਸ਼ਲਾਘਾ ਕੀਤੀ ਅਤੇ ਹਾਜ਼ਰੀਨ ਨੂੰ ਇਹ ਜਾਣਕਾਰੀ ਹੋਰਨਾਂ ਨਾਲ ਵੀ ਸਾਂਝੀ ਕਰਨ ਦਾ ਸੱਦਾ ਦਿੱਤਾ ਤਾਂ ਜੋ ਉਹ ਵੀ ਇਸ ਦਾ ਲਾਭ ਲੈ ਸਕਣ।

ਉਨ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਬਾਰੇ ਦੱਸਦਿਆਂ ਕਿਹਾ ਕਿ ਜਿਸ ਵੀ ਵਿਅਕਤੀ ਨੂੰ ਕਿਸੇ ਵੀ ਕਾਰਨ ਕਾਨੂੰਨੀ ਸਹਾਇਤਾ ਦੀ ਲੋੜ ਹੈ, ਉਹ ਉਨ੍ਹਾਂ ਦੇ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ। ਉਸ ਵਿਅਕਤੀ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਇਸ ਮੌਕੇ ਕੇਂਦਰੀ ਸੰਚਾਰ ਬਿਊਰੋ ਦੇ ਖੇਤਰੀ ਪ੍ਰਚਾਰ ਅਫ਼ਸਰ ਅਤੇ ਪ੍ਰਦਰਸ਼ਨੀ ਦੇ ਨੋਡਲ ਅਫ਼ਸਰ ਰਾਜੇਸ਼ ਬਾਲੀ ਅਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ ਸੈਣੀ ਵੀ ਹਾਜ਼ਰ ਸਨ।



ਬਾਲੀ ਨੇ ਦੱਸਿਆ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਲਗਾਈਆਂ ਗਈਆਂ ਇਨ੍ਹਾਂ ਪ੍ਰਦਰਸ਼ਨੀਆਂ ਅਤੇ ਪ੍ਰੋਗਰਾਮਾਂ ਦਾ ਮਕਸਦ ਆਮ ਲੋਕਾਂ ਨੂੰ ਸਰਕਾਰ ਦੀਆਂ ਵੱਖ-ਵੱਖ ਲਾਭਕਾਰੀ ਯੋਜਨਾਵਾਂ ਅਤੇ ਜਾਗਰੂਕਤਾ ਸਬੰਧੀ ਪਹਿਲਕਦਮੀਆਂ ਤੋਂ ਜਾਣੂ ਕਰਵਾਉਣਾ ਹੈ ਤਾਂ ਜੋ ਲੋਕ ਇਸ ਜਾਣਕਾਰੀ ਨਾਲ ਆਪਣੇ ਜੀਵਨ ਵਿੱਚ ਬਦਲਾਅ ਲਿਆ ਸਕਣ।

ਸਾਂਝ ਕੇਂਦਰ ਦੀ ਇੰਚਾਰਜ ਇੰਸਪੈਕਟਰ ਇੰਦਰਬੀਰ ਕੌਰ ਨੇ ਸਾਂਝ ਕੇਂਦਰ ਵੱਲੋਂ ਦਿੱਤੀਆਂ ਜਾਂਦੀਆਂ ਸਾਰੀਆਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਉਨ੍ਹਾਂ ਨੇ ਨਸ਼ਾ ਵਿਰੋਧੀ ਹੈਲਪਲਾਈਨ ਨੰਬਰ - 7814545950, ਐਮਰਜੈਂਸੀ ਹੈਲਪਲਾਈਨ ਨੰਬਰ - 112, ਗੁੰਮਸ਼ੁਦਾ ਚਾਈਲਡ ਚੈਟਬੋਟ ਹੈਲਪਲਾਈਨ ਨੰਬਰ - 9517795178 ਅਤੇ ਚਾਈਲਡ ਹੈਲਪਲਾਈਨ ਨੰਬਰ - 1098 ਆਮ ਲੋਕਾਂ ਨਾਲ ਸਾਂਝੇ ਕੀਤੇ ਤਾਂ ਜੋ ਉਪਰੋਕਤ ਵਿੱਚੋਂ ਕਿਸੇ ਵੀ ਸਥਿਤੀ ਨਾਲ ਤੁਰੰਤ ਨਜਿੱਠਣ ਅਤੇ ਪੁਲਿਸ ਨੂੰ ਸੂਚਿਤ ਕਰਕੇ ਆਪਣੇ ਸਮਾਜ ਦੀ ਰਾਖੀ ਅਤੇ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਾਈਬਰ ਕਰਾਈਮ ਵਿਭਾਗ ਦੀ ਪੁਲਿਸ ਅਫਸਰ ਇੰਸਪੈਕਟਰ ਅਮਨਦੀਪ ਕੌਰ ਵੱਲੋਂ ਆਨਲਾਈਨ ਧੋਖਾਧੜੀ ਤੋਂ ਬਚਣ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਣੂ ਕਰਵਾਇਆ ਗਿਆ।

ਆਂਗਣਵਾੜੀ ਵਰਕਰਾਂ ਨੇ ਆਪਣੇ ਸਾਥੀਆਂ ਵੱਲੋਂ ਆਮ ਲੋਕਾਂ ਦੀ ਮਦਦ ਲਈ ਕੀਤੇ ਜਾ ਰਹੇ ਜੀਵਨ ਬਚਾਓ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦਰਮਿਆਨ ਡਰਾਇੰਗ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ‘ਨਸ਼ਾ ਮੁਕਤ ਭਾਰਤ’ ਵਿਸ਼ੇ ’ਤੇ ਡਰਾਇੰਗ ਬਣਾਈਆਂ ਗਈਆਂ।

ਇਸ ਮੁਕਾਬਲੇ ਵਿੱਚ ਐਮੀਨੈਂਸ ਸਕੂਲ ਦੀ ਨਿਤੀਸ਼ਾ ਨੂੰ ਪਹਿਲਾ, ਐੱਚਆਰਏ ਇੰਟਰਨੈਸ਼ਨਲ ਸਕੂਲ ਦੇ ਸਿਧਾਂਤ ਨੂੰ ਦੂਜਾ ਅਤੇ ਐਮੀਨੈਂਸ ਸਕੂਲ ਦੀ ਹੀ ਵਿਦਿਆਰਥਣ ਰਾਧਿਕਾ ਨੂੰ ਕੌਂਸੋਲੇਸ਼ਨ ਪੁਰਸਕਾਰ ਦਿੱਤਾ ਗਿਆ। ਜਦਕਿ ਤੀਜੇ ਸਥਾਨ ਲਈ ਦੋ ਵਿਦਿਆਰਥੀਆਂ ਨੂੰ ਚੁਣਿਆ ਗਿਆ, ਜਿਨ੍ਹਾਂ ਵਿੱਚ ਕੈਂਬਰਿਜ ਇੰਟਰਨੈਸ਼ਨਲ ਸਕੂਲ ਦੇ ਵਿਪਨ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ ਦੀ ਸ਼ਰਨਪ੍ਰੀਤ ਨੂੰ ਸਨਮਾਨਿਤ ਕੀਤਾ ਗਿਆ। ਇਨ੍ਹਾਂ ਇਨਾਮਾਂ ਦੀ ਵੰਡ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਰਮਨੀਤ ਕੌਰ, ਕੇਂਦਰੀ ਸੰਚਾਰ ਬਿਊਰੋ ਦੇ ਖੇਤਰੀ ਪ੍ਰਚਾਰ ਅਧਿਕਾਰੀ ਅਤੇ ਪ੍ਰਦਰਸ਼ਨੀ ਦੇ ਨੋਡਲ ਅਧਿਕਾਰੀ ਰਾਜੇਸ਼ ਬਾਲੀ ਅਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ ਸੈਣੀ ਨੇ ਕੀਤੀ।

ਕੇਂਦਰੀ ਵਿਭਾਗ ਦੀ ਸੱਭਿਆਚਾਰਕ ਟੀਮ ਵੱਲੋਂ ਨਸ਼ਿਆਂ ਦੀ ਰੋਕਥਾਮ ਦੇ ਵਿਸ਼ੇ ’ਤੇ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਦੀ ਭਰਪੂਰ ਸ਼ਲਾਘਾ ਕੀਤੀ ਗਈ।

# 3 ਆਈਲੈਟਸ ਸੈਂਟਰਾਂ ਦੇ ਲਾਇਸੰਸ ਕੀਤੇ ਰੱਦ

**ਬਠਿੰਡਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਨਿਰਦੇਸ਼ ਜਾਰੀ ਕਰਦੇ ਹੋਏ 3 ਆਈਲੈਟਸ ਸੈਂਟਰਾਂ ਦੇ ਲਾਇਸੰਸ ਰੱਦ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਐਮ/ਐਸ ਲਾਰੈਂਸ ਇੰਗਲਿਸ਼ ਐਕੇਡਮ, ਐਮਸੀ ਨੰਬਰ 19889 ਨੇੜੇ ਡਾ. ਮਹੇਸ਼ਵਰੀ ਐਂਡ 100 ਫੁੱਟ ਰੋਡ ਬਠਿੰਡਾ ਜੋ ਕਿ ਰਜਨੀ ਲਾਰੇਂਸ ਪਤਨੀ ਅਨਲ ਲਾਰੇਂਸ ਵਾਸੀ ਹਾਊਸ 100 ਫੁੱਟ ਰੋਡ ਬਠਿੰਡਾ ਦੇ ਨਾਮ ?’ਤੇ ਰਜਿਸਟਰਡ ਹੈ। ਉਕਤ ਫਰਮ ਦੇ ਲਾਇਸੰਸ ਦੀ ਮਿਆਦ ਖਤਮ ਹੋਣ ਉਪਰੰਤ ਲਾਇਸੰਸ ਨੂੰ ਮਿਆਦ ਖਤਮ ਹੋਣ ਦੀ ਮਿਤੀ ਤੋਂ ਦੋ ਮਹੀਨੇ ਪਹਿਲਾ ਫਾਰਮ ਨੰਬਰ 3 ਭਰ ਕੇ ਰੀਨਿਊ ਕਰਵਾਉਣਾ ਜ਼ਰੂਰੀ ਸੀ, ਇਸ ਸਬੰਧੀ ਉਕਤ ਫਰਮ ਨੂੰ 25 ਅਗਸਤ 2023 ਅਤੇ 10 ਜੁਲਾਈ 2024 ਨੂੰ ਨੋਟਿਸ ਜਾਰੀ ਕਰਕੇ ਲਾਇਸੰਸ ਰੀਨਿਊ ਕਰਨ ਸਬੰਧੀ ਹਦਾਇਤ ਵੀ ਕੀਤੀ ਗਈ ਸੀ, ਪਰ ਉਕਤ ਫਰਮ ਵਲੋਂ ਲਾਇਸੰਸ ਰੀਨਿਊ ਨਹੀਂ ਕਰਵਾਇਆ ਗਿਆ। ਇਸ ਲਈ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੇਗੂਲੇਸ਼ਨ ਦੇ ਸੈਕਸ਼ਨ ਤਹਿਤ ਲਾਇਸੰਸ ਤੁਰੰਤ ਪ੍ਰਭਾਵ ਤੋਂ ਰੱਦ ਕੀਤਾ ਜਾਂਦਾ ਹੈ। ਇਸੇ ਤਰ੍ਹਾਂ ਐਮ/ਐਸ ਹਾਲਜ ਆਫ ਆਇਲੈਟਸ, ਅਜੀਤ ਰੋਡ ਬਠਿੰਡਾ ਜੋ ਕਿ ਸੰਦੀਪ ਪੁਰੀ ਪੁੱਤਰ ਦਵਿੰਦਰ ਪੁਰੀ ਵਾਸੀ ਭਗਤਾ ਭਾਈਕਾ ਦੇ ਨਾਮ ’ਤੇ ਦਰਜ ਸੀ, ਨੂੰ ਵੀ ਲਾਇਸੰਸ ਰੀਨਿਊ ਨਾ ਕਰਵਾਉਣ ਕਰਕੇ ਰੱਦ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਐਮਐਸ ਗਲੋਬ ਟਰੋਟਿੰਗ ਇਮੀਗ੍ਰੇਸ਼ਨ ਐਂਡ ਆਈਲੈਟਸ ਇੰਸਟੀਚਿਊਟ 100 ਫੁੱਟ ਰੋਡ ਬਠਿੰਡਾ ਜੋ ਕਿ ਹਰਜਿੰਦਰ ਸਿੰਘ ਸਿੱਧੂ ਪੁੱਤਰ ਲਾਲ ਸਿੰਘ ਵਾਸੀ ਮਕਾਨ ਨੰਬਰ ਗਲੀ ਨੰਬਰ 4/2 ਬਾਬਾ ਫਰੀਦ ਨਗਰ ਨੂੰ ਲਾਇਸੰਸ ਰੀਨਿਊ ਨਾ ਕਰਵਾਉਣ ਕਰਕੇ ਰੱਦ ਕਰ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਉਕਤ ਫਰਮਾਂ ਦੇ ਖਿਲਾਫ਼ ਜੇਕਰ ਕੋਈ ਸ਼ਿਕਾਇਤ ਹੋਵੇਗੀ ਤਾਂ ਉਹ ਫਰਮਾਂ ਖੁਦ ਇਸ ਦਾ ਜਿੰਮੇਵਾਰ ਹੋਣਗੀਆਂ।

# ਪੰਜਾਬ ਪੁਲਿਸ ਨੇ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ ਨਾਲ ਸਾਂਝੇ ਤੌਰ ’ਤੇ ਗੈਰ-ਕਾਨੂੰਨੀ ਟਰੈਵਲ ਏਜੰਟਾਂ ’ਤੇ ਸ਼ਿਕੰਜਾਂ ਕੱਸਿਆ; 25 ਵਿਰੁੱਧ ਮਾਮਲਾ ਦਰਜ

**➢ ਸੂਬੇ ਭਰ ਦੇ ਵੱਖ-ਵੱਖ ਐਨਆਰਆਈ ਥਾਣਿਆਂ ਵਿਖੇ 20 ਐਫਆਈਆਰਜ਼ ਕੀਤੀਆਂ ਗਈਆਂ ਦਰਜ ➢ ਇਹ ਟਰੈਵਲ ਏਜੰਟ ਲੋੜੀਂਦੇ ਲਾਇਸੈਂਸ ਤੋਂ ਬਿਨਾਂ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਨੌਕਰੀਆਂ ਦਾ ਲਾਲਚ ਦੇਣ ਲਈ ਸੋਸ਼ਲ ਮੀਡੀਆ ਦੀ ਕਰ ਰਹੇ ਸਨ ਵਰਤੋਂ: ਏਡੀਜੀਪੀ ਐਨਆਰਆਈ ਮਾਮਲੇ**

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਨੂੰ ਗੈਰ-ਕਾਨੂੰਨੀ ਟਰੈਵਲ ਏਜੰਟਾਂ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ ਪੰਜਾਬ ਪੁਲਿਸ ਦੇ ਐਨਆਰਆਈ ਮਾਮਲੇ ਵਿੰਗ ਅਤੇ ਸਾਈਬਰ ਕ੍ਰਾਈਮ ਵਿੰਗ ਨੇ ਪ੍ਰੋਟੈਕਟੋਰੇਟ ਆਫ਼ ਇਮੀਗ੍ਰੇਂਟਸ, ਚੰਡੀਗੜ੍ਹ ਦੇ ਤਾਲਮੇਲ ਨਾਲ ਸੋਸ਼ਲ ਮੀਡੀਆ ’ਤੇ ਵਿਦੇਸ਼ੀ ਨੌਕਰੀਆਂ ਸਬੰਧੀ ਗੈਰ-ਕਾਨੂੰਨੀ ਇਸ਼ਤਿਹਾਰਬਾਜ਼ੀ ਕਰਨ ਦੇ ਦੋਸ਼ ਹੇਠ ਸੂਬੇ ਦੇ 25 ਟਰੈਵਲ ਏਜੰਟਾਂ ਵਿਰੁੱਧ ਮਾਮਲਾ ਦਰਜ ਕੀਤਾ ਹੈ।

ਜ਼ਿਕਰਯੋਗ ਹੈ ਕਿ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ ਵੱਲੋਂ ਅਜਿਹੀਆਂ ਟਰੈਵਲ ਏਜੰਸੀਆਂ ਵੱਲੋਂ ਵਿਦੇਸ਼ਾਂ ਵਿੱਚ ਨੌਕਰੀਆਂ ਲਈ ਇੰਸਟਾਗ੍ਰਾਮ ਅਤੇ ਫੇਸਬੁੱਕ ’ਤੇ ਦਿੱਤੇ ਜਾਂਦੇ ਇਸ਼ਤਿਹਾਰਾਂ ਸਬੰਧੀ ਗੰਭੀਰ ਨੋਟਿਸ ਲਿਆ ਗਿਆ ਹੈ।

ਏਡੀਜੀਪੀ ਐਨਆਰਆਈ ਮਾਮਲੇ ਪ੍ਰਵੀਨ ਕੇ ਸਿਨਹਾ ਨੇ ਅੱਜ ਦੱਸਿਆ ਕਿ ਇਹ ਟਰੈਵਲ ਏਜੰਸੀਆਂ ਬਿਨਾਂ ਲੋੜੀਂਦੇ ਲਾਇਸੈਂਸ ਅਤੇ ਮਨਜ਼ੂਰੀ ਤੋਂ ਇੰਸਟਾਗ੍ਰਾਮ ਅਤੇ ਫੇਸਬੁੱਕ ’ਤੇ ਵਿਦੇਸ਼ਾਂ ਵਿੱਚ ਨੌਕਰੀਆਂ ਦਾ ਇਸ਼ਤਿਹਾਰ ਦੇ ਰਹੀਆਂ ਸਨ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਨਲਾਈਨ ਪਲੇਟਫਾਰਮਾਂ ਦੀ ਜਾਂਚ ਕੀਤੀ, ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਗੁਪਤ ਰੂਪ ਵਿੱਚ ਤਸਦੀਕ ਕੀਤੀ ਅਤੇ ਉਨ੍ਹਾਂ ਵਿਰੁੱਧ ਐਫਆਈਆਰਜ਼ ਦਰਜ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ, ਸੰਗਰੂਰ ਅਤੇ ਐਸ.ਏ.ਐਸ.ਨਗਰ ਸਮੇਤ ਸੂਬੇ ਦੇ ਵੱਖ-ਵੱਖ ਐਨਆਰਆਈ ਥਾਣਿਆਂ ਵਿੱਚ ਇਮੀਗ੍ਰੇਸ਼ਨ ਐਕਟ ਦੀਆਂ ਧਾਰਾਵਾਂ 24/25 ਤਹਿਤ ਕੁੱਲ 20 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ।

ਏਡੀਜੀਪੀ ਨੇ ਕਿਹਾ ਕਿ ਇਹ ਕਾਰਵਾਈ ਖਾਸ ਤੌਰ ’ਤੇ ਉਨ੍ਹਾਂ ਗੈਰ-ਕਾਨੂੰਨੀ ਟਰੈਵਲ ਏਜੰਟਾਂ ਵਿਰੁੱਧ ਕੀਤੀ ਗਈ ਹੈ, ਜੋ ਆਨਲਾਈਨ ਪਲੇਟਫਾਰਮਾਂ ’ਤੇ ਇਸ਼ਤਿਹਾਰ ਦੇ ਕੇ ਪੀੜਤਾਂ, ਜ਼ਿਆਦਾਤਰ ਨੌਜਵਾਨਾਂ, ਅਤੇ ਉਨ੍ਹਾਂ ਦੀ ਜਾਂ ਉਨ੍ਹਾਂ ਦੇ ਮਾਤਾ-ਪਿਤਾ ਦੀ ਮਿਹਨਤ ਦੀ ਕਮਾਈ ਨੂੰ ਲੁੱਟਣ ਲਈ ਵਿਦੇਸ਼ੀ ਨੌਕਰੀਆਂ ਦੀ ਪੇਸ਼ਕਸ਼ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਜਾਂਚ ਜਾਰੀ ਹੈ।

ਏਡੀਜੀਪੀ ਪ੍ਰਵੀਨ ਸਿਨਹਾ ਨੇ ਨਾਗਰਿਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਕਿਹਾ ਟ੍ਰੈਵਲ ਏਜੰਟਾਂ ਨੂੰ ਦਸਤਾਵੇਜ਼ ਅਤੇ ਪੈਸੇ ਦੇਣ ਤੋਂ ਪਹਿਲਾਂ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਪੁਸ਼ਟੀ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਕਿ ਇਮੀਗ੍ਰੇਸ਼ਨ ਐਕਟ, 1983 ਦੇ ਤਹਿਤ ਵੈਧ ਰਿਕਰੂਟਿੰਗ ਏਜੰਟ (ਆਰਏ) ਲਾਇਸੈਂਸ ਪ੍ਰਾਪਤ ਏਜੰਸੀਆਂ ਕੋਲ ਹੀ ਜਾਓ ਅਤੇ ਹਮੇਸ਼ਾ ਉਕਤ ਐਕਟ ਤਹਿਤ ਜਾਰੀ ਏਜੰਸੀ ਦੇ ਲਾਇਸੈਂਸ ਦੀ ਮੰਗ ਕਰੋ। ਉਨ੍ਹਾਂ ਕਿਹਾ ਕਿ ਟਰੈਵਲ ਏਜੰਟਾਂ ਦੇ ਕੰਮ ਕਰਨ ਦੇ ਤਰੀਕਿਆਂ ਦੀ ਪੁਸ਼ਟੀ ਕਰੋ ਅਤੇ ਫਿਰ ਉਨ੍ਹਾਂ ‘ਤੇ ਭਰੋਸਾ ਕਰੋ।

ਗੈਰ-ਕਾਨੂੰਨੀ ਟਰੈਵਲ ਏਜੰਟਾਂ ਦੇ ਨਾਮ ਜਿਹਨਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ:

(1) 7 ਹੌਰਸ ਇਮੀਗ੍ਰੇਸ਼ਨ, ਲੁਧਿਆਣਾ
(2) ਅਵਰੌਂਡ ਐਕਸਪਰਟ, ਲੁਧਿਆਣਾ
(3) ਅਵਰੌਂਡ ਕਿਵਾ, ਲੁਧਿਆਣਾ
(4) ਪਾਈਜ਼ ਇਮੀਗ੍ਰੇਸ਼ਨ, ਲੁਧਿਆਣਾ
(5) ਪਾਸ ਪ੍ਰੋ ਓਵਰਸੀਜ਼, ਲੁਧਿਆਣਾ
(6) ਹੌਰਸ ਇਮੀਗ੍ਰੇਸ਼ਨ ਕੰਸਲਟੈਂਸੀ, ਲੁਧਿਆਣਾ
(7) ਆਰਾਧਿਆ ਇੰਟਰਪ੍ਰਾਈਜਿਜ਼, ਜਲੰਧਰ
(8) ਕਾਰਸਨ ਟਰੈਵਲ ਕੰਸਲਟੈਂਸੀ, ਜਲੰਧਰ
(9) ਟਰੂ ਡੀਲਜ਼ ਇਮੀਗ੍ਰੇਸ਼ਨ ਸਰਵਿਸਿਜ਼, ਜਲੰਧਰ
(10) ਆਈ ਵੇ ਓਵਰਸੀਜ਼, ਜਲੰਧਰ,
(11) ਵਿਦੇਸ਼ ਯਾਤਰਾ, ਜਲੰਧਰ
(12) ਗਲਫ ਜੌਬਜ਼, ਕਪੂਰਥਲਾ
(13) ਰਹਾਵੇ ਇਮੀਗ੍ਰੇਸ਼ਨ, ਅੰਮ੍ਰਿਤਸਰ
(14) ਜੇ.ਐਸ. ਐਂਟਰਪ੍ਰਾਈਜ਼, ਅੰਮ੍ਰਿਤਸਰ
(15) ਪਾਵਰ ਟੂ ਫਲਾਈ, ਅੰਮ੍ਰਿਤਸਰ
(16) ਟਰੈਵਲ ਮੰਥਨ, ਅੰਮ੍ਰਿਤਸਰ
(17) ਅਮੇਜ਼-ਏ-ਸਰਵਿਸ, ਅੰਮ੍ਰਿਤਸਰ
(18) ਆਰ.ਐਸ. ਇੰਟਰਪ੍ਰਾਈਜਿਜ਼, ਹੁਸ਼ਿਆਰਪੁਰ
(19) ਟਾਰਗੇਟ ਇਮੀਗ੍ਰੇਸ਼ਨ, ਹੁਸ਼ਿਆਰਪੁਰ
(20) ਪੀ.ਐਸ. ਇੰਟਰਪ੍ਰਾਈਜਿਜ਼, ਹੁਸ਼ਿਆਰਪੁਰ
(21) ਹਾਈਵਿੰਗਜ਼ ਓਵਰਸੀਜ਼ 7, ਐਸ.ਏ.ਐਸ.ਨਗਰ
(22) ਪੀਐਨਐਸ ਵੀਜ਼ਾ ਸਰਵਿਸਿਸ, ਐਸਏਐਸ ਨਗਰ
(23) ਜੀਸੀਸੀ ਐਕਸਪਰਟ, ਪਟਿਆਲਾ
(24) ਗਲਫ ਟਰੈਵਲ ਏਜੰਸੀ, ਦਿੜ੍ਹਬਾ, ਸੰਗਰੂਰ
(25) ਬਿੰਦਰ ਬੀਬੀਐਸਜੀ ਇਮੀਗ੍ਰੇਸ਼ਨ, ਦਿੜ੍ਹਬਾ, ਸੰਗਰੂਰ

# ਅਰਜੁਨ ਰੁੱਖ ਦੇ ਫ਼ਾਇਦੇ



*ਅਰਜੁਨ ਦੇ ਛਿਲਕਿਆਂ ਨਾਲ ਕਈ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ ਜਿਵੇਂ ਤੇਜ਼ ਧੜਕਣ ਨੂੰ ਸਹੀ ਮਾਤਰਾ 'ਚ ਲਿਆਉਣਾ, ਸੋਜ ਦੂਰ ਕਰਨਾ, ਹੱਡੀਆਂ ਮਜ਼ਬੂਤ ਕਰਨਾ ਆਦਿ...*

ਅਰਜੁਨ ਰੁੱਖ 60 ਤੋਂ 80 ਫੀਟ ਉੱਚਾ ਹੁੰਦਾ ਹੈ। ਇਸ ਦੇ ਪੱਤੇ ਅਮਰੂਦ ਦੇ ਪੱਤਿਆਂ ਵਰਗੇ ਹੁੰਦੇ ਹਨ। ਇਸ ਦਾ ਫਲ ਪਕਣ 'ਤੇ ਲਾਲ-ਭੂਰੇ ਰੰਗ ਦੇ ਹੁੰਦੇ ਹਨ। ਇਹ ਜ਼ਿਆਦਾਤਰ ਹਿਮਾਚਲ, ਬੰਗਾਲ, ਮੱਧ ਪ੍ਰਦੇਸ਼ ਦੇ ਜੰਗਲਾਂ ਤੇ ਨਦੀ ਕਿਨਾਰੇ ਜ਼ਿਆਦਾ ਪਾਇਆ ਜਾਂਦਾ ਹੈ।

## ਇਸ ਦੇ ਛਿਲਕਿਆਂ ਦਾ ਸੇਵਨ

ਛਿਲਕਿਆਂ ਦੇ ਸੇਵਨ ਨਾਲ ਅਨੇਕਾਂ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਤੇਜ਼ ਧੜਕਣ ਨੂੰ ਸਹੀ ਮਾਤਰਾ 'ਚ ਲਿਆਉਣਾ, ਸੋਜ ਨੂੰ ਦੂਰ ਕਰਨਾ, ਇਹ ਹੱਡੀਆਂ ਨੂੰ ਮਜ਼ਬੂਤ ਕਰਦੇ ਹੈ। ਇਸ ਦੇ ਛਿਲਕਿਆਂ ਦਾ ਚੂਰਨ ਬਣਾ ਲਵੋ। ਇਸ ਚੂਰਨ ਨੂੰ ਹਰ ਰੋਜ਼ ਅੱਧਾ ਚਮਚ ਦੁੱਧ ਦੇ ਨਾਲ ਖਾਓ ਇਸ ਨਾਲ ਹੱਡੀਆਂ ਪ੍ਰਤੀ ਅਨੇਕਾਂ ਰੋਗ ਦੂਰ ਹੋ ਜਾਂਦੇ ਹਨ।

## ਹਾਈ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨਾ

ਇਸ ਦਾ ਚੂਰਨ ਕੋਲੈਸਟ੍ਰੋਲ ਨੂੰ ਘੱਟ ਕਰਦਾ ਹੈ ਤੇ ਹਾਈ ਬੀਪੀ ਨੂੰ ਕੰਟਰੋਲ ਕਰਦਾ ਹੈ। ਇਸ ਦੇ ਸੇਵਨ ਨਾਲ ਦਰਦ ਹੌਲੀ-ਹੌਲੀ ਘੱਟ ਹੁੰਦਾ ਹੈ। ਵੱਧੇ ਹੋਏ ਕੋਲੈਸਟ੍ਰੋਲ ਨੂੰ ਘੱਟ ਕਰਨ ਲਈ ਅੱਧਾ ਨੂੰ ਚਮਚ ਅਰਜੁਨ ਦੇ ਛਿਲਕਿਆਂ ਦਾ ਪਾਊਡਰ, 2 ਗਲਾਸ ਪਾਣੀ ਨੂੰ ਉਦੋਂ ਤਕ ਉਬਾਲੋ ਜਦੋਂ ਤਕ ਪਾਣੀ ਅੱਧਾ ਨਾ ਹੋ ਜਾਵੇ। ਇਸ ਪਾਣੀ ਨੂੰ ਛਾਣ ਕੇ ਤੇ ਠੰਢਾ ਹੋਣ 'ਤੇ ਇਸ ਨੂੰ ਇਕ ਸਮੇਂ ਪਿਓ। ਇਸ ਨਾਲ ਬਲੱਡ ਵੀ ਕੰਟਰੋਲ ਹੋ ਜਾਵੇਗਾ।

## ਮੋਟਾਪਾ ਦੂਰ

ਮੋਟਾਪੇ ਤੋਂ ਪਰੇਸ਼ਾਨ ਲੋਕ ਅਰਜੁਨ ਦੇ ਛਿਲਕਿਆਂ ਦਾ ਕਾੜ੍ਹਾ ਬਣਾ ਕੇ ਇਕ ਸਮੇਂ ਪੀਣ ਨਾਲ ਕਾਫ਼ੀ ਫ਼ਾਇਦਾ ਮਿਲਦਾ ਹੈ। ਇਸ ਕਾੜ੍ਹੇ ਦਾ ਅਸਰ ਇਕ ਮਹੀਨੇ 'ਚ ਦਿਖਾਈ ਦੇਣ ਲੱਗ ਜਾਂਦਾ ਹੈ।

## ਸੁੰਦਰਤਾ ਲਈ ਇਸਤੇਮਾਲ

ਇਸ ਦੇ ਇਸਤੇਮਾਲ ਨਾਲ ਚਿਹਰਾ ਸਾਫ਼ ਤੇ ਚਮੜੀ ਟਾਇਟ ਹੋ ਜਾਵੇਗੀ। ਅਰਜੁਨ ਦੇ ਛਿਲਕੇ, ਬਾਦਾਮ, ਹਲਦੀ ਨੂੰ ਬਰਾਬਰ ਮਾਤਰਾ 'ਚ ਲੈ ਕੇ ਪੀਸ ਲਵੋ ਤੇ ਇਸ ਦਾ ਲੇਪ ਬਣਾ ਕੇ ਚਿਹਰੇ 'ਤੇ ਲਗਾ ਲਵੋ ਇਸ ਨਾਲ ਚਮੜੀ ਚਮਕਦਾਰ ਹੋ ਸਕਦੀ ਹੈ।

## ਖ਼ਾਂਸੀ ਤੋਂ ਰਾਹਤ

ਇਸ ਦੇ ਛਿਲਕਿਆਂ ਦਾ ਚੂਰਨ ਬਣਾ ਲਵੋ ਤੇ ਇਸ ਦਾ ਕੋਸੇ ਪਾਣੀ ਨਾਲ ਸੇਵਨ ਕਰੋ ਇਸ ਨਾਲ ਖ਼ਾਂਸੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

## ਮੂੰਹ ਦੇ ਛਾਲਿਆਂ ਲਈ

ਨਾਰੀਅਲ ਦੇ ਤੇਲ ਨੂੰ ਇਸ ਦੇ ਚੂਰਨ 'ਚ ਮਿਲਾ ਕੇ ਛਾਲਿਆਂ 'ਤੇ ਲਗਾਉਣ ਨਾਲ ਛਾਲੇ ਠੀਕ ਹੋ ਸਕਦੇ ਹਨ। ਇਸ ਦੇ ਚੂਰਨ ਨੂੰ ਗੁੜ ਨਾਲ ਸੇਵਨ ਕਰਨ 'ਤੇ ਬੁਖ਼ਾਰ 'ਚ ਕਾਫ਼ੀ ਅਰਾਮ ਮਿਲਦਾ ਹੈ।

## ਵਾਲਾਂ ਦਾ ਵਿਕਾਸ

ਅਰਜੁਨ ਦੇ ਛਿਲਕੇ ਵਾਲਾਂ ਲਈ ਫ਼ਾਇਦੇਮੰਦ ਹੈ ਤੇ ਇਨ੍ਹਾਂ ਦੇ ਵਿਕਾਸ 'ਚ ਮਦਦ ਕਰਦਾ ਹੈ। ਅਰਜੁਨ ਦੇ ਛਿਲਕਿਆਂ ਨੂੰ ਮਹਿੰਦੀ 'ਚ ਮਿਲਾ ਕੇ ਸਿਰ 'ਤੇ ਲਗਾਉਣ ਨਾਲ ਸਫ਼ੈਦ ਵਾਲ ਕਾਲੇ ਹੋਣ ਲੱਗਦੇ ਹਨ। •



# ਬ੍ਰੈਸਟ ਕੈਂਸਰ ਤੋਂ ਬਚਾਉਂਦੀ ਹੈ ਸਿਹਤਮੰਦ ਜੀਵਨ ਸ਼ੈਲੀ

**ਬ੍ਰੈਸਟ ਕੈਂਸਰ ਤੁਹਾਨੂੰ ਜ਼ਿੰਦਗੀ 'ਚ ਸਭ ਕੁੱਝ, ਸਭ ਤੋਂ ਵਧੀਆ ਕਰਨ ਤੇ ਜੀਵਨ ਦੇ ਹਰ ਪਲ ਦਾ ਆਨੰਦ ਲੈਣ ਲਈ ਮਜਬੂਰ ਕਰ ਦਿੰਦਾ ਹੈ। ਇਹ ਤੁਹਾਨੂੰ ਸਦਾ ਲਈ ਬਦਲ ਦਿੰਦਾ ਹੈ ਪਰ ਇਹ ਤਬਦੀਲੀ ਪਾਜ਼ੇਟਿਵ ਹੋ ਸਕਦੀ ਹੈ ...**

***- ਜੈਕਲਿਨ ਸਮਿਥ, ਕੈਂਸਰ ਪੀੜਤ ਦੇ ਵਿਚਾਰ***



ਡਾ. ਸੋਨਾਲੀ ਸ਼ਰਮਾ

ਅੱਜ ਦੀ ਔਰਤ ਦੇ ਜੀਵਨ 'ਚ ਸਭ ਤੋਂ ਵੱਡਾ ਡਰ ਬ੍ਰੈਸਟ ਕੈਂਸਰ ਦਾ ਹੈ। ਆਧੁਨਿਕ ਜੀਵਨ-ਸ਼ੈਲੀ ਤੇ ਤਣਾਓਪੂਰਣ ਜ਼ਿੰਦਗੀ ਕਾਰਨ ਔਰਤਾਂ ਨੂੰ ਇਹ ਰੋਗ ਹੋਣ ਦਾ ਖ਼ਤਰਾ ਬਹੁਤ ਵੱਧ ਗਿਆ ਹੈ। ਭਾਰਤ 'ਚ ਬ੍ਰੈਸਟ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ ਬਹੁਤ ਤੇਜ਼ੀ ਨਾਲ ਵੱਧ ਰਹੀ ਹੈ। 50 ਸਾਲ ਤੋਂ ਵੱਧ ਉਮਰ ਦੀਆਂ 68 ਫ਼ੀਸਦੀ ਔਰਤਾਂ, 40 ਤੋਂ 50 ਸਾਲ ਦੀ ਉਮਰ ਦੀਆਂ 28 ਫ਼ੀਸਦੀ ਔਰਤਾਂ ਨੂੰ ਬ੍ਰੈਸਟ ਕੈਂਸਰ ਹੋ ਰਿਹਾ ਹੈ ਅਤੇ ਬਾਕੀ 20 ਫ਼ੀਸਦੀ ਔਰਤਾਂ 20 ਤੋਂ 40 ਸਾਲ ਉਮਰ ਵਰਗ ਦੀਆਂ ਹੁੰਦੀਆਂ ਹਨ।

## ਨਿਯਮਿਤ ਜਾਂਚ

ਕੈਂਸਰ ਨੂੰ ਰੋਕਿਆ ਨਹੀਂ ਜਾ ਸਕਦਾ ਪਰ ਕੈਂਸਰ ਹੋਣ ਦਾ ਸਭ ਤੋਂ ਪਹਿਲਾ ਕਾਰਨ ਹੈ ਇਕ ਔਰਤ ਹੋਣਾ। ਕੋਈ ਭਾਵੇਂ ਇਸ ਨੂੰ ਇਕ ਔਰਤ ਹੋਣ ਦਾ ਨੁਕਸਾਨ ਮੰਨੇ ਪਰ ਸਾਨੂੰ ਪਰਮਾਤਮਾ ਵੱਲੋਂ ਦਿੱਤੇ ਗਏ ਸਰੀਰ ਰੂਪੀ ਅਨਮੋਲ ਤੋਹਫ਼ੇ ਦਾ ਭਰਪੂਰ ਆਨੰਦ ਲੈਣਾ ਚਾਹੀਦਾ ਹੈ ਕਿਉਂਕਿ ਇਲਾਜ ਨਾਲੋਂ ਪਰਹੇਜ਼ ਬਿਹਤਰ ਹੁੰਦਾ ਹੈ। ਬ੍ਰੈਸਟ ਕੈਂਸਰ ਤੋਂ ਬਚਣ ਲਈ ਬਹੁਤ ਸਾਰੀਆਂ ਗੱਲਾਂ ਦਾ ਧਿਆਨ ਰੱਖਣਾ ਪੈਂਦਾ ਹੈ, ਜਿਵੇਂ ਕਿ ਬ੍ਰੈਸਟ ਜਾਂ ਛਾਤੀ ਦੀ ਨਿਯਮਿਤ ਜਾਂਚ, ਪਰਿਵਾਰ ਦੇ ਪਿਛੋਕੜ ਦੀ ਜਾਣਕਾਰੀ, ਨਿਰੰਤਰ ਕਸਰਤ ਲਈ ਸਮਾਂ ਤੇ ਹੋਰ ਬਹੁਤ ਕੁੱਝ।

## ਖਾਣ-ਪੀਣ ਬਾਰੇ ਜਾਗਰੂਕਤਾ

ਜਦੋਂ ਗੱਲ ਖਾਣ-ਪੀਣ ਦੀਆਂ ਆਦਤਾਂ ਦੀ ਤੁਰਦੀ ਹੈ ਤਾਂ ਸੰਤੁਲਿਤ ਅਤੇ ਪੌਸ਼ਟਿਕ ਖ਼ੁਰਾਕ ਲੈ ਕੇ ਕੈਂਸਰ ਤੋਂ ਬਚਿਆ ਵੀ ਜਾ ਸਕਦਾ ਹੈ ਅਤੇ ਇਸ ਨਾਲ ਲੜਿਆ ਵੀ ਜਾ ਸਕਦਾ ਹੈ। ਹਰੀਆਂ ਸਬਜ਼ੀਆਂ, ਪਿਆਜ਼, ਬੇਰੀਜ਼, ਨਟਸ ਆਦਿ ਬ੍ਰੈਸਟ ਕੈਂਸਰ ਦੇ ਸੈੱਲਾਂ ਨੂੰ ਵਧਣ ਤੋਂ ਰੋਕਦੇ ਹਨ ਅਤੇ ਇਨ੍ਹਾਂ ਨਾਲ ਐਸਟਰੋਜਨ ਪੈਦਾ ਹੁੰਦੇ ਹਨ, ਜੋ ਬ੍ਰੈਸਟ ਕੈਂਸਰ ਨਾਲ ਲੜਨ 'ਚ ਮਦਦ ਕਰਦੇ ਹਨ। ਇਸੇ ਤਰ੍ਹਾਂ ਵਿਟਾਮਿਨ-ਡੀ, ਅਲਸੀ ਦੇ ਬੀਜਾਂ ਦੇ ਨਾਲ-ਨਾਲ ਭਰਪੂਰ ਭੋਜਨ ਵੀ ਬ੍ਰੈਸਟ ਕੈਂਸਰ ਨਾਲ ਲੜਨ 'ਚ ਮਦਦ ਕਰਦੇ ਹਨ।

ਆਪਣੇ ਜੀਵਨ 'ਚ ਖਾਣ-ਪੀਣ ਦੀਆਂ ਆਦਤਾਂ 'ਚ ਥੋੜ੍ਹੀ ਜਿਹੀ ਤਬਦੀਲੀ ਕਰ ਕੇ ਹੀ ਬ੍ਰੈਸਟ ਕੈਂਸਰ ਤੋਂ ਬਚਿਆ ਜਾ ਸਕਦਾ ਹੈ। ਮਾਸ, ਮੱਛੀ, ਡੇਅਰੀ ਉਤਪਾਦਾਂ ਅਤੇ ਤਲੇ ਹੋਏ ਭੋਜਨ ਨੂੰ ਹਮੇਸ਼ਾ ਲਈ ਅਲਵਿਦਾ ਕਹਿਣਾ ਪਏਗਾ ਤੇ ਪੌਸ਼ਟਿਕ ਭੋਜਨ ਖਾਓ ਜਿਵੇਂ ਹਰੀਆਂ ਸਬਜ਼ੀਆਂ, ਫਲ, ਤੇ ਦੁੱਧ ਤੋਂ ਬਣੇ ਪਦਾਰਥਾਂ ਦਾ ਸੇਵਨ ਕਰਨ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਵੱਧ ਸਕੇ ਅਤੇ ਤੁਹਾਨੂੰ ਬਿਮਾਰੀ ਕਾਰਨ ਐਂਟੀ-ਬਾਇਓਟਿਕ ਦਵਾਈਆਂ ਨਾ ਖਾਣੀਆਂ ਪੈਣ। ਬ੍ਰੈਸਟ ਕੈਂਸਰ ਦਾ ਇਕ ਮੁੱਖ ਕਾਰਨ ਇਹ ਵੀ ਹੁੰਦਾ ਹੈ ਕਿ ਤੁਸੀ ਤਰ੍ਹਾਂ-ਤਰ੍ਹਾਂ ਦੀਆਂ ਦਵਾਈਆਂ ਦਾ ਸੇਵਨ ਕਰਦੇ ਹੋ।

## ਮੋਟਾਪੇ ਤੇ ਨਸ਼ੇਖੋਰੀ ਤੋਂ ਬਚਾਅ

ਕੀ ਖਾਣਾ ਹੈ ਤੇ ਕੀ ਨਹੀਂ ਖਾਣਾ, ਇਸ ਦਾ ਫ਼ੈਸਲਾ ਲੈਣ ਤੋਂ ਬਾਅਦ ਬ੍ਰੈਸਟ ਕੈਂਸਰ ਤੋਂ ਬਚਣ ਲਈ ਅਗਲਾ ਅਹਿਮ ਕਦਮ ਹੈ ਹੈਲਥੀ ਲਾਈਫ ਸਟਾਈਲ। ਐਕਟਿਵ ਲਾਈਫ ਸਟਾਈਲ ਦੇ ਨਾਲ-ਨਾਲ ਭਾਰ ਨੂੰ ਕਾਬੂ 'ਚ ਰਖਣਾ ਵੀ ਓਨਾ ਹੀ ਜ਼ਰੂਰੀ ਹੈ ਜਿੰਨਾ ਸਾਹ ਲੈਣਾ।

ਸਾਡੇ 'ਚੋਂ ਜ਼ਿਆਦਾਤਰ ਲੋਕ ਫ਼ਿੱਟ ਰਹਿਣ ਦੀ ਲੋੜ ਵੱਲ ਧਿਆਨ ਨਹੀਂ ਦਿੰਦੇ। ਬ੍ਰੈਸਟ ਕੈਂਸਰ ਦੇ 17 ਫ਼ੀਸਦੀ ਮਾਮਲੇ ਮੋਟਾਪੇ ਕਾਰਨ ਹੁੰਦੇ ਹਨ। ਇਸ ਦੇ ਨਾਲ ਹੀ ਸ਼ਰਾਬ ਅਤੇ ਸਿਗਰਟ ਦੀ ਵਰਤੋਂ ਤੋਂ ਵੀ ਬਚਣਾ ਚਾਹੀਦਾ ਹੈ। ਹਫ਼ਤੇ ਵਿਚ 4 ਤੋਂ 6 ਪੈੱਗ ਦਾਰੂ ਦਾ ਮਤਲਬ ਹੈ ਬ੍ਰੈਸਟ ਕੈਂਸਰ ਨੂੰ ਸੱਦਾ ਦੇਣਾ। ਇਸ ਨਾਲ ਬ੍ਰੈਸਟ ਕੈਂਸਰ ਦਾ ਖ਼ਤਰਾ 15 ਫ਼ੀਸਦੀ ਤਕ ਵੱਧ ਜਾਂਦਾ ਹੈ। ਇਸ ਲਈ ਸ਼ਰਾਬ ਪੀਣ ਤੋਂ ਪਹਿਲਾਂ ਸੋਚੋ ਜ਼ਰੂਰ, ਕਿਉਂਕਿ ਇਹ ਕੁੱਝ ਪਲ ਦਾ ਮਜ਼ਾ ਤੁਹਾਡੀ ਜ਼ਿੰਦਗੀ ਨਾਲ ਖਿਲਵਾੜ ਕਰ ਸਕਦਾ ਹੈ।

## ਬਿਹਤਰ ਜੀਵਨ ਸ਼ੈਲੀ

ਇਸ ਦੇ ਨਾਲ ਹੀ ਖ਼ੁਦ ਨੂੰ ਪਿਆਰ ਕਰ ਕੇ ਵੀ ਕੈਂਸਰ ਨੂੰ ਦੂਰ ਭਜਾਇਆ ਜਾ ਸਕਦਾ ਹੈ। ਜੇ ਤੁਸੀ ਖ਼ੁਦ ਨਾਲ ਅਤੇ ਆਪਣੇ ਪਰਿਵਾਰ ਨਾਲ ਪਿਆਰ ਕਰਦੇ ਹੋ ਤਾਂ ਆਪਣੇ ਆਪ ਸਿਹਤਮੰਦ ਅਤੇ ਵਧੀਆ ਆਦਤਾਂ ਪਾ ਲੈਂਦੇ ਹੋ। ਕੈਂਸਰ ਹੋਣ ਦਾ ਇੰਤਜ਼ਾਰ ਨਾ ਕਰੋ, ਬਲਕਿ ਕੈਂਸਰ ਹੋਵੇ ਹੀ ਨਾ, ਇਸ ਦੇ ਲਈ ਪਹਿਲਾਂ ਹੀ ਆਪਣੇ ਜੀਵਨ ਨੂੰ ਬਿਹਤਰ ਜੀਵਨ ਸ਼ੈਲੀ 'ਚ ਢਾਲ ਲਓ। ਇਸ ਬ੍ਰੈਸਟ ਕੈਂਸਰ ਮਹੀਨੇ 'ਚ ਤੁਸੀ ਵੀ ਬ੍ਰੈਸਟ ਕੈਂਸਰ ਨਾਲ ਲੜਨ ਦਾ ਪ੍ਰਣ ਕਰੋ ਤੇ ਸਿਹਤਮੰਦ ਭਵਿੱਖ ਬਣਾਓ। ਔਰਤਾਂ ਅਤੇ ਮਰਦਾਂ ਦੋਵਾਂ ਨੂੰ ਆਪਣੇ ਸਰੀਰ ਪ੍ਰਤੀ ਅਗਾਹ ਹੋਣਾ ਚਾਹੀਦਾ ਹੈ ਤੇ ਸਮੇਂ ਸਮੇਂ 'ਤੇ ਚੈੱਕਅਪ ਕਰਾਉਣਾ ਚਾਹੀਦਾ ਹੈ। •



# ਪੁਰਸ਼ਾਂ ਨੂੰ ਵੀ ਹੁੰਦਾ ਹੈ ਬ੍ਰੈਸਟ ਕੈਂਸਰ



ਡਾ. ਰਿਪੁਦਮਨ ਸਿੰਘ

ਅੱਜ ਤਕ ਮੰਨਿਆ ਜਾ ਰਿਹਾ ਹੈ ਕਿ ਬ੍ਰੈਸਟ ਕੈਂਸਰ ਸਿਰਫ਼ ਔਰਤਾਂ ਨੂੰ ਹੀ ਹੁੰਦਾ ਹੈ ਕਿਉਂਕਿ ਪੁਰਸ਼ਾਂ ਦੇ ਬ੍ਰੈਸਟ ਨਹੀਂ ਹੁੰਦੀ। ਇਹ ਇਕ ਗ਼ਲਤ ਧਾਰਣਾ ਹੈ ਜਦਕਿ ਸੱਚਾਈ ਇਹ ਹੈ ਕਿ ਪੁਰਸ਼ਾਂ ਕੋਲ ਬ੍ਰੈਸਟ ਟਿਸ਼ੂ ਭਾਵ ਬਣ ਉਤਕ ਹੁੰਦੇ ਹਨ। ਇਸਤਰੀ ਅਤੇ ਪੁਰਸ਼ਾਂ ਦੀਆਂ ਛਾਤੀਆਂ ਦੀ ਅੰਦਰੂਨੀ ਬਣਤਰ ਬਹੁਤ ਹੱਦ ਤਕ ਇੱਕੋ ਜਿਹੀ ਹੁੰਦੀ ਹੈ ਅਤੇ ਰੋਗ ਵੀ। ਇਸ ਲਈ ਪੁਰਸ਼ਾਂ ਨੂੰ ਵੀ ਬ੍ਰੈਸਟ ਕੈਂਸਰ ਹੋ ਸਕਦਾ ਹੈ। ਪੁਰਸ਼ਾਂ ਵਿਚ ਬ੍ਰੈਸਟ ਕੈਂਸਰ ਇਕ ਅਨੋਖਾ ਰੋਗ ਹੈ ਅਤੇ ਇਹ ਸਾਰੇ ਤਰ੍ਹਾਂ ਦੇ ਬ੍ਰੈਸਟ ਕੈਂਸਰ ਦਾ ਸਿਰਫ਼ ਇਕ ਫ਼ੀਸਦੀ ਹੈ। ਇਸ ਬਾਰੇ ਪੁਰਸ਼ਾਂ ਨੂੰ ਕੁੱਝ ਅਜੀਬ ਹੋਣ ਦਾ ਸ਼ੱਕ ਘੱਟ ਹੀ ਰਹਿੰਦਾ ਹੈ। ਮਰਦ ਵੀ ਘੱਟ ਚੇਤੰਨਤਾ ਦਿਖਾਉਂਦੇ ਹਨ, ਜੋ ਉਨ੍ਹਾਂ ਨੂੰ ਬ੍ਰੈਸਟ ਕੈਂਸਰ ਦੀ ਸੰਦੇਹ ਤੋਂ ਪਰੇ ਕਰ ਦਿੰਦੀ ਹੈ ਤੇ ਉਹ ਕਰਵਾਈ ਜਾਣ ਵਾਲੀ ਜਾਂਚ-ਪੜਤਾਲ ਨੂੰ ਦਰਕਿਨਾਰ ਕਰ ਦਿੰਦੇ ਹਨ, ਜਿਸ ਦੇ ਸਿੱਟੇ ਉਨ੍ਹਾਂ ਨੂੰ ਬਾਅਦ ਵਿਚ ਭੁਗਤਣੇ ਪੈਂਦੇ ਹਨ।

## ਪੁਰਸ਼ਾਂ 'ਚ ਬ੍ਰੈਸਟ ਕੈਂਸਰ ਸਬੰਧੀ ਖ਼ਤਰੇ

ਜੱਦੀ ਜਾਂ ਪਿਤਾ-ਪੁਰਖੀ ਗੁਣ ਔਰਤਾਂ ਦੇ ਬ੍ਰੈਸਟ ਕੈਂਸਰ ਵਿਚ ਵੱਡੀ ਭੂਮਿਕਾ ਨਹੀਂ ਨਿਭਾਉਂਦੇ ਪਰ ਮਰਦਾਂ ਵਿਚ ਇਸ ਦੀ ਭੂਮਿਕਾ ਵੱਡੇ ਪੱਧਰ 'ਤੇ ਹੁੰਦੀ ਹੈ। ਟੈਸਟੀਜ਼ ਜਾਂ ਅੰਡਕੋਸ਼ਾਂ ਦੀ ਸੋਜ਼ਿਸ਼ ਬ੍ਰੈਸਟ ਕੈਂਸਰ ਦੇ ਖ਼ਤਰੇ ਨੂੰ ਵਧਾ ਸਕਦੀ ਹੈ। ਖਾਣ ਪੀਣ ਦੀ ਖ਼ਰਾਬ ਆਦਤ, ਮੋਟਾਪਾ, ਸ਼ਰਾਬ ਦਾ ਜ਼ਿਆਦਾ ਸੇਵਨ ਜਾਂ ਸਿਗਰਟਨੋਸ਼ੀ ਇਸ ਦੀਆਂ ਸੰਭਾਵਨਾਵਾਂ ਨੂੰ ਕਈ ਗੁਣਾ ਵਧਾ ਦਿੰਦੀਆਂ ਹਨ। ਹਾਰਮੋਨਲ ਦਵਾਈਆਂ ਜਾਂ ਹਰਬਲ ਪੂਰਕ ਖਾਣੇ ਦੇ ਸੇਵਨ ਦੀ ਭੈੜੀ ਆਦਤ।

## ਲੱਛਣ

ਛਾਤੀ ਵਿਚ ਗੱਠਾਂ ਦਾ ਬਣ ਜਾਣਾ ਬ੍ਰੈਸਟ ਕੈਂਸਰ ਦਾ ਸਭ ਤੋਂ ਮਹੱਤਵਪੂਰਨ ਸੰਕੇਤ ਹੈ। ਛਾਤੀ ਜਾਂ ਨਿਪਲਜ਼ ਦੇ ਚਾਰੇ ਪਾਸੇ ਦੀ ਚਮੜੀ ਉੱਪਰ ਖੱਡੇ ਪੈਣੇ ਜਾਂ ਉਨ੍ਹਾਂ ਵਿਚ ਕੋਈ ਵੱਡੀ ਤਬਦੀਲੀ ਆਉਣਾ ਵੀ ਬ੍ਰੈਸਟ ਕੈਂਸਰ ਦੇ ਸੰਕੇਤ ਹੋ ਸਕਦੇ ਹਨ। ਛਾਤੀ ਵਿਚ ਦਰਦ ਰਹਿਣਾ ਅਤੇ ਨਿਪਲ ਜ਼ਰੀਏ ਤਰਲ ਪਦਾਰਥ ਦਾ ਰਿਸਣਾ, ਨਿਪਲ ਦੇ ਚਾਰੇ ਪਾਸੇ ਜ਼ਖ਼ਮ ਹੋਣੇ। ਲਿੰਫ-ਨੋਡਜ਼ ਦਾ ਅੰਡਰ-ਆਰਮ ਤੇ ਏਰੋਲਾ ਖੇਤਰ ਤਕ ਵਧਣਾ। ਮਰਦਾਂ ਵਿਚ ਛਾਤੀਆਂ ਦੇ ਵਾਧੇ ਨੂੰ 'ਗਾਇਨੇਕੋਮਾਸਟੀਆ' ਆਖਦੇ ਹਨ। ਅਜਿਹੇ ਵਾਧੇ ਕਾਰਨ ਉਨ੍ਹਾਂ ਅੰਦਰ ਬ੍ਰੈਸਟ ਕੈਂਸਰ ਦਾ ਖ਼ਤਰਾ ਵੱਧ ਜਾਂਦਾ ਹੈ।

## ਰੋਕਥਾਮ ਦੇ ਉਪਾਅ

ਆਪਣੇ ਆਪ ਨੂੰ ਜਾਨਣਾ, ਪਰਿਵਾਰਿਕ ਇਤਹਾਸ ਦਾ ਪਤਾ ਲਗਾਉਣਾ। ਰੋਗ ਦੇ ਸਾਰੇ ਮਾਮਲਿਆਂ ਵਿਚ ਘੱਟੋ ਘੱਟ 10 ਫ਼ੀਸਦੀ ਯੋਗਦਾਨ ਹੈਰੀਡਿਟਰ ਜਾਂ ਪਿਤਾ-ਪੁਰਖੀ ਬ੍ਰੈਸਟ ਕੈਂਸਰ ਦਾ ਹੈ। ਮੋਟਾਪੇ ਕਾਰਨ ਬ੍ਰੈਸਟ ਕੈਂਸਰ, ਹਿਰਦੇ ਰੋਗ ਤੇ ਕਈ ਬੀਮਾਰੀਆਂ ਹੋਣ ਦੇ ਖ਼ਤਰੇ ਵੱਧ ਜਾਂਦੇ ਹਨ ਇਸ ਲਈ ਸਰੀਰ ਦਾ ਇਕ ਆਦਰਸ਼ ਭਾਰ ਕਾਇਮ ਰੱਖੋ। ਚਰਬੀ ਜਾਂ ਫੈਟ ਨੂੰ ਘਟਾਓ। ਸਰੀਰਕ ਗਤੀਵਿਧੀਆਂ ਜਾਂ ਕਸਰਤ ਤੁਹਾਨੂੰ ਇਕ ਤੰਦਰੁਸਤ ਵਜ਼ਨ ਪ੍ਰਦਾਨ ਕਰਨ 'ਚ ਮਦਦ ਕਰਦੀਆਂ ਹਨ, ਜਿਸ ਨਾਲ ਬ੍ਰੈਸਟ ਕੈਂਸਰ ਨੂੰ ਕਾਫ਼ੀ ਹੱਦ ਤਕ ਰੋਕਿਆ ਜਾ ਸਕਦਾ ਹੈ।

## ਖਾਣ-ਪੀਣ ਦੀਆਂ ਆਦਤਾਂ

ਹਾਈ ਗਲਾਈਸੈਮਿਕ ਇੰਡੈਕਸ ਵਾਲੇ ਖਾਣੇ ਜਿਵੇਂ ਸਫ਼ੈਦ ਆਟਾ, ਸਫ਼ੈਦ ਚਾਵਲ, ਆਲੂ, ਚੀਨੀ ਆਦਿ ਨੂੰ ਘੱਟ ਕਰੋ ਕਿਉਂਕਿ ਇਨ੍ਹਾਂ ਨੂੰ ਖਾਂਦਿਆਂ ਹੀ ਸਰੀਰ ਵਿਚ ਹਾਰਮੋਨ ਸਬੰਧੀ ਤਬਦੀਲੀਆਂ ਪੈਦਾ ਹੁੰਦੀਆਂ ਹਨ। ਇਹ ਤਬਦੀਲੀਆਂ ਛਾਤੀ ਦੀਆਂ ਕੋਸ਼ਿਕਾਵਾਂ ਦੇ ਵਾਧੇ ਦਾ ਕਾਰਨ ਬਣਦੀਆਂ ਹਨ। ਸਿਗਰਟਨੋਸ਼ੀ ਤੇ ਅਲਕੋਹਲ ਦੀ ਵਰਤੋਂ ਤੋਂ ਪਰਹੇਜ਼ ਕਰੋ। ਇਨ੍ਹਾਂ ਦੋਵਾਂ ਚੀਜ਼ਾਂ ਦੀ ਲਤ ਸਮੇਂ ਨਾਲ ਵਧਦੀ ਜਾਂਦੀ ਹੈ, ਜੋ ਮੁਸੀਬਤ ਦੀ ਜੜ੍ਹ ਹੈ। ਚੈਕਅੱਪ ਅਤੇ ਕੈਂਸਰ ਸਕਰੀਨਿੰਗ ਟੈਸਟ ਜ਼ਰੂਰ ਕਰਵਾਓ। ਡਰ ਹਮੇਸ਼ਾ ਬਿਮਾਰੀ ਨੂੰ ਵਧਾਉਂਦਾ ਹੈ, ਇਸ ਲਈ ਡਰ ਨੂੰ ਛੱਡੋ ਅਤੇ ਡਾਕਟਰੀ ਸਹਾਇਤਾ ਲਵੋ।

•98152-00134

## ਜੀਵਨਸ਼ੈਲੀ 'ਚ ਲਿਆਓ ਤਬਦੀਲੀ

*ਪ੍ਰਿਵੈਂਟਿਵ ਹੇਲਥ-ਕੇਅਰ ਮਾਹਰਾਂ ਦਾ ਕਹਿਣਾ ਹੈ ਕਿ ਜ਼ਿਆਦਾਤਰ ਮਾਮਲਿਆਂ ਵਿਚ ਪੁਰਸ਼ਾਂ 'ਚ ਬ੍ਰੈਸਟ ਕੈਂਸਰ ਦਾ ਰੋਗ-ਨਿਦਾਨ ਔਰਤਾਂ ਦੀ ਤੁਲਨਾ 'ਚ ਵਿਕਸਿਤ ਪੱਧਰ ਉੱਤੇ ਹੁੰਦਾ ਹੈ। ਮੋਟਾਪਾ ਅਤੇ ਹਾਈ ਬਲੱਡ ਪ੍ਰੈਸ਼ਰ ਬ੍ਰੈਸਟ ਕੈਂਸਰ ਦੇ ਵੱਡੇ ਖ਼ਤਰੇ ਹਨ। ਆਪਣੀ ਜੀਵਨ ਸ਼ੈਲੀ ਵਿਚ ਤਬਦੀਲੀ ਲਿਆ ਕੇ ਇਸ ਖ਼ਤਰੇ ਨੂੰ ਘੱਟ ਕੀਤਾ ਜਾ ਸਕਦਾ ਹੈ। ਸ਼ੁਰੂਆਤੀ ਦੌਰ ਵਿਚ ਬ੍ਰੈਸਟ ਕੈਂਸਰ ਬਾਰੇ ਪਤਾ ਚੱਲ ਜਾਣਾ ਅਤੇ ਫ਼ੌਰੀ ਤੌਰ 'ਤੇ ਇਸ ਦਾ ਇਲਾਜ ਕਰਵਾਉਣਾ ਹੀ ਪੁਰਖ ਬ੍ਰੈਸਟ ਕੈਂਸਰ ਦੇ ਮਾਮਲਿਆਂ ਨੂੰ ਘਟਾਉਣ ਦੀ ਸਭ ਤੋਂ ਵਧੀਆ ਰਣਨੀਤੀ ਹੈ।*



# ਗਰਦਨ ਦੇ ਦਰਦ ਨੂੰ ਦੂਰ ਕਰੇ ਇਹ ਤੇਲ

ਗਰਦਨ ਸਰੀਰ ਦਾ ਬਹੁਤ ਹੀ ਕੋਮਲ ਭਾਗ ਹੁੰਦਾ ਹੈ। ਲਗਾਤਾਰ ਝੁਕ ਕੇ ਕੰਮ ਕਰਨਾ, ਲੰਬੇ ਸਮੇਂ ਤਕ ਇਕ ਹੀ ਸਥਿਤੀ 'ਚ ਬੈਠੇ ਰਹਿਣਾ, ਕੰਪਿਊਟਰ 'ਤੇ ਲੰਬੇ ਸਮੇਂ ਤਕ ਕੰਮ ਕਰਨਾ, ਸਿਰ੍ਹਾਣਾ ਲੈ ਕੇ ਸੌਣਾ ਆਦਿ ਦੇ ਕਾਰਨ ਗਰਦਨ ਦਰਦ ਦੀ ਸ਼ਿਕਾਇਤ ਹੋ ਸਕਦੀ ਹੈ।



## ਜੈਤੂਨ ਦਾ ਤੇਲ

ਇਹ ਤੇਲ ਬਹੁਤ ਹੀ ਗੁਣਕਾਰੀ ਹੁੰਦਾ ਹੈ। ਦਰਦ ਨੂੰ ਘਰ ਬੈਠੇ ਠੀਕ ਕਰਨ ਲਈ ਇਹ ਲਾਭਕਾਰੀ ਹੈ। ਇਸ ਨਾਲ ਰੋਜ਼ਾਨਾ ਦੋ ਵਾਰ ਗਰਦਨ ਦੀ ਮਸਾਜ ਕਰ ਸਕਦੇ ਹਾਂ।

## ਨਮਕ

ਨਮਕ 'ਚ ਮੈਗਿਨਸ਼ਿਅਮ ਸਲਫੇਟ ਹੁੰਦਾ ਹੈ ਜੋ ਨੈਚੁਰਲ ਤਰੀਕੇ ਨਾਲ ਦਰਦ ਨੂੰ ਦੂਰ ਕਰਨ 'ਚ ਮਦਦ ਕਰਦਾ ਹੈ।

## ਇਸਤੇਮਾਲ ਕਰਨ ਦਾ ਤਰੀਕਾ

ਇਕ ਕਟੋਰੀ 'ਚ ਜੈਤੂਨ ਦਾ ਤੇਲ ਤੇ ਨਮਕ ਪਾ ਕੇ ਚੰਗੀ ਤਰ੍ਹਾਂ ਮਿਲਾ ਲਵੋ ਇਸ ਨੂੰ ਬੰਦ ਕਰ ਕੇ ਸਾਇਡ ਤੇ ਰੱਖ ਦਿਓ। ਇਸ ਨਾਲ ਤੇਲ ਦਾ ਰੰਗ ਹਲਕਾ ਹੋ ਜਾਵੇਗਾ। ਇਸ ਤੇਲ ਨੂੰ 2-3 ਮਿੰਟ ਗਰਦਨ ਦੀ ਮਸਾਜ ਕਰੋ। ਇਸ ਨਾਲ ਗਰਦਨ ਨੂੰ ਰਾਹਤ ਮਿਲ ਸਕਦੀ ਹੈ।

• ਫੀਚਰ ਡੈਸਕ

# ਰਾਜਮਾਹ ਸਿਹਤ ਲਈ ਗੁਣਕਾਰੀ

ਰਾਜਮਾਹ ਜਿੰਨੇ ਖਾਣ 'ਚੇ ਸੁਆਦ ਹੁੰਦੇ ਹਨ ਉਨ੍ਹੇਂ ਹੀ ਸਾਡੀ ਸਿਹਤ ਲਈ ਲਾਭਕਾਰੀ ਹੈ। ਇਸ 'ਚ ਆਇਰਨ, ਮੈਗਨਿਸ਼ਿਅਮ ਤੇ ਫਾਇਬਰ ਕਾਫ਼ੀ ਮਾਤਰਾ 'ਚ ਪਾਇਆ ਜਾਂਦਾ ਹੈ। ਜੋ ਸਾਡੇ ਬਲੱਡ ਪ੍ਰੈਸ਼ਰ ਨੂੰ ਕੰਟ੍ਰੋਲ ਕਰਦੇ ਹਨ। ਇਸ ਦੇ ਇਲਾਵਾ ਰਾਜਮਾਹ ਖਾਣ ਨਾਲ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਰਾਜਮਾਹ 'ਚ ਬਹੁਤ ਸਾਰਾ ਪ੍ਰੋਟੀਨ, ਫਾਇਬਰ, ਵਿਟਾਮਿਨ ਤੇ ਆਇਰਨ ਆਦਿ ਕਈ ਤਰ੍ਹਾਂ ਦੇ ਪੌਸ਼ਟਿਕ ਤੱਤ ਮਿਲੇ ਹੋਏ ਹੁੰਦੇ ਹਨ।

## ਇਮਿਊਨ ਸਿਸਟਮ ਵਧਣਾ

ਰਾਜਮਾਹ 'ਚ ਸਿਰਫ਼ ਫਾਇਬਰ ਤੇ ਪ੍ਰੋਟੀਨ ਹੀ ਨਹੀਂ ਹੁੰਦੇ ਬਲਕਿ ਕਾਫ਼ੀ ਮਾਤਰਾ 'ਚ ਐਂਟੀਔਕਸੀਡੇਂਟ੍ਰਸ ਵੀ ਪਾਏ ਜਾਂਦੇ ਹਨ। ਐਂਟੀਔਕਸੀਡੇਂਟ੍ਰਸ ਇਮਿਊਨ ਸਿਸਟਮ ਨੂੰ ਵਧਾਉਂਦਾ ਹੈ ਤੇ ਫ੍ਰੀ ਰੇਡਿਕਲਸ ਨਾਲ ਇਸ ਨੂੰ ਮੁਕਤ ਰੱਖਦੇ ਹਨ। ਇਸ ਤਰ੍ਹਾਂ ਮੰਨਿਆ ਜਾਂਦਾ ਹੈ ਕਿ ਐਂਟੀਔਕਸੀਡੇਂਟ੍ਰਸ 'ਚ ਐਂਟੀ-ਏਜਿੰਗ ਤੱਤ ਵੀ ਪਾਏ ਜਾਂਦੇ ਹਨ।



## ਕੋਲੈਸਟ੍ਰੋਲ ਲੈਵਲ ਘੱਟ ਕਰੇ

ਰਾਜਮਾਹ 'ਚ ਕਾਫ਼ੀ ਮਾਤਰਾ 'ਚ ਫਾਇਬਰ ਪਾਇਆ ਜਾਂਦਾ ਹੈ। ਇਸ ਲਈ ਇਹ ਕੋਲੈਸਟ੍ਰੋਲ ਲੈਵਲ ਘੱਟ ਕਰਨ 'ਚ ਮਦਦ ਕਰਦਾ ਹੈ।

## ਕਬਜ਼ ਤੋਂ ਮੁਕਤ

ਜੇ ਤੁਹਾਨੂੰ ਕਬਜ਼ ਦੀ ਸਮੱਸਿਆ ਰਹਿੰਦੀ ਹੈ ਤਾਂ ਤੁਸੀ ਰਾਜਮਾਹ ਦਾ ਸੇਵਨ ਕਰ ਸਕਦੇ ਹੋ। ਵੈਸੇ ਤਾਂ ਲੋਕ ਇਸ ਨੂੰ ਸਬਜ਼ੀ ਦੇ ਰੂਪ 'ਚ ਖਾਂਦੇ ਹਨ ਪਰ ਤੁਸੀ ਇਸ ਨੂੰ ਉਬਾਲ ਕੇ ਸੁਆਦ ਦੇ ਤੌਰ 'ਤੇ ਵੀ ਖਾ ਸਕਦੇ ਹਾਂ ਇਹ ਕਬਜ਼ ਦੀ ਸਮੱਸਿਆ ਨੂੰ ਠੀਕ ਕਰਦੇ ਹਨ।

## ਆਕਸੀਜਨ ਦੀ ਸਰਕੁਲੇਸ਼ਨ ਨੂੰ ਵਧਾਏ

ਆਇਰਨ 'ਚ ਉਚਿੱਤ ਮਾਤਰਾ 'ਚ ਆਇਰਨ ਮੌਜੂਦ ਹੁੰਦਾ ਹੈ। ਜਿਸ ਕਰ ਕੇ ਇਹ ਤਾਕਤ ਦੇਣ ਦਾ ਕੰਮ ਕਰਦਾ ਹੈ ਸਰੀਰ 'ਚ ਮੋਟਾਬਾਲਿਜ਼ਮ ਤੇ ਊਰਜਾ ਦੇ ਲਈ ਆਇਰਨ ਦੀ ਜ਼ਰੂਰਤ ਹੁੰਦੀ ਹੈ। ਜੋ ਰਾਜਮਾਹ ਖਾਣ ਨਾਲ ਪੂਰੀ ਹੋ ਜਾਂਦੀ ਹੈ ਤੇ ਨਾਲ ਹੀ ਸਰੀਰ 'ਚ ਆਕਸੀਜਨ ਦੇ ਸਰਕੁਲੇਸ਼ਨ ਨੂੰ ਵਧਾਉਂਦਾ ਹੈ।

## ਜ਼ਿਆਦਾ ਮਾਤਰਾ 'ਚ ਵਿਟਾਮਿਨ

ਰਾਜਮਾਹ 'ਚ ਜ਼ਿਆਦਾ ਮਾਤਰਾ 'ਚ ਵਿਟਾਮਿਨ ਪਾਏ ਜਾਂਦੇ ਹਨ ਜੋ ਸਿਹਤ ਲਈ ਬਹੁਤ ਹੀ ਲਾਭਕਾਰੀ ਹੁੰਦੇ ਹਨ।

# ਇਨ੍ਹਾਂ ਬਿਮਾਰੀਆਂ 'ਚ ਕੰਮ ਆਉਂਦਾ ਹੈ ਨਾਰੀਅਲ ਤੇਲ

ਨਾਰੀਅਲ ਤੇਲ ਦਾ ਇਸਤੇਮਾਲ ਲੋਕ ਚਿਹਰੇ ਤੇ ਬਾਲ 'ਤੇ ਕਰਦੇ ਹਨ। ਇਸ ਦੇ ਗੁਣਾਂ ਦੇ ਬਾਰੇ 'ਚ ਸ਼ਾਇਦ ਹੀ ਕੋਈ ਜਾਣਦਾ ਹੋਣਗਾ। ਨਾਰੀਅਲ ਤੇਲ ਸਾਨੂੰ ਬਿਮਾਰੀਆਂ ਤੋਂ ਬਚਾਉਂਦਾ ਹੈ।

## ਭੁੱਖ 'ਤੇ ਕੰਟਰੋਲ

ਜੇ ਤੁਹਾਨੂੰ ਵੀ ਵਾਰ-ਵਾਰ ਭੁੱਖ ਲੱਗਦੀ ਹੈ ਤਾਂ ਨਾਰੀਅਲ ਤੇਲ ਦਾ ਸੇਵਨ ਕਰੋ। ਨਾਰੀਅਲ ਤੇਲ 'ਚ ਕੈਲੋਰੀ ਦੀ ਮਾਤਰਾ ਕਾਫ਼ੀ ਹੁੰਦੀ ਹੈ ਜੋ ਭੁੱਖ ਨੂੰ ਕੰਟਰੋਲ ਕਰਦਾ ਹੈ।

## ਡਾਇਬਟੀਜ਼

ਡਾਇਬਟੀਜ਼ 'ਚ ਮਰੀਜ਼ ਦੇ ਲਈ ਨਾਰੀਅਲ ਤੇਲ ਬਹੁਤ ਹੀ ਵਧੀਆ ਹੈ।

## ਜੋੜਾਂ ਦਾ ਦਰਦ

ਨਾਰੀਅਲ ਤੇਲ 'ਚ ਕੈਲਸ਼ੀਅਮ ਹੁੰਦਾ ਹੈ। ਜੋ ਹੱਡੀਆਂ ਦੇ ਵਿਕਾਸ ਲਈ ਜ਼ਰੂਰੀ ਤੱਤ ਹੈ। ਇਸ ਨਾਲ ਜੋੜਾਂ ਦੇ ਦਰਦ ਦੀ ਸਮੱਸਿਆ ਦੂਰ ਹੋ ਜਾਂਦੀ ਹੈ।



## ਤਣਾਅ ਦੂਰ

ਤਣਾਅ ਅੱਜਕਲ੍ਹ ਹਰ ਇਕ ਵਿਅਕਤੀ ਦੀ ਕਮਜ਼ੋਰੀ ਬਣ ਚੁੱਕਾ ਹੈ। ਜੇ ਤੁਸੀ ਵੀ ਇਸ ਪਰੇਸ਼ਾਨੀ ਤੋਂ ਦੁੱਖੀ ਹੋ ਤਾਂ ਮੱਥੇ 'ਤੇ ਹਲਕੇ ਹੱਥਾਂ ਨਾਲ ਨਾਰੀਅਲ ਤੇਲ ਦੀ ਮਾਲਿਸ਼ ਕਰੋ। ਇਸ ਨਾਲ ਦਰਦ ਤੇ ਤਣਾਅ ਦੂਰ ਹੋ ਜਾਵੇਗਾ।

## ਦਾਗ਼

ਨਾਰੀਅਲ ਤੇਲ 'ਚ ਐਂਟੀ-ਵਾਇਰਸ ਗੁਣ ਹੁੰਦਾ ਹੈ ਜੋ ਦਾਗ਼ਾਂ ਨੂੰ ਦੂਰ ਕਰਦਾ ਹੈ।

## ਵਜ਼ਨ ਘੱਟਣਾ

ਨਾਰੀਅਲ ਤੇਲ 'ਚ ਫੈਟ ਦੀ ਮਾਤਰਾ ਘੱਟ ਹੁੰਦੀ ਹੈ। ਨਾਰੀਅਲ ਤੇਲ ਨੂੰ ਭੋਜਨ'ਚ ਇਸਤੇਮਾਲ ਕਰੋ ਸਿਹਤ ਲਈ ਬਹੁਤ ਵਧੀਆ ਹੈ।

# ਇਮਲੀ ਦੇ ਫ਼ਾਇਦੇ ਜਾਣ ਕੇ ਰਹਿ ਜਾਉਗੇ ਹੈਰਾਨ

ਇਮਲੀ ਸਿਰਫ਼ ਖਾਣਾ ਬਣਾਉਣ ਦੇ ਹੀ ਨਹੀਂ ਕੰਮ ਆਉਂਦੀ ਸਗੋਂ ਸਿਹਤ ਲਈ ਵੀ ਬਹੁਤ ਹੀ ਲਾਭਕਾਰੀ ਹੈ। ਇਸ 'ਚ ਮੌਜੂਦ ਆਇਰਨ, ਫਾਇਬਰ, ਮੈਗਨੀਜ, ਕੈਲਸ਼ੀਅਮ ਆਦਿ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੂਰ ਰਹਿੰਦੀਆਂ ਹਨ। ਆਓ ਦੇਖਦੇ ਹਾਂ ਰੋਜ਼ ਇਮਲੀ ਦਾ ਸੇਵਨ ਕਰਨ ਨਾਲ ਕੀ-ਕੀ ਫ਼ਾਇਦੇ ਮਿਲਦੇ ਹਨ।

## ਕੈਂਸਰ

ਕੁੱਝ ਦੇਰ ਲਈ ਇਮਲੀ ਨੂੰ ਪਾਣੀ 'ਚ ਡੋਬ ਕੇ ਰੱਖੋ ਤੇ ਹਰ ਰੋਜ਼ ਇਸ ਦਾ ਸੇਵਨ ਕਰੋ। ਇਸ 'ਚ ਐਂਟੀਔਕਸੀਡੇਂਟ ਤੇ ਐਸਿਡ ਭਰਪੂਰ ਮਾਤਰਾ 'ਚ ਹੁੰਦਾ ਹੈ। ਜਿਸ ਨਾਲ ਸਰੀਰ 'ਚ ਕੈਂਸਰ ਸੈਲਸ ਵੱਧ ਨਹੀਂ ਪਾਉਂਦੇ ਜਿਸ ਕਰ ਕੇ ਕੈਂਸਰ ਵਰਗੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

## ਬੁਖ਼ਾਰ 'ਚ ਅਸਰਦਾਰ

ਬੁਖ਼ਾਰ 'ਚ 15 ਗ੍ਰਾਮ ਇਮਲੀ ਦੇ ਫਲ ਦਾ ਰਸ ਪੀਣ ਨਾਲ ਬੁਖ਼ਾਰ ਜਲਦੀ ਠੀਕ ਹੋ ਜਾਂਦਾ ਹੈ। ਇਸ ਦੇ ਇਲਾਵਾ ਇਸ 'ਚ ਮੌਜੂਦ ਵਿਟਾਮਿਨ ਈ, ਸੀ ਇਮਿਊਨ ਸਿਸਟਮ ਠੀਕ ਰਹਿੰਦਾ ਹੈ। ਪੇਟ ਨਾਲ ਜੁੜੀਆਂ ਸਮੱਸਿਆਵਾਂ ਵੀ ਖ਼ਤਮ ਹੋ ਜਾਂਦੀਆਂ ਹਨ।



## ਗਲੇ 'ਚ ਖ਼ਾਰਿਸ਼

ਇਮਲੀ ਦੀਆਂ ਪੱਤੀਆਂ ਦਾ ਰਸ ਕੱਢ ਕੇ ਪੀਣ ਨਾਲ ਗਲੇ ਦੀ ਖ਼ਾਰਿਸ਼ ਨੂੰ ਆਰਾਮ ਮਿਲਦਾ ਹੈ। ਇਮਲੀ ਤੇ ਸਾਬਤ ਹਲਦੀ ਨੂੰ ਪਾਣੀ 'ਚ ਡੋਬੋ ਕੇ ਇਸ ਦਾ ਪੇਸਟ ਬਣਾ ਲਓ ਤੇ ਚਿਹਰੇ 'ਤੇ ਲਗਾਉਣ ਨਾਲ ਰੰਗ ਸਾਫ਼ ਹੁੰਦਾ ਹੈ।

## ਮੋਟਾਪੇ ਤੋਂ ਛੁਟਕਾਰਾ

ਹਰ ਰੋਜ਼ ਇਮਲੀ ਖਾਣ ਨਾਲ ਮੋਟਾਪਾ ਦੂਰ ਹੁੰਦਾ ਹੈ। ਇਸ 'ਚ ਮੌਜੂਦ ਹਾਈਡ੍ਰੋਸਿਟ੍ਰਿਕ ਹੁੰਦਾ ਹੈ ਜੋ ਫੈਟ ਨੂੰ ਘੱਟ ਕਰਦਾ ਹੈ। •

# ਸਵਾਈਨ ਫਲੂ ਬਾਰੇ ਕੁੱਝ ਅਹਿਮ ਤੱਥ

ਡਾ. ਅਮਰੀਕ ਸਿੰਘ ਕੰਡਾ

ਸੰਸਾਰ ਵਿਚ ਸਵਾਈਨ ਫਲੂ ਨਾਂ ਦੀ ਬਿਮਾਰੀ ਦੀ ਦਹਿਸ਼ਤ ਨੇ ਬਹੁਤ ਸਾਰੇ ਘਰ-ਪਰਿਵਾਰ ਤਬਾਹ ਕਰ ਦਿੱਤੇ ਹਨ ਅਤੇ ਹੋ ਰਹੇ ਨੇ। ਸਵਾਈਨ ਫਲੂ ਆਪਣੇ ਆਪ 'ਚ ਇਕ ਸੱਪ ਵਾਂਗ ਹੈ। ਜਿਵੇਂ ਸੱਪ ਦੀ ਦਹਿਸ਼ਤ ਹੁੰਦੀ ਹੈ। ਸੱਪਾਂ ਦੀਆਂ 530 ਪ੍ਰਜਾਤੀਆਂ ਹਨ ਪਰ ਮੁਸ਼ਕਿਲ ਨਾਲ ਚਾਰ-ਪੰਜ ਸੱਪ ਹੀ ਜ਼ਹਰੀਲੇ ਹੁੰਦੇ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਭੀੜ-ਭਾੜ ਅਤੇ ਅਜਿਹੀਆਂ ਬੰਦ ਥਾਵਾਂ, ਜਿੱਥੇ ਸਾਫ਼ ਹਵਾ ਦਾ ਆਵਾਗਮਨ ਨਾ ਹੋਵੇ, ਉੱਥੇ ਸਵਾਈਨ ਫਲੂ (ਐਚ-1, ਐਨ-1) ਦੇ ਵਾਇਰਸ ਜ਼ਿਆਦਾ ਹੋਣ ਦਾ ਅਤੇ ਇਸ ਰੋਗ ਦੇ ਇਕ ਤੋਂ ਦੂਸਰੇ ਵਿਅਕਤੀ ਨੂੰ ਹੋਣ ਦਾ ਖ਼ਤਰਾ ਵਧੇਰੇ ਹੁੰਦਾ ਹੈ।

## ਕੀ ਹੈ ਐੱਚ-1, ਐੱਨ-1?

ਐੱਚ-1 ਵਾਇਰਸ ਸਾਡੇ ਸਰੀਰ 'ਚ ਸਾਹ ਰਾਹੀ, ਨੱਕ ਰਾਹੀ ਅਤੇ ਮੂੰਹ ਰਾਹੀ ਪਹੁੰਚਦਾ ਹੈ। ਇਹ ਸਰੀਰ ਦੇ ਅੰਦਰ ਬਲੱਡ ਸੈੱਲ 'ਚ ਜਾ ਕੇ ਇਕ ਹੋਰ ਸੈੱਲ ਤਿਆਰ ਕਰ ਲੈਂਦਾ ਹੈ। ਫ਼ਿਰ ਕਾਪੀ ਪੇਸਟ ਵਰਗੀ ਪ੍ਰਕਿਰਿਆ ਰਾਹੀ ਆਪਣੀ ਸੰਖਿਆ ਨੂੰ ਵੱਧਾ ਦਿੰਦਾ ਹੈ ਅਤੇ ਫਿਰ ਇਹ ਆਪਣੇ ਤਰੀਕੇ ਨਾਲ ਸਰੀਰ ਤੋਂ ਬਾਹਰ ਆਉਂਦਾ ਹੈ, ਜਿਸ ਨੂੰ ਐੱਨ-1 ਆਖਦੇ ਹਨ।

## ਕੀ ਹੈ ਫਲੂ?

ਸਵਾਈਨ ਫਲੂ ਦੇ ਵਾਇਰਸ ਦਾ ਨਾਂ ਐੱਚ-1, ਐੱਨ-1 ਹੈ, ਜਿਸ ਨੂੰ ਸਵਾਈਨ ਫਲੂ ਵੀ ਕਿਹਾ ਜਾਂਦਾ ਹੈ। ਇਹ ਵਾਇਰਸ ਸਾਡੇ ਸਰੀਰ 'ਚ ਪਹੁੰਚ ਕੇ ਫੈਲਦਾ ਹੈ ਜਿਸ ਨੂੰ ਐੱਚ-1 ਆਖਦੇ ਹਨ। ਜਦੋਂ ਇਹ ਵਾਇਰਸ ਸਰੀਰ 'ਚ ਫੈਲ ਜਾਂਦਾ ਹੈ ਤਾਂ ਇਸ ਦਾ ਅਸਰ ਦਿਮਾਗ਼ ਤਕ ਪਹੁੰਚਣ ਲੱਗਦਾ ਹੈ ਤਾਂ ਦਿਮਾਗ਼ ਸਰੀਰ ਦੇ ਤਾਪਮਾਨ ਨੂੰ ਵਧਾ ਦਿੰਦਾ ਹੈ ਜਿਸ ਨੂੰ ਅਸੀ ਬੁਖ਼ਾਰ ਆਖਦੇ ਹਾਂ। ਬੁਖ਼ਾਰ ਜਾਂ ਸਰੀਰ 'ਚ ਪੈਦਾ ਹੋਈ ਇਸ ਗਰਮੀ ਨਾਲ ਹਰ ਵਾਇਰਸ ਮਰ ਜਾਂਦਾ ਹੈ ਤੇ ਸਰੀਰ ਦੇ ਕਮਜ਼ੋਰ ਅੰਗ ਨੂੰ ਨੁਕਸਾਨ ਪਹੁੰਚਾਉਂਦਾ ਹੈ।

## ਬੁਖ਼ਾਰ ਕੀ ਹੈ?

ਬੁਖ਼ਾਰ ਸਾਡੇ ਸਰੀਰ ਦੀ ਮੋਨ ਡੋਰ ਬੈੱਲ ਜਾਂ ਘੰਟੀ ਆਖ ਸਕਦੇ ਹਾਂ। ਬੁਖ਼ਾਰ ਸਾਨੂੰ ਸੁਚੇਤ ਕਰਦਾ ਹੈ ਕਿ ਕੋਈ ਵਾਇਰਸ ਸਾਡੇ ਸਰੀਰ ਵਿਚ ਆਪਣੀ ਘੁਸਪੈਠ ਕਰ ਚੁੱਕਾ ਹੈ। ਇਸ ਲਈ ਬੁਖ਼ਾਰ ਆਪਣੇ ਆਪ ਵਿਚ ਕੋਈ ਬਿਮਾਰੀ ਨਹੀਂ ਬਲਕਿ ਇਕ ਅਲਾਮਤ ਹੈ। ਬੁਖ਼ਾਰ ਚੜ੍ਹਾਉਣ ਦੀ ਸ਼ਕਤੀ ਕੇਵਲ ਬੰਦੇ ਦੇ ਦਿਮਾਗ਼ ਕੋਲ ਹੈ। ਬੁਖ਼ਾਰ ਹੋਣ ਤੇ ਘਬਰਾਉਣਾ ਨਹੀਂ ਚਾਹੀਦਾ।



## ਟੈਸਟ

ਐੱਚ-1, ਐੱਨ-1 ਜਾਂ ਸਵਾਈਨ ਫਲੂ ਦੇ ਟੈਸਟ ਦਾ ਨਾਂ 'ਪੀਸੀਆਰ ਟੈਸਟ' ਹੈ। ਇਹ ਪੌਲੀਮਰਸੀ ਚੇਨ ਰਿਐਕਸ਼ਨ ਹੈ। ਇਹ ਟੈਸਟ ਨਾਲ ਕਦੇ ਵੀ ਪਤਾ ਨਹੀਂ ਲੱਗ ਸਕਿਆ ਕਿ ਸਵਾਈਨ ਫਲੂ ਹੈ, ਸੋ ਇਹ ਵਾਇਰਸ ਨਹੀਂ ਲੱਭਿਆ ਜਾ ਸਕਦਾ।

ਡਾਕਟਰ ਇਸ ਸਵਾਈਨ ਫਲੂ ਹੋਣ ਬਾਰੇ ਅਲਾਮਤਾਂ ਦੇ ਆਧਾਰ 'ਤੇ ਅੰਦਾਜ਼ੇ ਨਾਲ ਸਵਾਈਨ ਫਲੂ ਹੋਣ ਬਾਰੇ ਦੱਸਦੇ ਹਨ। ਇਹ ਬਿਮਾਰੀ ਹੋਣ 'ਤੇ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਵੀ ਧਿਆਨ ਦੇਣਾ ਚਾਹੀਦਾ ਹੈ।

## ਦਵਾਈ

ਟੈਮੀਫਲੂ ਨੂੰ ਸਵਾਈਨ ਫਲੂ ਦੇ ਇਲਾਜ ਲਈ ਵਰਤਿਆ ਜਾਂਦਾ ਹੈ, ਜਿਹੜੀ ਕਿ ਸਾਰੇ ਮਰੀਜ਼ਾਂ ਨੂੰ ਦਿੱਤੀ ਜਾਂਦੀ ਹੈ। ਇਹ ਦਵਾਈ ਕਰਦੀ ਕੀ ਹੈ? ਜਿਹੜਾ ਐੱਨ-1 ਵਾਇਰਸ ਸਾਡੇ ਸਰੀਰ 'ਚ ਜਾਂਦਾ ਹੈ, ਇਹ ਦਵਾਈ ਉਸ ਨੂੰ ਬਾਹਰ ਨਹੀਂ ਆਉਣ ਦਿੰਦੀ।

ਇਸ ਵਾਇਰਸ ਦੇ ਸਰੀਰ 'ਚੋਂ ਬਾਹਰ ਨਾ ਆਉਣ ਕਾਰਨ ਮਰੀਜ਼ ਦੀ ਮੌਤ ਹੋ ਸਕਦੀ ਹੈ। ਇਸ ਦਵਾਈ ਦਾ ਫ਼ਾਇਦਾ ਨਹੀਂ ਨੁਕਸਾਨ ਹੀ ਹੈ। ਇਹ ਦਵਾਈ ਕਦੇ ਵੀ ਨਹੀਂ ਲੈਣੀ ਚਾਹੀਦੀ। ਜੇ ਕਿਸੇ ਨੂੰ ਉਲਟੀਆਂ-ਟੱਟੀਆਂ ਜਾਂ ਬੁਖ਼ਾਰ ਹੈ ਤਾਂ ਘਬਰਾਉਣ ਦੀ ਜ਼ਰੂਰਤ ਨਹੀਂ।

## ਕੀ ਹੈ ਲਿਟਰੋਜੈਨਿਕ ਸਾਈਡ ਮਾਸ ਮਰਡਰ?

ਦੁਨੀਆ ਦੇ ਸਭ ਤੋਂ ਮਸ਼ਹੂਰ ਡਾਕਟਰਾਂ ਵਿਚੋਂ ਡਾ. ਲਿਊਨਾਟ ਹੋਰਬਿਕਸ ਨੇ ਸਵਾਈਨ ਫਲੂ ਬਾਰੇ ਦੱਸਿਆ ਤਾਂ ਬਹੁਤ ਹੈਰਾਨੀ ਹੋਈ। ਉਨ੍ਹਾਂ ਨੇ ਕਿਹਾ ਕਿ ਮਾਸ ਮਰਡਰ ਵੈਕਸੀਨੇਸ਼ਨ ਬਹੁਤ ਹੀ ਹਾਰਮਫੁੱਲ ਹੈ। ਇਹ ਵਰਲਡ ਮਾਫ਼ੀਆ ਹੈ, ਜਿਨ੍ਹਾਂ ਦਾ ਟਾਰਗੇਟ ਹੈ ਕਿ ਦੁਨੀਆ ਦੀ 15 ਫ਼ੀਸਦੀ ਆਬਾਦੀ ਘੱਟ ਕੀਤੀ ਜਾਵੇ।

ਜਿਹੜੇ ਹਸਪਤਾਲ ਵਿਚ ਸਵਾਈਨ ਫਲੂ ਐੱਚ-1, ਐੱਨ-1 ਕਾਰਨ ਮਰੀਜ਼ ਮਰਦਾ ਹੈ, ਉਸ ਨੂੰ ਇਸ ਦੇ ਪੈਸੇ ਮਿਲਦੇ ਹਨ। ਇਥੇ ਹੀ ਬਸ ਨਹੀਂ, ਮਰੀਜ਼ ਕਿਸੇ ਵੀ ਬਿਮਾਰੀ ਨਾਲ ਮਰਿਆ ਹੋਵੇ, ਜੇ ਉਸ ਹਸਪਤਾਲ ਦਾ ਡਾਕਟਰ ਇਹ ਕਹਿ ਦੇਵੇ ਕਿ ਮਰੀਜ਼ ਸਵਾਈਨ ਫਲੂ ਨਾਲ ਮਰਿਆ ਹੈ ਤਾਂ ਇਸ ਦੇ ਵੀ ਪੈਸੇ ਮਿਲਦੇ ਹਨ।

## ਡਰਨ ਦੀ ਲੋੜ ਨਹੀਂ

ਵਿਸ਼ਵ ਪੱਧਰੀ ਇਕ ਵਿਹ ਸਵਾਈਨ ਫਲੂ ਮਤਲਬ ਐੱਚ-1, ਐੱਨ-1 ਨੂੰ ਇਕ ਫਰਾਡ ਜਾਂ ਧੋਖਾ ਆਖਿਆ ਗਿਆ ਹੈ। ਜਿਵੇਂ ਆਪਾਂ ਨੂੰ ਜ਼ੁਕਾਮ ਦਾ ਵਾਇਰਸ ਹੁੰਦਾ ਹੈ, ਐੱਚ-1, ਐੱਨ-1 ਵੀ ਉਸ ਦੇ ਬਰਾਬਰ ਹੀ ਹੈ। ਜਿੰਨੀ ਕੁ ਮੌਤ ਜ਼ੁਕਾਮ ਨਾਲ ਹੁੰਦੀ ਹੈ, ਉਨੀ ਕੁ ਐੱਚ-1, ਐੱਨ-1 ਸਵਾਈਨ ਫਲੂ ਨਾਲ ਹੁੰਦੀ ਹੈ।

ਸਵਾਈਨ ਫਲੂ ਤੋਂ ਡਰਨ ਦੀ ਜ਼ਰੂਰਤ ਨਹੀਂ। ਮੌਤ ਸਵਾਈਨ ਫਲੂ ਨਾਲ ਨਹੀਂ ਹੁੰਦੀ। ਜਦੋਂ ਸਾਨੂੰ ਬੁਖ਼ਾਰ ਜਾਂ ਉਲਟੀਆਂ ਲੱਗਦੀਆਂ ਹਨ ਤਾਂ ਅਸੀਂ ਘਬਰਾ ਕੇ ਡਾਕਟਰ ਕੋਲ ਜਾਂਦੇ ਹਾਂ ਤਾਂ ਡਾਕਟਰ ਵੀ ਟੈਸਟ ਕਰ ਕੇ ਅੰਦਾਜ਼ੇ ਨਾਲ ਵੱਡੇ ਹਸਪਤਾਲਾਂ ਵਿਚ ਭੇਜ ਦਿੰਦੇ ਹਨ।

## ਸਰੀਰ ਨੂੰ ਅਲਕਲਾਈਨ ਜ਼ਹਿਰ ਮੁਕਤ ਕਿਵੇਂ ਕਰੀਏ?

ਆਪਣੇ ਸਰੀਰ ਨੂੰ ਅਲਕਲਾਈਨ ਜ਼ਹਿਰ ਮੁਕਤ ਕਰਨ ਲਈ ਹਰ ਰੋਜ਼ 35 ਫ਼ੀਸਦੀ ਫਲ, 50 ਫ਼ੀਸਦੀ ਕੱਚੀਆਂ ਸਬਜ਼ੀਆਂ ਤੇ ਮਿਕਸ ਫਰੂਟ, ਦੋ ਹਜ਼ਾਰ ਕਦਮ ਹਰ ਰੋਜ਼ ਚੱਲਣਾ ਤੇ ਸੂਰਜ ਦੀ ਰੌਸ਼ਨੀ 'ਚ ਤਿੰਨ ਤੋਂ ਚਾਰ ਘੰਟੇ ਰਹਿਣ ਨਾਲ ਅਸੀ ਆਪਣੇ ਸਰੀਰ ਨੂੰ ਜ਼ਹਿਰ-ਮੁਕਤ ਕਰ ਸਕਦੇ ਹਾਂ।

• 98557-35666

# ਰਾਹੁਲ ਗਾਂਧੀ ਵੱਲੋਂ ਅਮਰੀਕਾ ਫੇਰੀ ਦੌਰਾਨ ਭਾਰਤ ਦੇ ਸਿੱਖਾਂ ਬਾਰੇ ਦਿੱਤਾ ਗਿਆ ਬਿਆਨ ਬੇਹੱਦ ਇਤਰਾਜ਼ਯੋਗ : ਪਵਨ ਗੁਪਤਾ

**ਪਟਿਆਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾਲ ਹੀ ਵਿੱਚ ਕਾਂਗਰਸ ਦੇ ਆਗੂ ਅਤੇ ਸਾਬਕਾ ਰਾਸ਼ਟਰੀ ਪ੍ਰਧਾਨ ਸ਼੍ਰੀ ਰਾਹੁਲ ਗਾਂਧੀ ਵੱਲੋਂ ਆਪਣੀ ਅਮਰੀਕਾ ਫੇਰੀ ਦੌਰਾਨ ਭਾਰਤ ਦੇ ਸਿੱਖਾਂ ਬਾਰੇ ਦਿੱਤਾ ਗਿਆ ਬਿਆਨ ਬੇਹੱਦ ਇਤਰਾਜ਼ਯੋਗ ਹੈ ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਸਿੱਖਾਂ ਨੂੰ ਦਸਤਾਰ ਸਜਾਉਣ ਅਤੇ ਉਨ੍ਹਾਂ ਦੇ ਧਾਰਮਿਕ ਚਿੰਨ੍ਹ ਪਹਿਨਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ ਅਤੇ ਉਨਾਂ ਦੇ ਧਾਰਮਿਕ ਸਥਾਨ ਗੁਰਦੁਆਰਾ ਸਾਹਿਬ ਵਿੱਚ ਜਾਣ ਦੀ ਇਜਾਜ਼ਤ ਨਹੀਂ ਹੈ। ਇਸ ਤੋਂ ਵੱਧ ਹੋਰ ਕੋਈ ਝੂਠ ਨਹੀਂ ਬੋਲਿਆ ਜਾ ਸਕਦਾ। ਦੇਸ਼ ਦੇ ਕਿਸੇ ਵੀ ਕੋਨੇ ਵਿੱਚ ਕਿਸੇ ਵੀ ਸਿੱਖ ਭਾਈਚਾਰੇ ਨਾਲ ਸਬੰਧਤ ਕਿਸੇ ਵੀ ਵਿਅਕਤੀ ਨੂੰ ਧਾਰਮਿਕ ਚਿੰਨ੍ਹ ਪਹਿਨਣ, ਦਸਤਾਰ ਸਜਾਉਣ ਅਤੇ ਗੁਰਦੁਆਰੇ ਜਾਣ ਦੀ ਪੂਰੀ ਆਜ਼ਾਦੀ ਹੈ। ਅਜਿਹੇ ਇਲਜ਼ਾਮ ਲਗਾਉਣ



ਵਾਲਿਆਂ ਨੂੰ ਇਹ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ ਕਿ ਉਹਨਾਂ ਦੇ ਰਾਜ ਦੌਰਾਨ ਸਿੱਖਾਂ ਨਾਲ ਕੀ ਸਲੂਕ ਹੋਇਆ ਸੀ ?

ਕਾਂਗਰਸ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਸ਼੍ਰੀ ਰਾਹੁਲ ਗਾਂਧੀ ਦਾ ਇਸ ਤਰ੍ਹਾਂ ਦਾ ਬਿਆਨ ਦੇਸ਼ ਨੂੰ ਬਦਨਾਮ ਕਰਨ ਦੇ ਬਰਾਬਰ ਹੈ ਅਤੇ ਪਿਆਰ ਦੀ ਦੁਕਾਨ 'ਤੇ ਨਫਰਤ ਦਾ ਸਮਾਨ ਵੇਚਣ ਦੇ ਬਰਾਬਰ ਹੈ, ਇਹ ਨਫਰਤ ਦੀ ਰਾਜਨੀਤੀ ਕਰਕੇ ਭਾਰਤ ਨੂੰ ਵਿਦੇਸ਼ੀ ਧਰਤੀ 'ਤੇ ਬਦਨਾਮ ਕਰਨ ਦੀ ਰਣਨੀਤੀ ਹੈ, ਜੋ ਕਿ ਭਾਰਤ ਲਈ ਇਹ ਸੱਚ ਨਹੀਂ ਹੈ। ਲੋਕ ਹਿੰਦੂ, ਸਿੱਖ, ਮੁਸਲਮਾਨ ਜਾਂ ਈਸਾਈ ਹਨ, ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ। ਜਦੋਂ ਕਾਂਗਰਸ ਲੋਕ ਰਾਇ ਦੇ ਰਾਹ 'ਤੇ ਅੱਗੇ ਵਧ ਰਹੀ ਸੀ ਤਾਂ ਅਜਿਹੇ ਸਸਤੇ ਬਿਆਨ ਦੀ ਲੋੜ ਨਹੀਂ ਸੀ। ਕਾਂਗਰਸ ਦੇ ਸਾਬਕਾ ਕੌਮੀ ਪ੍ਰਧਾਨ ਸ੍ਰੀ ਰਾਹੁਲ ਗਾਂਧੀ ਨੇ ਇੱਕ ਵਾਰ ਫਿਰ ਵਿਦੇਸ਼ੀ ਧਰਤੀ 'ਤੇ ਕਾਂਗਰਸ ਦੇ ਅਸਲ ਕਿਰਦਾਰ ਨੂੰ ਉਜਾਗਰ ਕੀਤਾ ਹੈ ਕਿ ਕਾਂਗਰਸ ਹਮੇਸ਼ਾ ਅੰਗਰੇਜ਼ਾਂ ਵਾਂਗ ਪਾੜੋ ਤੇ ਰਾਜ ਕਰੋ ਦੀ ਨੀਤੀ 'ਤੇ ਅੱਗੇ ਵਧਣ ਵਿੱਚ ਵਿਸ਼ਵਾਸ ਰੱਖਦੀ ਹੈ। ਸ਼ਿਵ ਸੈਨਾ ਹਿੰਦੁਸਤਾਨ ਕਾਂਗਰਸ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਸ਼੍ਰੀ ਰਾਹੁਲ ਗਾਂਧੀ ਦੇ ਇਸ ਬਿਆਨ ਦਾ ਸਖਤ ਵਿਰੋਧ ਕਰਦੀ ਹੈ ਅਤੇ ਲੱਗਦਾ ਹੈ ਕਿ ਵਿਦੇਸ਼ ਦੀ ਧਰਤੀ 'ਤੇ ਜਾ ਕੇ ਸ਼੍ਰੀ ਰਾਹੁਲ ਗਾਂਧੀ ਨੇ ਖਾਲਿਸਤਾਨੀਆਂ ਦੇ ਹੱਕ 'ਚ ਕੰਮ ਕੀਤਾ ਹੈ।

# ਸਮੱਸਿਆਵਾਂ ਨੂੰ ਜਲਦ ਹੱਲ ਕਰਨ ਦਾ ਦਿੱਤਾ ਭਰੋਸਾ

**ਬਠਿੰਡਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸਾਂ ਅਨੁਸਾਰ ਐਸਡੀਐਮ ਬਠਿੰਡਾ ਮੈਡਮ ਇਨਾਯਤ ਵਲੋਂ ਮਾਤਾ-ਪਿਤਾ ਤੇ ਬਜ਼ੁਰਗਾਂ ਨਾਗਰਿਕਾਂ ਦੀ ਦੇਖਭਾਲ ਅਤੇ ਭਲਾਈ ਸਬੰਧੀ ਤਿਮਾਹੀ ਮੀਟਿੰਗ ਕੀਤੀ ਗਈ। ਇਸ ਮੌਕੇ ਐਸਡੀਐਮ ਰਾਮਪੁਰਾ ਕੰਵਰਜੀਤ ਸਿੰਘ ਮਾਨ ਵੀ ਮੌਜੂਦ ਸਨ।

ਇਸ ਮੌਕੇ ਐਸਡੀਐਮ ਇਨਾਯਤ ਨੇ ਸੀਨੀਅਰ ਸਿਟੀਜਨ ਬਜ਼ੁਰਗ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣੀਆਂ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਬਜ਼ੁਰਗਾਂ ਦੇ ਕੰਮਾਂ ਨੂੰ ਪਹਿਲ ਦਿੱਤੀ ਜਾਵੇ ਅਤੇ ਬਣਦਾ ਮਾਣ-ਸਤਿਕਾਰ ਦੇਣਾ ਯਕੀਨੀ ਬਣਾਇਆ ਜਾਵੇ।

ਇਸ ਦੌਰਾਨ ਉਨ੍ਹਾਂ ਜ਼ਿਲ੍ਹਾ ਮੈਨੇਜ਼ਰ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸੇਵਾ ਕੇਂਦਰਾਂ ਵਿੱਚ ਸੀਨੀਅਰ ਸਿਟੀਜਨਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਨਾ ਲਾਜ਼ਮੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਬਿਰਧ ਆਸ਼ਰਮਾਂ ਵਿੱਚ ਰਹਿ ਰਹੇ ਬਜ਼ੁਰਗਾਂ ਦਾ ਹਰ ਮਹੀਨੇ ਚੈਕਅਪ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਦੌਰਾਨ ਪੁਲਿਸ ਵਿਭਾਗ ਵੱਲੋਂ ਜ਼ਿਲ੍ਹੇ ਅਧੀਨ ਆਉਂਦੇ ਬੇਸਹਾਰਾ/ਇਕੱਲੇ ਰਹਿ ਰਹੇ ਬਜ਼ੁਰਗਾਂ ਦੀ ਇੱਕ ਲਿਸਟ ਵੀ ਦਿੱਤੀ ਗਈ ਅਤੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਉਨ੍ਹਾਂ ਬਜ਼ੁਰਗਾਂ ਨਾਲ ਨਿਯਮਿਤ ਤੌਰ ਤੇ ਤਾਲਮੇਲ ਰੱਖਿਆ ਜਾਵੇ ਅਤੇ ਸਮੇਂ-ਸਮੇਂ ਤੇ ਉਨ੍ਹਾਂ ਦਾ ਹੈਲਥ ਚੈਕ ਅੱਪ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਇਕੱਲੇ ਰਹਿ ਰਹੇ ਬਜ਼ੁਰਗਾਂ ਦੀ ਤਿਆਰ ਕੀਤੀ ਗਈ ਲਿਸਟ ਦੀ ਕਾਪੀ ਸਿਵਲ ਸਰਜਨ, ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਨੂੰ ਮੁਹੱਈਆ ਕਰਨੀ ਯਕੀਨੀ ਬਣਾਈ ਜਾਵੇ।

ਇਸ ਮੌਕੇ ਉਨ੍ਹਾਂ ਪੁਲਿਸ ਵਿਭਾਗ ਨੂੰ ਥਾਣਾ ਪੱਧਰ ਤੇ ਗਠਿਤ ਕੀਤੀਆਂ ਗਈਆਂ ਕਮੇਟੀਆਂ ਵੱਲੋਂ ਕੀਤੀ ਗਈ ਕਾਰਵਾਈ ਸਬੰਧੀ ਮਹੀਨੇ ਦੀ ਹਰ 7 ਤਾਰੀਖ ਨੂੰ ਪ੍ਰੋਫਾਰਮੇ ਅਨੁਸਾਰ ਰਿਪੋਰਟ ਭੇਜਣ ਲਈ ਅਤੇ ਰਿਕਾਰਡ ਮੇਨਟੇਨ ਕਰਨ ਦੀ ਵੀ ਹਦਾਇਤ ਕੀਤੀ।

ਮੀਟਿੰਗ ਦੌਰਾਨ ਪੁਲਿਸ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਪੁਲਿਸ ਵਿਭਾਗ ਵੱਲੋਂ ਸਮੂਹ ਮੁੱਖ ਅਫਸਰਜ਼ (ਥਾਣਾ) ਜ਼ਿਲ੍ਹਾ ਬਠਿੰਡਾ ਥਾਣਾ ਪੱਧਰ ਤੇ ਮਾਤਾ ਪਿਤਾ ਅਤੇ ਬਜ਼ੁਰਗ ਨਾਗਰਿਕਾਂ ਦੀ ਦੇਖਭਾਲ ਅਤੇ ਭਲਾਈ ਸਬੰਧੀ ਕਮੇਟੀਆਂ ਦਾ ਕਠਨ ਕਰ ਦਿੱਤਾ ਗਿਆ ਹੈ।

ਇਸ ਮੌਕੇ ਡੀਐਸਪੀ ਵੀਰਪਾਲ ਕੌਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਪੰਕਜ ਕੁਮਾਰ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸੀਨੀਅਰ ਸਿਟੀਜਨ ਬਜ਼ੁਰਗ ਹਾਜ਼ਰ ਸਨ।

# ਪਰਾਲੀ ਪ੍ਰਬੰਧਨ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ

**ਬਠਿੰਡਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਰਾਲੀ ਪ੍ਰਬੰਧਨ ਸੰਬੰਧੀ ਪਿੰਡ ਮੰਡੀ ਕਲਾਂ ਬਲਾਕ ਮੌੜ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਉਣਾ ਸੀ।ਇਸ ਮੌਕੇ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ ਨੇ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜਮੀਨ ਦੀ ਉਪਜਾਊ ਸ਼ਕਤੀ ਵੱਧਦੀ ਹੈ ਅਤੇ ਮਾੜੇ ਪਾਣੀ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਹੈ।ਡਾ. ਪ੍ਰਿਤਪਾਲ ਸਿੰਘ, (ਜ਼ਿਲ੍ਹਾ ਪਸਾਰ ਮਾਹਿਰ), ਫਾਰਮ ਸਲਾਹਕਾਰ ਸੇਵਾ ਕੇਂਦਰ, ਬਠਿੰਡਾ ਨੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਕਿ ਪਰਾਲੀ ਨੂੰ ਲਗਾਤਾਰ 3-4 ਸਾਲ ਖੇਤ ਵਿੱਚ ਮਿਲਾਉਣ ਨਾਲ ਜ਼ਮੀਨ ਵਿਚ ਮੱਲੜ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਖੇਤ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੁੰਦਾ ਹੈ।

ਉਹਨਾਂ ਨੇ ਕਿਸਾਨਾਂ ਨੂੰ ਸਰਫੇਸ ਸੀਡਰ ਤਕਨਾਲੌਜੀ ਬਾਰੇ ਵੀ ਵਿਸਥਾਰਪੂਰਵਕ ਦੱਸਿਆ।ਇਸ ਮੌਕੇ ਡਾ. ਗੁਰਮੀਤ ਸਿੰਘ ਢਿੱਲੋਂ (ਪ੍ਰੋਫੈਸਰ ਪਸਾਰ ਸਿੱਖਿਆ) ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮੁਹੱਈਆ ਕਰਵਾਈ ਜਾਣ ਵਾਲੀ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਦਾ ਪ੍ਰਬੰਧ ਕਰ ਸਕਦੇ ਹਨ ਅਤੇ ਵਾਤਾਵਰਨ ਨੂੰ ਸਾਫ-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।ਡਾ. ਤੇਜਬੀਰ ਸਿੰਘ ਬੁੱਟਰ (ਸਹਾਇਕ ਪ੍ਰੋਫੈਸਰ, ਭੂਮੀ ਵਿਗਿਆਨ) ਨੇ ਕਿਸਾਨਾਂ ਨਾਲ ਖੇਤਾਂ ਵਿੱਚ ਪਰਾਲੀ ਪ੍ਰਬੰਧਨ ਅਤੇ ਖਾਦਾਂ ਦੀ ਸਹੀ ਵਰਤੋਂ ਸੰਬੰਧੀ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ।

ਡਾ. ਨਵਨੀਤ ਕੌਰ (ਜ਼ਿਲ੍ਹਾ ਪਸਾਰ ਮਾਹਿਰ, ਫਸਲ ਵਿਗਿਆਨ) ਨੇ ਵੱਖ-ਵੱਖ ਢੰਗਾਂ ਨਾਲ ਖੇਤਾਂ ਵਿੱਚ ਪਰਾਲੀ ਸੰਭਾਲ ਤਕਨੀਕਾਂ ਜਿਵੇਂ ਕਿ ਹੈਪੀ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।ਇਸ ਮੌਕੇ ਕਿਸਾਨਾਂ ਨੂੰ ਸਬਜ਼ੀਆਂ ਦੀ ਕਿੱਟਾਂ ਅਤੇ ਕਿਤਾਬਾਂ ਮੁਹੱਈਆ ਕਰਵਾਈਆਂ ਗਈਆਂ।

ਇਸ ਪਿੰਡ ਪੱਧਰੀ ਕੈਂਪ ਵਿੱਚ ਲੱਗਭਗ 87 ਦੇ ਕਰੀਬ ਅਗਾਹਵਧੂ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਸ਼ਾਮਿਲ ਕਿਸਾਨਾਂ ਨੇ ਪਰਾਲੀ ਪ੍ਰਬੰਧ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦਾ ਪੂਰਾ ਸਾਥ ਦੇਣ ਦਾ ਭਰੋਸਾ ਦਿੱਤਾ।

# ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਪਿੰਡ ਸੋਹਲ ਬਲਾਕ ਧਾਰੀਵਾਲ ਵਿਖੇ ਲਗਾਇਆ ਗਿਆ ਵਿਸ਼ੇਸ਼ ਕੈਂਪ

**ਗੁਰਦਾਸਪੁਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਨੂੰ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਦੀਆਂ ਦਿੱਤੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਅੱਜ ਬਲਾਕ ਸੋਹਲ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ।

ਨਾਇਬ ਤਹਿਸੀਲਦਾਰ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਸ੍ਰੀ ਭਗਤ ਕਬੀਰ ਧਰਮਸਾਲਾ ਵਿਖੇ ਕੈਂਪ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਸਰਕਾਰ ਤੁਹਾਡੇ ਦੁਆਰ ਕੈਂਪਾਂ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਵਿਸ਼ੇਸ਼ ਸਟਾਲ ਲਗਾ ਕੇ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਗਿਆ।

ਇਸਦੇ ਨਾਲ ਹੀ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਰੂਰਲ ਏਰੀਆ ਅਤੇ ਬਾਰਡਰ ਏਰੀਆ ਸਰਟੀਫਿਕੇਟ, ਪੈਨਸ਼ਨ ਨਾਲ ਸਬੰਧਿਤ ਸੁਵਿਧਾਵਾਂ, ਸਿਹਤ ਵਿਭਾਗ ਨਾਲ ਸਬੰਧਿਤ ਸੁਵਿਧਾਵਾਂ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨਾਲ ਸਬੰਧਿਤ ਕੰਮ, ਮਨਰੇਗਾ ਨਾਲ ਸਬੰਧਿਤ ਕੰਮ, ਵਾਟਰ ਸਪਲਾਈ ਅਤੇ ਜਲ ਸਪਲਾਈ ਵਿਭਾਗ ਨਾਲ ਸਬੰਧਿਤ ਕੰਮ, ਅਧਾਰ ਕਾਰਡ ਸੁਵਿਧਾ ਦਾ ਮੌਕੇ 'ਤੇ ਲਾਭ ਦਿੱਤਾ ਗਿਆ। ਇਸ ਦੌਰਾਨ ਅਧਿਕਾਰੀਆਂ ਵੱਲੋਂ ਵੱਖ-ਵੱਖ ਵਿਭਾਗਾਂ ਵੱਲੋਂ ਲਗਾਏ ਗਏ ਕਾਊਂਟਰਾਂ ਦਾ ਦੌਰਾ ਵੀ ਕੀਤਾ ਗਿਆ।

# ਕੁਪੋਸ਼ਣ ਦਾ ਸਿਕਾਰ ਹੋਏ ਬੱਚੇ ਹੁੰਦੇ ਹਨ ਬੀਮਾਰੀਆਂ ਦੇ ਸਿਕਾਰ



**ਫਾਜ਼ਿਲਕਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੇਸ਼ ਦੀ ਵਾਂਗਡੋਰ ਸੰਭਾਲਣ ਵਾਲੀ ਨਵੀਂ ਪੀੜ੍ਹੀ ਲਗਾਤਾਰ ਕੁਪੋਸ਼ਣ ਦਾ ਸਿ ?ਕਾਰ ਹੋ ਰਹੀ ਹੈ ਅਤੇ ਬੱਚਿਆਂ ਨੂੰ ਕੁਪੋਸ਼ਣ ਤੋਂ ਬਚਾਉਣ ਲਈ ਸਮੇਂ ਸਿਰ ਭੋਜਣ ਕਰਨ ਦੇ ਨਾਲ—ਨਾਲ ਫਲ—ਫਰੂਟ ਹਰੀ ਸਬਜੀਆਂ ਅਤੇ ਮਾਂ ਦੇ ਹੱਥ ਦਾ ਬਣਿਆ ਖਾਣਾ ਦੇਣਾ ਸਮੇ ਦੀ ਮੁੱਖ ਲੋੜ ਹੈ ਤਾਂ ਹੀ ਦੇਸ਼ ਅਤੇ ਸਾਡੇ ਸਮਾਜ ਦੀ ਤਰੱਕੀ ਸੰਭਵ ਹੈ। ਡਾ ਏਰਿਕ ਕਾਰਜ਼ ਕਾਰੀ ਸਿਵਿਲ ਸਰਜਨ ਦੇ ਦਿਸ਼ਾ ਨਿਰਦੇਸ਼ਾ ਤੇ ਸਿਹਤ ਵਿਭਾਗ ਵਲੋ ਕੌਮੀ ਸੰਤੁਲਿਤ ਖੁਰਾਕ ਮਹੀਨਾ ਤਹਿਤ ਪਿੰਡਾਂ ਵਿੱਚ ਜਾਗਰੂਕ ਪ੍ਰੋਗ੍ਰਾਮ ਕੀਤੇ ਗਏ.

ਇਸ ਮੋਕੇ ਬੋਲਦਿਆਂ ਮਾਸ ਮੀਡੀਆ ਅਫਸਰ ਵਿਨੋਦ ਕੁਮਾਰ ਨੇ ਕਿਹਾ ਕਿ ਭਾਰਤ ਵਿੱਚ ਹਰ ਸਾਲ 74 ਲੱਖ ਬੱਚੇ ਘੱਟ ਵਜਣ ਵਾਲੇ ਪੈਦਾ ਹੁੰਦੇ ਹਨ ਜ਼ੋ ਕਿ ਵਿਕਾਸਸ਼ੀਲ ਦੇਸ਼ਾਂ ਵਿੱਚ ਪੈਦਾ ਹੋਣ ਵਾਲੇ ਘੱਟ ਵਜਨ ਵਾਲੇ ਬੱਚਿਆਂ ਦਾ 40 ਫੀਸਦੀ ਹਨ।ਇਹ ਆਕੜੇ ਸਾਹਮਣੇ ਆਉਣ ਦਾ ਮੁੱਖ ਕਾਰਨ ਸੰਤੁਲਿਤ ਭੋਜਣ ਦੀ ਘਾਟ ਹੈ ਸਿਹਤਮੰਦ ਸਮਾਜ ਦੀ ਸਿਰਜਣਾ ਹੋਣਾ ਅਤਿ ਜ਼ਰੂਰੀ ਹੈ ਅਤੇ ਅਜੋਕੀ ਭਜਦੋੜ ਵਾਲੀ ਜਿੰਦਗੀ ਵਿਚ ਮਾਪੇ ਆਪਣੇ ਬੱਚਿਆਂ ਨੂੰ ਸਹੀ ਸਮੇਂ *ਤੇ ਖੁਰਾਕ ਲੈਣ ਲਈ ਸੁਹਿਰਦ ਬਨਾਉਣ ਤਾਂ ਜੋ ਆਉਣ ਵਾਲੀ ਪੀੜ੍ਹੀ ਕੁਪੋਸ਼ਣ ਦਾ ਸਿ ?ਕਾਰ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਕਈ ਵਾਰ ਬੱਚੇ ਦਾ ਜਨਮ ਸਮੇਂ ਵਜ਼ਨ ਘੱਟ ਹੁੰਦਾ ਹੈ, ਪ੍ਰੰਤੂ ਬੱਚੇ ਦੀ ਤੰਦਰੁਸਤੀ ਨੂੰ ਬਰਕਰਾਰ ਰੱਖਣ ਲਈ ਉਸ ਦੀ ਉਮਰ ਦੇ ਮੁਤਾਬਿਕ ਵਜ਼ਨ ਵਧਣਾ ਅਤਿ ਜ਼ਰੂਰੀ ਹੈ ਤਾਂ ਜੋ ਬੱਚਾ ਕੁਪੋਸ਼ਣ ਦਾ ਸਿ ?ਕਾਰ ਹੋ ਕੇ ਬਿਮਾਰੀਆਂ ਦੇ ਘੇਰੇ ਵਿਚ ਨਾ ਆ ਸਕੇ।ਉਨ੍ਹਾਂ ਕਿਹਾ ਕਿ ਸਮੇਂ ਸਿਰ ਤੇ ਸਹੀ ਮਾਤਰਾ ਵਿਚ ਭੋਜ਼ਣ ਦੇ ਫਰੂਟ ਦਾ ਇਸਤੇਮਾਲ ਨਾ ਕਰਨ ਕਰਕੇ ਕੁਪੋਸ਼ਣ ਦਾ ਸਿ ?ਕਾਰ ਹੋਏ ਬੱਚੇ ਅਕਸਰ ਹੀ ਬਿਮਾਰੀਆਂ ਨਾਲ ਲਿਪਤ ਹੋ ਜਾਂਦੇ ਹਨ, ਜਿਸ ਕਰਕੇ ਉਨ੍ਹਾਂ ਦੀ ਬਿਮਾਰੀਆਂ ਨਾਲ ਲੜਣ ਦੀ ਸਮੱਰਥਾ ਘੱਟ ਜਾਂਦੀ ਹੈ ਤਾਂ ਉਹ ਦਵਾਈਆਂ ਲੈਣ ਲਈ ਮਜ਼ਬੂਰ ਹੁੰਦੇ ਹਨ। ਇਸ ਮੋਕੇ ਉਹਨਾਂ ਜਾਗਰੂਕ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਤੰਦਰੁਸਤ ਰਹਿਣ ਲਈ ਵਿਟਾਮਿਨ ਏ ਅਤੇ ਵਿਟਾਮਿਨ ਡੀ ਅਤਿ ਜ਼ਰੂਰੀ ਹੈ। ਇਸ ਮੌਕੇ ਬੋਲਦਿਆਂ ਗੀਟਾ ਕੁਮਾਰੀ ,ਏ.ਐਨ.ਐਮ ਅਤੇ ਜਿੰਨੀਆਂ , ਸੀ.ਐਚ.ਓ ਅਤੇ ਜਤਿੰਦਰ ਸਮਾਂ ਅਤੇ ਦੀਪਕ ਸ਼ਰਮਾ ਨੇ ਕਿਹਾ ਕਿ ਜੇਕਰ ਬੱਚਾ ਸਹੀ ਖੁਰਾਕ ਲਵੇਗਾ ਤਾਂ ਉਸ ਨੂੰ ਕਦੇ ਵੀ ਦਵਾਈਆਂ ਦੀ ਜ਼ਰੂਰਤ ਨਹੀਂ ਪਵੇਗੀ ਅਤੇ ਉਹ ਪੜ੍ਹਾਈ ਵਿਚ ਵੀ ਸਮੱਰਥ ਰਹੇਗਾ। ਉਨ੍ਹਾਂ ਕਿਹਾ ਕਿ ਅਕਸਰ ਹੀ ਕੁਪੋਸ਼ਣ ਦਾ ਸਿ ?ਕਾਰ ਬੱਚੇ ਆਪਣੇ ਹਮ—ਜਮਾਤੀਆਂ ਨਾਲੋਂ ਪਛੜ ਜਾਂਦੇ ਹਨ, ਜਿਸ ਦਾ ਸਿੱਧਾ ਕਾਰਣ ਉਨ੍ਹਾਂ ਦੇ ਅੰਦਰਲੀ ਕਮਜ਼ੋਰੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬੱਚੇ ਨੂੰ ਜਨਮ ਉਪਰੰਤ ਜਿਥੇ ਮਾਂ ਦਾ ਦੁੱਧ ਅੰਮ੍ਰਿਤ ਵਾਂਗ ਸਿੱਧ ਹੁੰਦਾ ਹੈ, ਉਸੀ ਤਰ੍ਹਾਂ ਉਮਰ ਵਧਣ ਦੇ ਨਾਲ—ਨਾਲ ਸਹੀ ਭੋਜਣ ਤੇ ਫਲ—ਫਰੂਟ, ਦੁੱਧ ਆਦਿ ਦਾ ਇਸਤੇਮਾਲ ਕਰਨਾ ਅਤਿ ਜ਼ਰੂਰੀ ਹੈ ਤਾਂ ਜੋ ਬੱਚੇ ਕਿਸੇ ਤਰ੍ਹਾਂ ਦੀ ਬਿਮਾਰੀ ਦੇ ਸਿ ?ਕਾਰ ਨਾ ਹੋ ਸਕੇ।

ਇਸ ਦੋਰਾਨ ਦਿਵੇਸ਼ ਕੁਮਾਰ ਮਾਸ ਮੀਡੀਆ ਬ੍ਰਾਂਚ ਵਲੋ ਲੋਕਾਂ ਨੂੰ ਹਫਤੇ ਬਾਅਦ ਰੋਜ਼ਾਨਾ ਦੀ ਡਾਈਟ ਬਾਰੇ ਜਾਣਕਾਰੀ ਰੱਖਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਤੋਂ ਉਚੇਰੀ ਸਿੱਖਿਆ ਲੈਣ ਆਏ ਬੱਚੇ ਕਿਤੇ ਕੁਪੋਸ਼ਣ ਦਾ ਸਿ ?ਕਾਰ ਹੋ ਕੇ ਆਪਣੇ ਹਾਣੀਆਂ ਤੋਂ ਵਿਹੂਣੇ ਨਾ ਰਹਿ ਜਾਣ। ਇਸ ਦੋਰਾਨ ਐਚਡੀਐਫਸੀ ਬੈਂਕ ਅਤੇ ਅੰਬੂਜਾ ਫਾਉਂਡੇਸ਼ਨ ਵਲੋ ਹਰਜੀਤ ਕੌਰ, ਗੁਰਪ੍ਰੀਤ ਸਿੰਘ ਜਤਿਨ, ਪੰਕਜ, ਪੂਜਾ, ਵੰਦਨਾ, ਸੁਨੀਲ, ਸਿਮਰ ਜੀਤ ਕੌਰ ਮੋਹਨ ਲਾਲ ਦੇ ਨਾਲ ਆਸ਼ਾ ਫੈਸਲੀਟੇਟਰ ਮਾਇਆ ਦੇਵੀ ਅਤੇ ਆਸ਼ਾ ਵਰਕਰ ਹਾਜਰ ਸੀ.

# ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਡਿਪਟੀ ਕਮਿਸ਼ਨਰ ,ਤਰਨਤਾਰਨ ਵਲੋਂ ਜ਼ਿਲੇ ਦੇ ਅਫਸਰਾਂ ਨਾਲ ਕੀਤੀ ਗਈ ਮੀਟਿੰਗ

**ਤਰਨ ਤਾਰਨ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲਾ ਤਰਨਤਾਰਨ ਵਿੱਚ ਝੋਨੇ ਅਤੇ ਬਾਸਮਤੀ ਦੀ ਕਟਾਈ ਆਉਣ ਵਾਲੇ ਕੁੱਝ ਹੀ ਸਮੇਂ ਵਿੱਚ ਸ਼ੁਰੂ ਹੋਣ ਜਾ ਰਹੀ ਹੈ ।ਇਸਲਈ ਜ਼ਿਲੇ ਵਿੱਚ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਮਾਣਯੋਗ ਡਿਪਟੀ ਕਮਿਸ਼ਨਰ ,ਤਰਨਤਾਰਨ ਸ਼੍ਰੀ ਸੰਦੀਪ ਕੁਮਾਰ ਆਈ.ਏ.ਐਸ ਵਲੋਂ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ । ਇਸ ਮੀਟਿੰਗ ਵਿੱਚ ਸਮੂਹ ਉਪ ਮੰਡਲ ਮੈਜਿਸਟ੍ਰੇਟ ,ਮੁੱਖ ਖੇਤੀਬਾੜੀ ਅਫਸਰ,ਬਲਾਕ ਖੇਤੀਬਾੜੀ ਅਫਸਰ ਪੱਟੀ ਅਤੇ ਭਿੱਖੀਵਿੰਡ, ਐਸ .ਡੀ.ਓ ,ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਹਾਜ਼ਰ ਸਨ ।



ਡਿਪਟੀ ਕਮਿਸ਼ਨਰ ,ਤਰਨਤਾਰਨ ਸ਼੍ਰੀ ਸੰਦੀਪ ਕੁਮਾਰ ਨੇ ਮੀਟਿੰਗ ਵਿੱਚ ਹਾਜ਼ਰ ਸਮੂਹ ਅਫਸਰ ਸਹਿਬਾਨ ਨੂੰ ਕਿਹਾ ਕਿ ਸਾਰਿਆਂ ਦੀ ਮਿਹਨਤ ਸਦਕਾ ਅਸੀ ਪਿਛਲੇ ਸਾਲ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘਟਾਉਣ ਵਿੱਚ ਕਾਮਯਾਬ ਹੋਏ ਹਾਂ ।ਇਸ ਸਾਲ ਝੋਨੇ ਦੀ ਕਟਾਈ ਤੋਂ ਬਾਦ ਐਕਸ ਸੀਟੂ ਮੈਂਨਜ਼ਮੈਂਟ ਤਕਨੀਕ ਜਿਵੇਂ ਕਿ ਬੇਲਰਾਂ ਰਾਂਹੀ ਵੱਧ ਤੋਂ ਵੱਧ ਪਰਾਲੀ ਦੀ ਸਾਂਭ-ਸਾਂਭਣ ਕੀਤੀ ਜਾਣੀ ਹੈ ।ਉਹਨਾਂ ਸਮੂਹ ਅਫਸਰ ਸਹਿਬਾਨ ਨੂੰ ਹਦਾਇਤ ਕੀਤੀ ਕਿ ਜ਼ਿਲਾ ਤਰਨ ਤਾਰਨ ਦੇ ਬੇਲਰ ਜ਼ਿਲੇ ਵਿੱਚ ਹੀ ਚੱਲਣਗੇ। ਇਸਲਈ ਵੱਧ ਤੋਂ ਵੱਧ ਕਿਸਾਨਾਂ ਦਾ ਸੰਪਰਕ ਬੇਲਰਾਂ ਮਾਲਕਾਂ ਨਾਲ ਕਰਵਾਇਆ ਜਾਵੇ ਅਤੇ ਉਹਨਾਂ ਹਦਾਇਤ ਕੀਤੀ ਕਿ ਜ਼ਿਲੇ ਵਿੱਚ ਸਭ ਤੋਂ ਪਹਿਲਾਂ ਸਬਜ਼ੀ ਬੈਲਟ ਵਿੱਚ ਝੋਨੇ ਦੀ ਕਟਾਈ ਹੋ ਜਾਂਦੀ ਹੈ ਇਸ ਲਈ ਇਸ ਬੈਲਟ ਵਿੱਚ ਬੇਲਰਾਂ ਦੀ ਉਪਲੱਬਧਤਾ ਤੁਰੰਤ ਯਕੀਨੀ ਬਣਾਈ ਜਾਵੇ ਤਾਂ ਜੋ ਪਰਾਲੀ ਦੀਆਂ ਮੁਢਲੀਆਂ ਅੱਗ ਲੱਗਣ ਦੀਆਂ ਘਟਨਾਵਾਂ ਤੇ ਕਾਬੂ ਪਾਇਆ ਜਾ ਸੱਕੇ ।

ਉਹਨਾਂ ਕਿਸਾਨਾਂ ਭਰਾਵਾਂ ਨੂੰ ਵੀ ਅਪੀਲ ਕਰਦੇ ਹੋਏ ਕਿਹਾ ਕਿ ਕਿਸਾਨ ਆਪ ਵੀ ਬੇਲਰ ਮਾਲਕਾਂ ਨਾਲ ਸੰਪਰਕ ਕਰਕੇ ਪਰਾਲੀ ਦੀ ਸਾਂਭ -ਸੰਭਾਲ ਕਰਨ ।ਉਹਨਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਵਿਰੁੱਧ ਕਾਰਵਾਈ ਕਰਦੇ ਹੋਏ ਜੁਰਮਾਨੇ, ਐਫ.ਆਈ .ਆਰ ਅਤੇ ਲਾਲ ਇੰਦਰਾਜ਼ ਕੀਤੇ ਜਾਣਗੇ ।

# ਜਲਦ ਨਿਪਟਾਰੇ ਦਾ ਵੀ ਦਿੱਤਾ ਭਰੋਸਾ

**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵੱਲੋਂ ਅੱਜ ਸਥਾਨਕ ਹੋਟਲ ਗ੍ਰੀਨ ਵਿਖੇ ਵੱਖ-ਵੱਖ ਹੋਟਲ ਮਾਲਕਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ।ਮੀਟਿੰਗ ਦੌਰਾਨ ਵਿਧਾਇਕ ਬੱਗਾ ਵੱਲੋਂ ਹੋਟਲ ਮਾਲਕਾਂ ਦੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰੇ ਕੀਤੇ ਗਏ ਅਤੇ ਜਲਦ ਨਿਪਟਾਰੇ ਦਾ ਵੀ ਭਰੋਸਾ ਦਿੱਤਾ।

ਵਿਧਾਇਕ ਬੱਗਾ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀ ਵਰਗ ਦੀ ਭਲਾਈ ਨੂੰ ਮੁੱਖ ਤਰਜੀਹ ਦੇ ਰਹੀ ਹੈ ਅਤੇ ਹੋਟਲ ਉਦਯੋਗ ਨੂੰ ਪ੍ਰਫੁੱਲਿਤ ਕਰਨ ਲਈ ਹਰ ਸੰਭਵ ਸਹਿਯੋਗ ਕੀਤਾ ਜਾਵੇਗਾ।

# ਜੰਡਵਾਲਾ ਹਨੂਵੰਤਾ ਵਿਚ ਛੱਪੜ ਦੇ ਪਾਣੀ ਦੀ ਨਿਕਾਸੀ ਲਈ ਪੰਪ ਠੀਕ ਕਰਵਾਉਣ ਦੇ ਨਿਰਦੇਸ਼ ਜਾਰੀ

**ਅਬੋਹਰ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਜੰਡਵਾਲਾ ਹਨੂਵੰਤਾ ਦੇ ਛੱਪੜ ਦੇ ਓਵਰਫਲੋਅ ਹੋਣ ਸਬੰਧੀ ਮੀਡੀਆ ਦੇ ਇੱਕ ਹਿੱਸੇ ਵਿਚ ਛਪੀ ਖ਼ਬਰ ਸਬੰਧੀ ਖੂਈਆਂ ਸਰਵਰ ਬਲਾਕ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਗਗਨਦੀਪ ਕੌਰ ਨੇ ਕਿਹਾ ਕਿ ਛੱਪੜ ਤੋਂ ਪਾਣੀ ਦੀ ਨਿਕਾਸੀ ਲਈ ਲਗਾਈ ਗਈ ਮੋਟਰ ਦੇ ਖਰਾਬ ਹੋ ਜਾਣ ਕਾਰਨ ਇਹ ਦਿੱਕਤ ਆਈ ਹੈ ਅਤੇ ਵਿਭਾਗ ਨੇ ਇਸ ਨੂੰ ਤਰੰਤ ਠੀਕ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ।

ਉਨ੍ਹਾਂ ਨੇ ਕਿਹਾ ਕਿ ਜਲਦ ਹੀ ਛੱਪੜ ਵਿਚੋਂ ਪਾਣੀ ਦੀ ਨਿਕਾਸੀ ਕਰਵਾ ਦਿੱਤੀ ਜਾਵੇਗੀ ।

# ਕੋਠੀ 'ਚ ਕੰਮ ਕਰਦੀ ਲੜਕੀ ਦੀ ਸ਼ੱਕੀ ਹਾਲਤ 'ਚ ਮੌਤ




**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੀ ਪੱਖੋਵਾਲ ਰੋਡ 'ਤੇ ਇੱਕ ਕੋਠੀ 'ਚ ਕੰਮ ਕਰਨ ਵਾਲੀ ਲੜਕੀ ਦੀ ਬੁੱਧਵਾਰ ਸਵੇਰੇ ਸ਼ੱਕੀ ਹਾਲਤ 'ਚ ਮੌਤ ਹੋ ਗਈ। ਘਟਨਾ ਦਾ ਪਤਾ ਲੱਗਦਿਆਂ ਹੀ ਲੜਕੀ ਦੇ ਪਰਿਵਾਰ ਵਾਲੇ ਉੱਥੇ ਪਹੁੰਚ ਗਏ। ਪਰਿਵਾਰਕ ਮੈਂਬਰਾਂ ਨੇ ਮਕਾਨ ਮਾਲਕ 'ਤੇ ਕਈ ਕਿਸਮ ਦੇ ਦੋਸ਼ ਲਾ ਕੇ ਹੰਗਾਮਾ ਕਰ ਦਿੱਤਾ। ਪੁਲੀਸ ਨੇ ਪਰਿਵਾਰ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਹੀਂ ਸਮਝੇ ਅਤੇ ਸਰਕਟ ਹਾਊਸ ਨੇੜੇ ਫਿਰੋਜ਼ਪੁਰ ਰੋਡ 'ਤੇ ਜਾਮ ਲਾ ਦਿੱਤਾ।

ਪ੍ਰਦਰਸ਼ਨ ਦੌਰਾਨ ਪੀੜਤ ਪਰਿਵਾਰ ਅਤੇ ਉਨ੍ਹਾਂ ਦੇ ਸਾਥੀਆਂ ਨੇ ਪੁਲੀਸ ਮੁਲਾਜ਼ਮਾਂ ਨਾਲ ਹੱਥੋਪਾਈ ਵੀ ਕੀਤੀ। ਕੁਝ ਲੋਕਾਂ ਨੇ ਪੁਲੀਸ 'ਤੇ ਪਥਰਾਅ ਵੀ ਕੀਤਾ, ਜਿਸ ਤੋਂ ਬਾਅਦ ਪੁਲੀਸ ਨੇ ਹਲਕਾ ਲਾਠੀਚਾਰਜ ਕੀਤਾ ਤੇ ਉੱਥੋਂ ਸਾਰਿਆਂ ਨੂੰ ਭਜਾ ਦਿੱਤਾ ਜਦਕਿ ਕਈ ਨੌਜਵਾਨਾਂ ਨੂੰ ਹਿਰਾਸਤ 'ਚ ਲੈ ਲਿਆ ਜਿਸ ਤੋਂ ਬਾਅਦ ਪੁਲੀਸ ਨੇ ਰਸਤਾ ਸਾਫ਼ ਕਰ ਦਿੱਤਾ। ਥਾਣਾ ਡਿਵੀਜ਼ਨ 5 ਦੀ ਪੁਲੀਸ ਨੇ ਲਾਸ਼ ਪੋਸਟਮਾਰਟਮ ਲਈ ਭੇਜ ਦਿੱਤੀ ਹੈ।

ਜਾਣਕਾਰੀ ਮੁਤਾਬਕ ਸ਼ਹਿਰ ਦੀ ਇੱਕ ਧਾਰਮਿਕ ਸੰਸਥਾ 'ਚ ਬਤੌਰ ਅਹੁਦੇਦਾਰ ਸੇਵਾ ਨਿਭਾਅ ਰਹੇ ਮਨੀਸ਼ ਕੁਮਾਰ ਦੀ ਪੱਖੋਵਾਲ ਰੋਡ 'ਤੇ ਕੋਠੀ ਹੈ ਅਤੇ ਲੜਕੀ ਉੱਥੇ ਕੰਮ ਕਰਦੀ ਸੀ। ਘਰ ਦੀ ਸਫ਼ਾਈ ਅਤੇ ਘਰੇਲੂ ਕੰਮ ਕਰਨ ਤੋਂ ਬਾਅਦ ਲੜਕੀ ਉੱਥੇ ਬਣੇ ਇੱਕ ਕਮਰੇ ਵਿੱਚ ਰਹਿੰਦੀ ਸੀ। ਹਰ ਰੋਜ਼ ਉਹ ਸਵੇਰੇ-ਸਵੇਰੇ ਕਮਰੇ ਤੋਂ ਬਾਹਰ ਆ ਜਾਂਦੀ ਸੀ, ਪਰ ਬੁੱਧਵਾਰ ਸਵੇਰੇ ਉਹ ਬਾਹਰ ਨਹੀਂ ਆਈ ਤਾਂ ਮਨੀਸ਼ ਦੀ ਪਤਨੀ ਉਸ ਨੂੰ ਬੁਲਾਉਣ ਲਈ ਗਈ ਪਰ ਅੰਦਰੋਂ ਬੰਦ ਹੋਣ ਕਾਰਨ ਦਰਵਾਜ਼ਾ ਨਹੀਂ ਖੋਲ੍ਹਿਆ ਗਿਆ ਜਿਸ ਤੋਂ ਬਾਅਦ ਉਨ੍ਹਾਂ ਪੁਲੀਸ ਨੂੰ ਸੂਚਨਾ ਦਿੱਤੀ ਅਤੇ ਆਸ-ਪਾਸ ਦੇ ਲੋਕਾਂ ਨੂੰ ਇਕੱਠਾ ਕੀਤਾ। ਪਰਿਵਾਰਕ ਮੈਂਬਰਾਂ ਨੇ ਜਦੋਂ ਪੁਲੀਸ ਦੀ ਹਾਜ਼ਰੀ ਵਿੱਚ ਦਰਵਾਜ਼ੇ ਦਾ ਤਾਲਾ ਤੋੜਿਆ ਤਾਂ ਅੰਦਰ ਲੜਕੀ ਦੀ ਲਾਸ਼ ਲਟਕ ਰਹੀ ਸੀ ਜਿਸ ਤੋਂ ਬਾਅਦ ਲੜਕੀ ਦੇ ਪਰਿਵਾਰ ਵਾਲਿਆਂ ਨੂੰ ਸੂਚਿਤ ਕੀਤਾ ਗਿਆ।

ਮੌਕੇ 'ਤੇ ਪਹੁੰਚ ਕੇ ਉਨ੍ਹਾਂ ਨੇ ਕੋਠੀ ਦੇ ਮਾਲਕ 'ਤੇ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ। ਹਾਲਾਂਕਿ ਮਨੀਸ਼ ਕੁਮਾਰ ਨੇ ਕਿਹਾ ਕਿ ਉਹ ਲੜਕੀ ਨੂੰ ਬੇਟੀ ਦੀ ਤਰ੍ਹਾਂ ਰੱਖਦੇ ਸਨ, ਪਰ ਲੜਕੀ ਦੇ ਪਰਿਵਾਰਕ ਮੈਂਬਰਾਂ ਨੇ ਕਈ ਤਰ੍ਹਾਂ ਦੇ ਦੋਸ਼ ਲਾਏ ਅਤੇ ਹੰਗਾਮਾ ਸ਼ੁਰੂ ਕਰ ਦਿੱਤਾ। ਕਿਸੇ ਤਰ੍ਹਾਂ ਪੁਲੀਸ ਨੇ ਉਨ੍ਹਾਂ ਨੂੰ ਸਮਝਾਇਆ, ਪਰ ਉਨ੍ਹਾਂ ਨੇ ਸੜਕ ਜਾਮ ਕਰ ਦਿੱਤੀ। ਇਸ ਦੌਰਾਨ ਪੁਲੀਸ ਮੁਲਾਜ਼ਮਾਂ ਤੇ ਅਧਿਕਾਰੀਆਂ ਨਾਲ ਹੱਥੋਪਾਈ ਵੀ ਹੋਈ। ਕਈ ਪੁਲੀਸ ਅਧਿਕਾਰੀਆਂ ਨੂੰ ਧੱਕੇ ਮਾਰਨ ਦੇ ਨਾਲ ਹੀ ਪਥਰਾਅ ਸ਼ੁਰੂ ਕਰ ਦਿੱਤਾ ਗਿਆ ਤਾਂ ਪੁਲੀਸ ਨੇ ਸਾਰਿਆਂ ਨੂੰ ਉੱਥੋਂ ਭਜਾ ਦਿੱਤਾ ਅਤੇ ਕਈ ਨੌਜਵਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ।

ਏਸੀਪੀ ਜਤਿਨ ਬਾਂਸਲ ਨੇ ਦੱਸਿਆ ਕਿ ਪਰਿਵਾਰ ਨੂੰ ਭਰੋਸਾ ਦਿਵਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਕਿ ਪੁਲੀਸ ਮਾਮਲੇ ਦੀ ਨਿਰਪੱਖ ਜਾਂਚ ਕਰੇਗੀ, ਪਰ ਪਰਿਵਾਰ ਵਾਲਿਆਂ ਨੇ ਵਿਰੋਧ ਕੀਤਾ। ਉਨ੍ਹਾਂ ਦੱਸਿਆ ਕਿ ਲਾਸ਼ ਪੋਸਟਮਾਰਟਮ ਲਈ ਭੇਜ ਦਿੱਤੀ ਗਈ ਹੈ। ਪੋਸਟਮਾਰਟਮ ਦੀ ਰਿਪੋਰਟ ਆਉਣ 'ਤੇ ਅਗਲੀ ਕਾਰਵਾਈ ਯਕੀਨੀ ਤੌਰ 'ਤੇ ਕੀਤੀ ਜਾਵੇਗੀ। ਲੜਕੀ ਨੇ ਖ਼ੁਦਕੁਸ਼ੀ ਕਿਉਂ ਕੀਤੀ, ਇਸ ਬਾਰੇ ਵੀ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਲੜਕੀ ਦਾ ਫੋਨ ਵੀ ਚੈੱਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਜਲਦੀ ਹੀ ਸਾਰਾ ਮਾਮਲਾ ਸਾਫ਼ ਹੋ ਜਾਵੇਗਾ।

# ਸਰਹਿੰਦ-ਫਤਹਿਗੜ੍ਹ ਸਾਹਿਬ ਵਿਖੇ ਖੜ੍ਹੇ ਮੀਂਹ ਦੇ ਪਾਣੀ ਦੀ ਨਗਰ ਕੌਂਸਲ ਨੇ ਫੌਰੀ ਨਿਕਾਸੀ ਕਰਵਾਈ

**ਫ਼ਤਹਿਗੜ੍ਹ ਸਾਹਿਬ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੀਂਹ ਕਾਰਨ ਸਰਹਿੰਦ - ਫਤਹਿਗੜ੍ਹ ਸਾਹਿਬ ਵਿਖੇ ਵੱਖੋ ਵੱਖ ਥਾਂ ਖੜ੍ਹੇ ਪਾਣੀ ਦੀ ਨਗਰ ਕੌਂਸਲ ਸਰਹਿੰਦ ਦੀ ਟੀਮ ਵੱਲੋਂ ਫੌਰੀ ਨਿਕਾਸੀ ਕਰਵਾ ਕੇ ਲੋਕਾਂ ਨੂੰ ਮੁਸ਼ਕਲਾਂ ਤੋਂ ਨਿਜਾਤ ਦਿਵਾਈ ਗਈ।



ਇਹ ਜਾਣਕਾਰੀ ਦਿੰਦੀਆਂ ਕਾਰਜਸਾਧਕ ਅਫਸਰ ਸਰਹਿੰਦ (ਵਾਧੂ ਚਾਰਜ) ਸ. ਬਲਜਿੰਦਰ ਸਿੰਘ ਨੇ ਦੱਸਿਆ ਕਿ ਜਿਵੇਂ ਹੀ ਭਾਰੀ ਬਰਸਾਤ ਕਾਰਨ ਪਾਣੀ ਖੜ੍ਹਾ ਹੋਣ ਦੀਆਂ ਰਿਪੋਰਟਾਂ ਮਿਲੀਆਂ ਨਗਰ ਕੌਂਸਲ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਫੌਰੀ ਹਰਕਤ ਵਿੱਚ ਆ ਕੇ ਪਾਣੀ ਦੀ ਨਿਕਾਸੀ ਕਰਵਾਈ।

ਇਸ ਮੌਕੇ ਸੈਨੇਟਰੀ ਇੰਸਪੈਕਟਰ ਸ਼੍ਰੀ ਮਨੋਜ ਕੁਮਾਰ ਨੇ ਦੱਸਿਆ ਕਿ ਉਹਨਾਂ ਨੇ ਆਪਣੀਆਂ ਨਿਗਰਾਨੀ ਵਿੱਚ ਸਕਸ਼ਨ ਮਸ਼ੀਨਾਂ ਦੀ ਵਰਤੋਂ ਨਾਲ ਪਾਣੀ ਦੀ ਬੇਰੋਕ ਨਿਕਾਸੀ ਯਕੀਨੀ ਬਣਾਈ। ਉਹਨਾਂ ਕਿਹਾ ਕਿ ਇਸ ਦੌਰਾਨ ਸੁਪਰਵਾਈਜ਼ਰ ਸ਼੍ਰੀ ਗੋਲਡੀ ਨੇ ਬਹੁਤ ਹੀ ਮਿਹਨਤ ਨਾਲ ਕੰਮ ਕੀਤਾ ਤੇ ਕੁਝ ਹੀ ਸਮੇਂ ਵਿੱਚ ਪਾਣੀ ਖੜ੍ਹੇ ਹੋਣ ਦੀ ਦਿੱਕਤ ਦੂਰ ਕਰ ਦਿੱਤੀ ਗਈ। ਉਹਨਾਂ ਕਿਹਾ ਕਿ ਇਹ ਗੱਲ ਯਕੀਨੀ ਬਣਾਈ ਜਾ ਰਹੀ ਹੈ ਕਿ ਅੱਗੇ ਅਜਿਹੀ ਦਿੱਕਤ ਨਾ ਆਵੇ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਫੇਰ ਵੀ ਕੋਈ ਦਿੱਕਤ ਆਉਂਦੀ ਹੈ ਤਾਂ ਫੌਰੀ ਨਗਰ ਕੌਂਸਲ ਨਾਲ ਸੰਪਰਕ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਨਾਗਰਿਕ ਘਰਾਂ 'ਚੋਂ ਕੂੜਾ ਲੈਣ ਆਉਣ ਵਾਲੇ ਸਫਾਈ ਸੇਵਕਾਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ ਵੱਖ ਕਰਕੇ ਦੇਣ। ਗਲੀਆਂ ਦੀਆਂ ਨਾਲੀਆਂ ਵਿੱਚ ਪਲਾਸਟਿਕ ਦੇ ਲਿਫਾਫੇ ਤੇ ਕੂੜਾ ਕਰਕਟ ਸੁੱਟਣ ਤੋਂ ਗਰੇਜ ਕਰਨ ਕਿਉਂਕਿ ਇਹ ਲਿਫਾਫੇ ਸੀਵਰੇਜ ਪਾਈਪਾਂ ਵਿੱਚ ਫਸ ਕੇ ਪਾਣੀ ਦੀ ਨਿਕਾਸੀ ਵਿੱਚ ਰੋੜਾ ਬਣਦੇ ਹਨ, ਜਿਸ ਕਾਰਨ ਬਰਸਾਤੀ ਪਾਣੀ ਗਲੀਆਂ ਵਿੱਚ ਖੜ੍ਹਾ ਹੋ ਜਾਂਦਾ ਹੈ।ਉਹਨਾਂ ਇਹ ਵੀ ਅਪੀਲ ਕੀਤੀ ਕਿ ਸ਼ਹਿਰ ਵਾਸੀ ਸਫਾਈ ਸੇਵਕਾਂ ਨੂੰ ਬਰਸਾਤੀ ਮੌਸਮ ਵਿੱਚ ਪੂਰਨ ਸਹਿਯੋਗ ਦੇਣ।

# ਮਸਲੇ ਹੱਲ ਕਰਵਾਉਣ ਲਈ ਡਟੇ ਬਿਜਲੀ ਮੁਲਾਜ਼ਮ

**ਬਠਿੰਡਾ 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀਐਸਪੀਸੀਐਲ ਸਰਕਲ ਬਠਿੰਡਾ ਦੇ ਸੈਂਕੜੇ ਬਿਜਲੀ ਕਾਮਿਆਂ ਨੇ ਅੱਜ ਸਮੂਹਿਕ ਛੁੱਟੀ ਕਰ ਕੇ ਰੈਲੀ ਕੀਤੀ। ਦੂਜੇ ਦਿਨ ਦੇ ਧਰਨੇ ਵਿੱਚ ਸ਼ਾਮਲ ਮੁਲਾਜ਼ਮਾਂ ਤੇ ਬੁਲਾਰਿਆਂ ਨੇ ਰੋਸ ਜ਼ਾਹਰ ਕੀਤਾ। ਮੁਲਾਜ਼ਮਾਂ ਦੀ ਹੜਤਾਲ ਕਾਰਨ 66 ਕੇਵੀ ਬਿਜਲੀ ਲਾਈਨਾਂ ਬੰਦ ਹੋਣ ਨਾਲ ਬਹੁਤ ਸਾਰੇ ਪਿੰਡਾਂ ਤੇ ਸ਼ਹਿਰਾਂ ਦੀ ਸਪਲਾਈ ਪ੍ਰਭਾਵਿਤ ਹੋਈ। ਗੌਰਤਲਬ ਹੈ ਕਿ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਹੜਤਾਲੀ ਕਾਮਿਆਂ ਨੂੰ ਐਸਮਾ ਕਾਨੂੰਨ ਦੀ ਜ਼ਦ 'ਚ ਲਿਆਉਣ ਦੀ ਗੱਲ ਕਹੀ ਗਈ ਸੀ। ਮੁਲਾਜ਼ਮਾਂ ਨੇ ਮੰਗ ਕੀਤੀ ਕਿ ਬਿਜਲੀ ਬੋਰਡ ਦਾ ਨਿਗਮੀਕਰਨ ਤੇ ਨਿੱਜੀਕਰਨ ਰੱਦ ਕੀਤਾ ਜਾਵੇ। 2004 ਤੋਂ ਬਾਅਦ ਲੱਗੇ ਮੁਲਾਜ਼ਮਾਂ ਨੂੰ ਓਪੀਐਸ ਸਕੀਮ ਤਹਿਤ ਪੈਨਸ਼ਨ ਦਿੱਤੀ ਜਾਵੇ, ਛੇਵਾਂ ਪੇਅ ਕਮਿਸ਼ਨ ਸਾਰੇ ਮੁਲਾਜ਼ਮਾਂ ਉੱਤੇ ਲਾਗੂ ਕੀਤਾ ਜਾਵੇ, ਡਿਸਮਿਸ ਕੀਤੇ ਆਗੂਆਂ ਨੂੰ ਬਹਾਲ ਕੀਤਾ ਜਾਵੇ, ਡੀਏ ਵਿੱਚ ਵਾਧਾ ਕਰਕੇ 50 ਪ੍ਰਤੀਸ਼ਤ ਕੀਤਾ ਜਾਵੇ ਅਤੇ 1 ਜਨਵਰੀ 2016 ਤੋਂ ਪੇਅ ਸਕੇਲਾਂ ਦਾ ਬਕਾਇਆ ਤੁਰੰਤ ਰਿਲੀਜ਼ ਕੀਤਾ ਜਾਵੇ ਤੇ ਹੋਰ ਮੰਗਾਂ ਮੰਨੀਆਂ ਜਾਣ।

ਸ੍ਰੀ ਮੁਕਤਸਰ ਸਾਹਿਬ (ਗੁਰਸੇਵਕ ਸਿੰਘ ਪ੍ਰੀਤ): ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੱਦੇ 'ਤੇ ਸ੍ਰੀ ਮੁਕਤਸਰ ਸਾਹਿਬ, ਫੱਤਣਵਾਲਾ, ਰੁਪਾਣਾ, ਬਰੀਵਾਲਾ, ਲੁਬਾਣਿਆਂਵਾਲੀ ਅਤੇ ਲੱਖੇਵਾਲੀ ਮੰਡਲ ਦਫਤਰ ਅਤੇ ਹਲਕਾ ਦਫਤਰਾਂ 'ਚ ਕੰਮ ਮੁਕੰਮਲ ਰੂਪ 'ਚ ਬੰਦ ਰਿਹਾ। ਇਸ ਦੌਰਾਨ ਕੋਈ ਵੀ ਕੈਸ਼ ਕਾਊਂਟਰ ਖੋਲ੍ਹਿਆ ਨਹੀਂ ਗਿਆ। ਮੁਲਾਜ਼ਮਾਂ ਨੇ ਸਰਕਾਰ ਅਤੇ ਬਿਜਲੀ ਕਾਰਪੋਰੇਸ਼ਨਾਂ ਖਿਲਾਫ ਰੋਸ ਭਰੀ ਨਾਅਰੇਬਾਜ਼ੀ ਕੀਤੀ।

ਪ ਪੀ ਐ ਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ,ਬਿਜਲੀ ਮੁਲਾਜ਼ਮ ਏਕਤਾ ਮੰਚ, ਐਸੋਸੀਏਸ਼ਨ ਆਫ ਜੇ.ਈ. ਅਤੇ ਟੀ ਐਸ ਯੂ ਭੰਗਲ ਪੰਜਾਬ ਦੇ ਸੱਦੇ ਉਤੇ ਬਿਜਲੀ ਮੁਲਾਜ਼ਮਾਂ ਵੱਲੋਂ ਪ੍ਰਦਰਸ਼ਨ ਕੀਤਾ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਰਜਨੀਸ਼ ਮੱਕੜ, ਦਰਸ਼ਨ ਸਿੰਘ, ਦਲਜੀਤ ਸਿੰਘ, ਪ੍ਰਮੋਦ ਕੁਮਾਰ, ਅਕਾਸ਼ਦੀਪ ਸਿੰਘ, ਵਿਸ਼ਾਲ ਕੁਮਾਰ, ਜਗਜੀਤ ਸਿੰਘ ਨੇ ਸੰਬੋਧਨ ਕੀਤਾ।

ਇੱਥੇ ਬਿਜਲੀ ਕਾਮਿਆਂ ਸਮੂਹਿਕ ਛੁੱਟੀ ਲੈ ਕੇ ਰੋਸ ਰੈਲੀ ਕੀਤੀ ਜਿਸ ਦੀ ਪ੍ਰਧਾਨਗੀ ਬਰਨਾਲਾ ਸੰਘਰਸ਼ ਕਮੇਟੀ ਦੇ ਕਨਵੀਨਰ ਸਤਿੰਦਰ ਪਾਲ ਸਿੰਘ ਜੱਸੜ ਨੇ ਕੀਤੀ। ਬੁਲਾਰਿਆਂ ਉੱਚ ਪੱਧਰੀ ਮੀਟਿੰਗਾਂ ਵਿੱਚ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ। ਧਰਨੇ ਨੂੰ ਇੰਜ. ਸੁਖਵਿੰਦਰ ਸਿੰਘ ਸੰਘੇੜਾ, ਕੁਲਵਿੰਦਰ ਸਿੰਘ, ਅਮਰਜੀਤ ਸਿੰਘ, ਸਤਨਾਮ ਸਿੰਘ, ਦੀਪਕ ਸ਼ਰਮਾਂ, ਭੋਲਾ ਸਿੰਘ ਗੁੰਮਟੀ ਨੇ ਸੰਬੋਧਨ ਕੀਤਾ।

# ਵਿਧਾਇਕ ਗੁਰਪ੍ਰੀਤ ਗੋਗੀ ਵੱਲੋਂ ਪੁਲ ਦਾ ਨਿਰੀਖਣ

**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੱਖਣੀ ਬਾਈਪਾਸ 'ਤੇ ਬਣੇ ਐਲੀਵੇਟਿਡ ਪੁਲ ਦੀ ਸਲੈਬ ਦੇ ਖਰਾਬ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ 'ਆਪ' ਵਿਧਾਇਕ ਨੇ ਅਧਿਕਾਰੀਆਂ ਨਾਲ ਇਸ ਦਾ ਨਿਰੀਖਣ ਕੀਤਾ।



ਉਨ੍ਹਾਂ ਪੁਲ ਦੀ ਜਲਦੀ ਮੁਰੰਮਤ ਕਰਨ ਦੇ ਹੁਕਮ ਜਾਰੀ ਕੀਤੇ। ਇਸ ਦੇ ਨਾਲ ਹੀ ਟਰੈਫਿਕ ਪੁਲੀਸ ਨੇ ਇਸ ਪੁਲ ਤੋਂ ਲੰਘਣ ਵਾਲੇ ਵੱਡੇ ਵਾਹਨਾਂ ਲਈ ਰਸਤੇ ਨੂੰ ਡਾਇਵਰਟ ਕਰ ਦਿੱਤਾ ਹੈ ਤਾਂ ਜੋ ਭਾਰੀ ਵਾਹਨਾਂ ਕਾਰਨ ਪੁਲ ਨੂੰ ਹੋਰ ਨੁਕਸਾਨ ਨਾ ਹੋਵੇ। ਹਾਲਾਂਕਿ 'ਆਪ' ਵਿਧਾਇਕ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਪੁਲ 11 ਸਾਲ ਪੁਰਾਣਾ ਹੈ ਅਤੇ ਇਸ ਦੀ ਜਾਂਚ ਕਰਵਾਈ ਜਾਵੇਗੀ ਕਿ ਪੁਲ ਇੰਨੀ ਜਲਦੀ ਕਿਵੇਂ ਖਰਾਬ ਹੋ ਗਿਆ।

ਦੱਖਣੀ ਬਾਈਪਾਸ 'ਤੇ ਬਣੇ ਪੁਲ 'ਚ ਪਏ ਡੂੰਘੇ ਟੋਇਆਂ ਦੇ ਨਾਲ-ਨਾਲ ਕਈ ਥਾਵਾਂ 'ਤੇ ਸਲੈਬ ਵੀ ਪੂਰੀ ਤਰ੍ਹਾਂ ਟੁੱਟ ਚੁੱਕੀ ਹੈ। ਪੁਲ ਦੀ ਮੁਰੰਮਤ ਦਾ ਕੰਮ ਕੀਤਾ ਜਾ ਰਿਹਾ ਹੈ। ਵਿਧਾਇਕ ਗੁਰਪ੍ਰੀਤ ਗੋਗੀ ਨੇ ਦੇਖਿਆ ਕਿ ਪੁਲ 'ਤੇ ਡੂੰਘੇ ਟੋਏ ਪਏ ਹੋਏ ਹਨ।

ਵਿਧਾਇਕ ਗੁਰਪ੍ਰੀਤ ਗੋਗੀ ਨੇ ਕਿਹਾ ਕਿ ਇਹ ਬਹੁਤ ਚਿੰਤਾਜਨਕ ਗੱਲ ਹੈ ਕੀ ਪੁਲ ਦਾ ਨੁਕਸਾਨ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਅਜੇ ਪੁਲ ਨੂੰ ਬਣਿਆਂ ਸਿਰਫ਼ 11 ਸਾਲ ਹੀ ਹੋਏ ਹਨ।

ਪੁਲ 'ਤੇ ਵਰਤੇ ਗਏ ਸਾਮਾਨ ਦੀ ਜਾਂਚ ਕੀਤੀ ਜਾਵੇਗੀ। ਜਿਸ ਠੇਕੇਦਾਰ ਨੇ ਪੁਲ ਤਿਆਰ ਕੀਤਾ ਹੈ, ਉਸ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਲਦੀ ਹੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਗੱਲ ਕਰਕੇ ਪੁਲ ਦੀ ਮੁਰੰਮਤ ਕਰਵਾਈ ਜਾਵੇਗੀ। ਵਿਧਾਇਕ ਗੋਗੀ ਨੇ ਕਿਹਾ ਕਿ ਪੁਲ 'ਤੇ ਸਾਫ ਦੇਖਿਆ ਜਾ ਸਕਦਾ ਹੈ ਕਿ ਸਰੀਏ ਵੀ ਨਜ਼ਰ ਆ ਰਹੇ ਹਨ।

ਦੂਜੇ ਪਾਸੇ ਏਸੀਪੀ ਟਰੈਫਿਕ ਚਰਨਜੀਵ ਲਾਂਬਾ ਨੇ ਦੱਸਿਆ ਕਿ ਰੂਟ ਨੂੰ ਪਹਿਲਾਂ ਹੀ ਡਾਇਵਰਟ ਕੀਤਾ ਗਿਆ ਹੈ।

ਜੇਕਰ ਜਲਦੀ ਹੀ ਪੁਲ ਦੀ ਮੁਰੰਮਤ ਹੋ ਜਾਂਦੀ ਹੈ ਤਾਂ ਆਵਾਜਾਈ ਦੁਬਾਰਾ ਸ਼ੁਰੂ ਕਰ ਦਿੱਤੀ ਜਾਵੇਗੀ।

# ਹੋਮਗਾਰਡ ਦੇ 'ਕਬਜ਼ੇ' ਵਾਲੇ ਸਕੂਲ ਦਾ ਵਿਧਾਇਕਾ ਮਾਣੂੰਕੇ ਵੱਲੋਂ ਜਾਇਜ਼ਾ

**ਜਗਰਾਉਂ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਸਰਕਾਰੀ ਬੇਸਿਕ ਪ੍ਰਾਇਮਰੀ ਸਕੂਲ ਦੇ ਕੁਝ ਕਮਰਿਆਂ 'ਤੇ ਪਿਛਲੇ ਅੱਠ ਕੁ ਸਾਲਾਂ ਤੋਂ ਹੋਮਗਾਰਡ ਦਾ ਕੀਤਾ 'ਕਬਜ਼ਾ' ਹੁਣ ਛੱਡਣ ਦੇ ਆਸਾਰ ਬਣੇ ਹਨ। ਵੱਖ-ਵੱਖ ਜਥੇਬੰਦੀਆਂ ਵੱਲੋਂ ਪਿਛਲੇ ਸਮੇਂ 'ਚ ਵਿੱਢੇ ਸੰਘਰਸ਼ ਅਤੇ ਮੀਡੀਆ 'ਚ ਇਹ ਮੁੱਦਾ ਪ੍ਰਮੁੱਖਤਾ ਨਾਲ ਉੱਠਣ ਮਗਰੋਂ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਮੌਕਾ ਦੇਖਣ ਪਹੁੰਚੇ। ਉਨ੍ਹਾਂ ਬੇਸਿਕ ਸਕੂਲ ਦੇ ਕਮਰਿਆਂ 'ਚ ਬੈਠੇ ਹੋਮਗਾਰਡ ਮੁਲਾਜ਼ਮਾਂ ਨਾਲ ਗੱਲਬਾਤ ਵੀ ਕੀਤੀ। ਇਸ ਸਮੇਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸੁਖਦੇਵ ਸਿੰਘ ਹਠੂਰ, ਡੈਮੋਕਰੈਟਿਕ ਟੀਚਰਜ਼ ਫਰੰਟ ਦੇ ਆਗੂ ਦਵਿੰਦਰ ਸਿੰਘ ਸਿੱਧੂ ਤੋਂ ਇਲਾਵਾ ਹੋਰ ਅਧਿਆਪਕ ਤੇ ਪਤਵੰਤੇ ਹਾਜ਼ਰ ਸਨ। ਵਿਧਾਇਕਾ ਮਾਣੂੰਕੇ ਨੇ ਜਿੱਥੇ ਮਸਲੇ ਦੇ ਜਲਦੀ ਹੱਲ ਦਾ ਭਰੋਸਾ ਦਿਵਾਇਆ, ਉੱਥੇ ਹੀ ਦੂਜੇ ਪਾਸੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨੇ ਅੱਜ ਜ਼ਿਲ੍ਹਿਆ ਸਿੱਖਿਆ ਅਫ਼ਸਰ ਨੂੰ ਇੱਕ ਪੱਤਰ (ਜੋ ਪੰਜਾਬੀ ਟ੍ਰਿਬਿਊਨ' ਕੋਲ ਮੌਜੂਦ ਹੈ) ਲਿਖ ਕੇ ਇਹ ਕਬਜ਼ਾ ਛੁਡਾਉਣ ਦੀ ਅਪੀਲ ਕੀਤੀ ਹੈ। ਇਸ 'ਚ ਲਿਖਿਆ ਗਿਆ ਹੈ ਕਿ ਬੇਸਿਕ ਸਕੂਲ ਦੀ ਇਮਾਰਤ ਦੇ ਇਕ ਹਿੱਸੇ 'ਤੇ ਸਾਲ 2016 ਤੋਂ ਹੋਮ ਗਾਰਡ ਦਾ ਕਬਜ਼ਾ ਚੱਲ ਰਿਹਾ ਹੈ। ਇਸ ਬਾਰੇ ਪਹਿਲਾਂ ਵੀ ਪੱਤਰ ਨੰਬਰ 378 ਭੇਜਿਆ ਜਾ ਚੁੱਕਾ ਹੈ, ਪਰ ਅੱਜ ਤਕ ਇਹ ਕਬਜ਼ਾ ਨਹੀਂ ਹਟਿਆ ਹੈ। ਇਸ ਸਬੰਧੀ ਕੁਝ ਜਥੇਬੰਦੀਆਂ ਨੇ ਬੀਤੇ ਦਿਨ ਵੀ ਦਰਖ਼ਾਸਤਾਂ ਦਿੱਤੀਆਂ ਸਨ। ਅਗਲੇ ਦਿਨਾਂ 'ਚ ਇਨ੍ਹਾਂ ਜਥੇਬੰਦੀਆਂ ਦਾ ਇਸ ਮੁੱਦੇ 'ਤੇ ਧਰਨਾ ਦੇਣ ਦਾ ਪ੍ਰੋਗਰਾਮ ਹੈ। ਇਸ ਲਈ ਬਣਦੀ ਕਾਰਵਾਈ ਕਰ ਕੇ ਇਮਾਰਤ ਤੋਂ ਹੋਮਗਾਰਡ ਦਾ ਕਬਜ਼ਾ ਛੁਡਾ ਕੇ ਇਹ ਕਮਰੇ ਵਾਪਸ ਸਕੂਲ ਹਵਾਲੇ ਕੀਤੇ ਜਾਣ।



ਦੂਜੇ ਪਾਸੇ ਹੋਮਗਾਰਡ ਦੇ ਇੱਕ ਕਰਮਚਾਰੀ ਨੇ ਦੱਸਿਆ ਕਿ ਉੱਚ ਅਧਿਕਾਰੀ ਦੇ ਹੁਕਮਾਂ 'ਤੇ ਹੀ ਇਹ ਕਮਰੇ ਹੋਮਗਾਰਡ ਦਫ਼ਤਰ ਲਈ ਦਿੱਤੇ ਗਏ ਸਨ। ਇਸੇ ਲਈ ਇੰਨੇ ਸਾਲਾਂ ਤੋਂ ਹੋਮਗਾਰਡ ਦਾ ਦਫ਼ਤਰ ਇੱਥੇ ਚੱਲ ਰਿਹਾ ਹੈ। ਇਸ ਦੌਰਾਨ ਸਕੂਲ ਦੇ ਅਧਿਆਪਕਾਂ ਦਾ ਕਹਿਣਾ ਹੈ ਕਿ ਇਹ ਸਿੱਖਿਆ ਵਿਭਾਗ (ਡਾਇਟ) ਦੀ ਮਲਕੀਅਤ ਹੈ ਅਤੇ ਥਾਂ ਦੀ ਘਾਟ ਹੋਣ ਕਰਕੇ ਵਿਦਿਆਰਥੀਆਂ ਨੂੰ ਇਨ੍ਹਾਂ ਕਮਰਿਆਂ ਦੀ ਲੋੜ ਹੈ। ਉੱਧਰ, ਇਸ ਮੁੱਦੇ 'ਤੇ ਬਣੀ ਸੰਘਰਸ਼ ਕਮੇਟੀ ਨੇ ਅੱਜ ਮੀਟਿੰਗ ਕਰ ਕੇ ਹਲਕਾ ਵਿਧਾਇਕਾ ਦੇ ਮੌਕੇ 'ਤੇ ਜਾਣ ਦਾ ਫ਼ੈਸਲਾ ਕੀਤਾ ਪਰ ਉਨ੍ਹਾਂ ਨਾਲ ਹੀ ਕਿਹਾ ਕਿ ਮਸਲਾ ਹੱਲ ਨਾ ਹੋਣ 'ਤੇ ਧਰਨਾ ਦੇਣ ਦੇ ਉਲੀਕੇ ਪ੍ਰੋਗਰਾਮ ਨੂੰ ਅਮਲ 'ਚ ਲਿਆਂਦਾ ਜਾਵੇਗਾ।ਇਸ ਦੌਰਾਨ ਸੰਘਰਸ਼ ਕਮੇਟੀ ਦੇ ਆਗੂ ਜੋਗਿੰਦਰ ਆਜ਼ਾਦ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਰਿਪੋਰਟ ਸਬ ਡਿਵੀਜ਼ਨਲ ਮੈਜਿਸਟਰੇਟ ਦੇ ਦਫ਼ਤਰ ਵਿੱਚ ਮੌਜੂਦ ਹੈ। ਕਨਵੀਨਰ ਅਵਤਾਰ ਸਿੰਘ ਨੇ ਕਿਹਾ ਕਿ ਮਸਲੇ ਨੂੰ ਭਟਕਾਉਣ ਦੀ ਕੋਸ਼ਿਸ਼ ਸਫ਼ਲ ਨਹੀਂ ਹੋਣ ਦਿੱਤੀ ਜਾਵੇਗੀ। ਬਲਦੇਵ ਸਿੰਘ ਰਸੂਲਪੁਰ ਨੇ ਕਿਹਾ ਕਿ ਸਰਕਾਰ ਨੂੰ ਵਿਦਿਆਰਥੀਆਂ ਦੇ ਹਿੱਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ। ਹੋਮ ਗਾਰਡ ਦਫ਼ਤਰ ਕਿਤੇ ਹੋਰ ਥਾਂ ਤਬਦੀਲ ਕੀਤਾ ਜਾਵੇ।

# 177 ਦਿਨਾਂ ਤੋਂ ਬਾਅਦ ਜ਼ੇਲ੍ਹ ਤੋਂ ਬਾਹਰ ਆ ਕੇ ਭਾਜਪਾ 'ਤੇ ਗਰਜੇ ਕੇਜਰੀਵਾਲ

## ਮੈਂ ਸਹੀ ਸੀ ਮੇਰਾ ਭਗਵਾਨ ਨੇ ਦਿੱਤਾ ਸਾਥ, ਮੇਰੀ ਤਾਕਤ 100 ਗੁਣਾ ਹੋਰ ਵਧੀ

**ਨਵੀਂ ਦਿੱਲੀ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਆਬਕਾਰੀ ਨੀਤੀ 'ਘਪਲੇ' ਵਿਚ ਸੀਬੀਆਈ ਵੱਲੋਂ ਦਰਜ ਭ੍ਰਿਸ਼ਟਾਚਾਰ ਕੇਸ ਵਿਚ ਅੱਜ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਦੇ ਦਿੱਤੀ। ਜ਼ਮਾਨਤ ਮਿਲਣ ਮਗਰੋਂ ਕੇਜਰੀਵਾਲ ਨੂੰ ਦੇਰ ਸ਼ਾਮ ਤਿਹਾੜ ਜੇਲ੍ਹ 'ਚੋਂ ਰਿਹਾਅ ਕਰ ਦਿੱਤਾ ਗਿਆ। ਜੇਲ੍ਹ ਦੇ ਬਾਹਰ 'ਆਪ' ਆਗੂਆਂ ਤੇ ਹਮਾਇਤੀਆਂ ਨੇ ਕੇਜਰੀਵਾਲ ਦਾ ਜ਼ੋਰਦਾਰ ਸਵਾਗਤ ਕੀਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਜਰੀਵਾਲ ਦੀ ਜੇਲ੍ਹ 'ਚੋਂ ਰਿਹਾਈ ਨੂੰ 'ਸੱਚਾਈ ਦੀ ਜਿੱਤ' ਕਰਾਰ ਦਿੱਤਾ।





ਕੋਰਟ ਨੇ ਕਿਹਾ ਕਿ ਲੰਮੀ ਕੈਦ ਅਜ਼ਾਦੀ ਨਾਲ ਅਨਿਆਂ ਕਰਨ ਦੇ ਬਰਾਬਰ ਹੈ। ਜਸਟਿਸ ਸੂਰਿਆ ਕਾਂਤ ਤੇ ਜਸਟਿਸ ਉੱਜਲ ਭੂਈਆਂ ਦੇ ਬੈਂਚ ਨੇ ਕੇਜਰੀਵਾਲ ਨੂੰ ਵੱਡੀ ਰਾਹਤ ਦਿੰਦੇ ਹੋਏ 10 ਲੱਖ ਰੁਪਏ ਦਾ ਜ਼ਮਾਨਤੀ ਬਾਂਡ ਤੇ ਇੰਨੀ ਹੀ ਰਕਮ ਦੀਆਂ ਦੋ ਜ਼ਾਮਨੀਆਂ ਭਰਨ ਲਈ ਕਿਹਾ ਹੈ।

ਸਰਬਉੱਚ ਕੋਰਟ ਨੇ ਕੇਜਰੀਵਾਲ ਨੂੰ ਹਦਾਇਤ ਕੀਤੀ ਕਿ ਉਹ ਜ਼ਮਾਨਤ ਦੌਰਾਨ ਕੇਸ ਦੇ ਗੁਣ-ਦੋਸ਼ਾਂ ਬਾਰੇ ਜਨਤਕ ਤੌਰ 'ਤੇ ਕੋਈ ਟਿੱਪਣੀ ਨਹੀਂ ਕਰਨਗੇ ਤੇ ਈਡੀ ਕੇਸ ਵਿਚ ਆਇਦ ਸ਼ਰਤਾਂ ਇਥੇ ਵੀ ਲਾਗੂ ਹੋਣਗੀਆਂ। ਸ਼ਰਤਾਂ ਤਹਿਤ ਕੇਜਰੀਵਾਲ ਆਪਣੇ ਦਫ਼ਤਰ ਜਾਂ ਦਿੱਲੀ ਸਕੱਤਰੇਤ ਨਹੀਂ ਜਾ ਸਕਣਗੇ ਤੇ ਨਾ ਹੀ ਕਿਸੇ ਸਰਕਾਰੀ ਫਾਈਲ ਉੱਤੇ ਉਦੋਂ ਤੱਕ ਦਸਤਖ਼ਤ ਕਰਨਗੇ, ਜਦੋਂ ਤੱਕ ਇਹ ਉਪ ਰਾਜਪਾਲ ਦੀ ਪ੍ਰਵਾਨਗੀ ਲਈ ਜ਼ਰੂਰੀ ਨਾ ਹੋਵੇ। ਸੁਪਰੀਮ ਕੋਰਟ ਨੇ ਕਿਹਾ ਕਿ ਇਸ ਕੇਸ ਦੀ ਅਦਾਲਤੀ ਕਾਰਵਾਈ ਛੇਤੀ ਨਿੱਬੜਨ ਦੇ ਆਸਾਰ ਨਹੀਂ ਹੈ ਤੇ ਕੋਰਟ ਨੇ ਕੇਜਰੀਵਾਲ ਵੱਲੋਂ ਸਬੂਤਾਂ ਨਾਲ ਕਿਸੇ ਤਰ੍ਹਾਂ ਦੀ ਛੇੜਛਾੜ ਦੇ ਖ਼ਦਸ਼ਿਆਂ ਨੂੰ ਖਾਰਜ ਕਰ ਦਿੱਤਾ।

ਈਡੀ ਨੇ ਆਬਕਾਰੀ ਨੀਤੀ ਕੇਸ ਵਿਚ ਕੇਜਰੀਵਾਲ ਨੂੰ 21 ਮਾਰਚ ਨੂੰ ਗ੍ਰਿਫ਼ਤਾਰ ਕੀਤਾ ਸੀ। ਲੋਕ ਸਭਾ ਚੋਣਾਂ ਵਿਚ ਪ੍ਰਚਾਰ ਲਈ ਕੇਜਰੀਵਾਲ ਨੂੰ 10 ਮਈ ਨੂੰ ਅੰਤਰਿਮ ਜ਼ਮਾਨਤ ਮਿਲੀ ਸੀ ਤੇ 2 ਜੂਨ ਨੂੰ ਆਤਮ-ਸਮਰਪਣ ਮਗਰੋਂ ਕੇਜਰੀਵਾਲ ਉਦੋਂ ਦੇ ਜੇਲ੍ਹ ਵਿਚ ਸਨ। ਇਸ ਤੋਂ ਪਹਿਲਾਂ ਸੁਪਰੀਮ ਕੋਰਟ ਦੇ ਦੋ ਮੈਂਬਰੀ ਬੈਂਚ ਨੇ ਕੇਜਰੀਵਾਲ ਵੱਲੋਂ ਦਾਇਰ ਦੋ ਵੱਖੋ ਵੱਖਰੀਆਂ ਪਟੀਸ਼ਨਾਂ 'ਤੇ 5 ਸਤੰਬਰ ਨੂੰ ਫੈਸਲਾ ਰਾਖਵਾਂ ਰੱਖ ਲਿਆ ਸੀ। ਕੇਜਰੀਵਾਲ ਨੇ ਇਕ ਪਟੀਸ਼ਨ ਵਿਚ ਜ਼ਮਾਨਤ ਨਾ ਦੇਣ ਦੇ ਦਿੱਲੀ ਹਾਈ ਕੋਰਟ ਦੇ 5 ਅਗਸਤ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਸੀ ਤੇ ਦੂਜੀ ਵਿਚ ਭ੍ਰਿਸ਼ਟਾਚਾਰ ਕੇਸ ਵਿਚ ਸੀਬੀਆਈ ਵੱਲੋਂ ਕੀਤੀ ਗ੍ਰਿਫ਼ਤਾਰੀ ਦਾ ਵਿਰੋਧ ਕੀਤਾ ਸੀ। ਕੇਜਰੀਵਾਲ ਨੂੰ ਮਨੀ ਲਾਂਡਰਿੰਗ ਕੇਸ ਵਿਚ ਸੁਪਰੀਮ ਕੋਰਟ ਤੋਂ ਅੰਤਰਿਮ ਜ਼ਮਾਨਤ 12 ਜੁਲਾਈ ਨੂੰ ਮਿਲੀ ਸੀ। ਸੁਪਰੀਮ ਕੋਰਟ ਨੇ ਈਡੀ ਤੇ ਸੀਬੀਆਈ ਵੱਲੋਂ ਦਰਜ ਕੇਸਾਂ ਦੀ ਸੁਣਵਾਈ ਦੌਰਾਨ ਪੀਐੱਮਐੱਲਏ ਤਹਿਤ 'ਗ੍ਰਿਫ਼ਤਾਰੀ ਦੀ ਲੋੜ ਤੇ ਜ਼ਰੂਰਤ' ਦੇ ਪਹਿਲੂ ਬਾਰੇ ਤਿੰਨ ਸਵਾਲਾਂ ਨਾਲ ਜੁੜਿਆ ਮਾਮਲਾ ਪੰਜ ਜੱਜਾਂ ਦੇ ਵਡੇਰੇ ਬੈਂਚ ਹਵਾਲੇ ਕਰ ਦਿੱਤਾ ਸੀ।

ਕਾਂਗਰਸ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿਚ ਸਿਆਸੀ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਲਈ ਜਾਂਚ ਏਜੰਸੀਆਂ ਦੀ ਦੁਰਵਰਤੋਂ ਕੀਤੀ ਗਈ। ਪਾਰਟੀ ਨੇ ਕਿਹਾ ਕਿ ਇਸ ਦੁਰਵਰਤੋਂ ਦੇ ਬਾਵਜੂਦ ਲੋਕਾਂ ਨੇ ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ 240 ਸੀਟਾਂ 'ਤੇ ਸਮੇਟ ਕੇ ਮੂੰਹ ਤੋੜ ਜਵਾਬ ਦਿੱਤਾ ਹੈ।

ਕੇਜਰੀਵਾਲ ਮਾਮਲੇ ਵਿਚ ਸੁਪਰੀਮ ਕੋਰਟ ਵੱਲੋਂ ਸੀਬੀਆਈ ਦੀ ਤੁਲਨਾ 'ਪਿੰਜਰੇ 'ਚ ਕੈਦ ਤੋਤੇ' ਨਾਲ ਕਰਨ ਬਾਰੇ ਸਵਾਲ ਦੇ ਜਵਾਬ ਵਿਚ ਕਾਂਗਰਸ ਦੀ ਤਰਜਮਾਨ ਸੁਪ੍ਰਿਆ ਸ੍ਰੀਨੇਤ ਨੇ ਕਿਹਾ, 'ਮੈਂ ਇਸ ਬਾਰੇ ਟਿੱਪਣੀ ਨਹੀਂ ਕਰਾਂਗੀ।

# 'ਆਪ' ਪਰਿਵਾਰ ਨੂੰ ਅਰਵਿੰਦ ਕੇਜਰੀਵਾਲ ਦੀ ਜ਼ਮਾਨਤ ਦੀ ਵਧਾਈ: ਸੁਨੀਤਾ ਕੇਜਰੀਵਾਲ

## ਸੁਪਰੀਮ ਕੋਰਟ ਨੇ ਭਾਜਪਾ ਨੂੰ ਵੱਡਾ ਸੁਨੇਹਾ ਦਿੱਤਾ: ਸਿਸੋਦੀਆ; 'ਆਪ' ਵੱਲੋਂ ਕੇਜਰੀਵਾਲ ਦੀ ਜ਼ਮਾਨਤ ਸੱਚ ਦੀ ਜਿੱਤ ਕਰਾਰ



**ਨਵੀਂ ਦਿੱਲੀ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਵੱਲੋਂ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਮਿਲਣ 'ਤੇ ਉਨ੍ਹਾਂ ਦੀ ਪਤਨੀ ਸੁਨੀਤਾ ਕੇਜਰੀਵਾਲ ਨੇ ਅੱਜ ਆਮ ਆਦਮੀ ਪਾਰਟੀ ਦੇ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਤਿਹਾੜ ਜੇਲ੍ਹ ਵਿੱਚ ਬੰਦ ਹੋਰ ਆਗੂਆਂ ਦੀ ਵੀ ਜਲਦੀ ਰਿਹਾਈ ਹੋਣ ਦੀ ਕਾਮਨਾ ਕੀਤੀ।

ਉੱਧਰ, ਪਾਰਟੀ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਭਾਜਪਾ ਨੂੰ ਵੱਡਾ ਸੁਨੇਹਾ ਦਿੱਤਾ ਹੈ ਕਿ ਭਗਵਾਂ ਪਾਰਟੀ ਨੂੰ ਤਾਨਾਸ਼ਾਹੀ ਰੋਕਣੀ ਹੋਵੇਗਾ। ਉਨ੍ਹਾਂ ਕਿਹਾ ਕਿ ਸਿਖ਼ਰਲੀ ਅਦਾਲਤ ਦਾ ਫੈਸਲਾ ਭਾਜਪਾ ਦੇ ਚਿਹਰੇ 'ਤੇ ਵੱਡਾ ਥੱਪੜ ਹੈ। ਉਨ੍ਹਾਂ ਕਿਹਾ ਕਿ ਅਦਾਲਤ ਨੇ ਇਸ ਗੱਲ ਦਾ ਵੀ ਨੋਟਿਸ ਲਿਆ ਹੈ ਕਿ ਸੀਬੀਆਈ ਪਿੰਜਰੇ ਵਿੱਚ ਬੰਦ ਤੋਤੇ ਵਾਂਗ ਕੰਮ ਕਰ ਰਹੀ ਹੈ। ਸਿਸੋਦੀਆ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਵਰਗੇ ਕੱਟੜ ਇਮਾਨਦਾਰ ਆਗੂ ਨੂੰ ਜੇਲ੍ਹ ਵਿੱਚ ਡੱਕਣ ਲਈ ਭਾਜਪਾ ਨੂੰ ਮੁਆਫੀ ਮੰਗਣੀ ਚਾਹੀਦੀ ਹੈ। ਉੱਧਰ, ਕੇਜਰੀਵਾਲ ਨੂੰ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਜਿੱਥੇ ਇਸ ਫੈਸਲੇ ਲਈ ਸੁਪਰੀਮ ਕੋਰਟ ਦਾ ਧੰਨਵਾਦ ਕੀਤਾ, ਉੱਥੇ ਹੀ ਫੈਸਲੇ ਨੂੰ ਸੱਚ ਦੀ ਜਿੱਤ ਕਰਾਰ ਦਿੱਤਾ।

# ਅਰਵਿੰਦ ਕੇਜਰੀਵਾਲ ਦੀ ਜ਼ਮਾਨਤ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੱਚ ਦੀ ਜਿੱਤ ਹੋਈ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਸ਼ੁੱਕਰਵਾਰ ਨੂੰ ਜ਼ਮਾਨਤ ਮਿਲ ਗਈ। 'ਆਪ' ਆਗੂਆਂ ਅਤੇ ਵਲੰਟੀਅਰਾਂ ਨੇ ਕੋਰਟ ਦੇ ਇਸ ਫੈਸਲੇ ਨੂੰ ਸੱਚਾਈ ਅਤੇ ਲੋਕਤੰਤਰ ਦੀ ਜਿੱਤ ਦੱਸਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕਰਦੇ ਹੋਏ ਆਪਣੇ ਐਕਸ ਅਕਾਉਂਟ 'ਤੇ ਪੋਸਟ ਕੀਤਾ ਕਿ ਆਖ਼ਿਰ ਸੱਚਾਈ ਦੀ ਹੋਈ ਜਿੱਤ... 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਜੀ ਨੂੰ ਮਾਣਯੋਗ ਸੁਪਰੀਮ ਕੋਰਟ ਵੱਲੋਂ ਜ਼ਮਾਨਤ ਦੇ ਦਿੱਤੀ ਗਈ ਹੈ...ਕੇਜਰੀਵਾਲ ਜੀ ਨੂੰ ਮਿਲੀ ਜ਼ਮਾਨਤ ਨੇ ਸਾਬਤ ਕਰ ਦਿੱਤਾ ਹੈ ਕਿ ਸੱਚ ਨੂੰ ਕਦੇ ਦਬਾਇਆ ਨਹੀਂ ਜਾ ਸਕਦਾ÷।

'ਆਪ' ਪੰਜਾਬ ਦੇ ਆਗੂਆਂ ਅਤੇ ਵਲੰਟੀਅਰਾਂ ਨੇ ਚੰਡੀਗੜ੍ਹ ਪਾਰਟੀ ਦਫ਼ਤਰ 'ਚ ਕੇਜਰੀਵਾਲ ਦੀ ਜ਼ਮਾਨਤ ਦਾ ਜਸ਼ਨ ਮਨਾਇਆ, ਮਿਠਾਈਆਂ ਵੰਡੀਆਂ ਅਤੇ ਢੋਲ ਦੀ ਥਾਪ' ਤੇ ਭੰਗੜਾ ਕੀਤਾ। ਪੰਜਾਬ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ, ਅਨਮੋਲ ਗਗਨ ਮਾਨ ਅਤੇ ਡਾ. ਬਲਬੀਰ ਵੀ ਪਾਰਟੀ ਵਲੰਟੀਅਰਾਂ ਅਤੇ ਵਰਕਰਾਂ ਨਾਲ ਜਸ਼ਨ ਵਿੱਚ ਸ਼ਾਮਲ ਹੋਏ। ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ, ਸੀਨੀਅਰ ਬੁਲਾਰੇ ਨੀਲ ਗਰਗ ਅਤੇ ਹੋਰ 'ਆਪ' ਨੇਤਾਵਾਂ ਨੇ ਵੀ ਪਾਰਟੀ ਵਰਕਰਾਂ ਨੂੰ ਵਧਾਈ ਦਿੱਤੀ।

ਪੰਜਾਬ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਦੇਣ ਲਈ ਸੁਪਰੀਮ ਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੱਚ ਦੀ ਜਿੱਤ ਹੋਈ ਹੈ।ਉਨ੍ਹਾਂ ਕਿਹਾ ਕਿ ਅਦਾਲਤ ਨੇ ਸਪੱਸ਼ਟ ਕੀਤਾ ਕਿ ਸੀਬੀਆਈ ਵੱਲੋਂ ਕੇਜਰੀਵਾਲ ਦੀ ਗ੍ਰਿਫਤਾਰੀ ਦਾ ਉਦੇਸ਼ ਈਡੀ ਦੇ ਕੇਸ ਵਿੱਚ ਜ਼ਮਾਨਤ 'ਤੇ ਰਿਹਾਈ ਨੂੰ ਰੋਕਣਾ ਸੀ। ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਅਦਾਲਤ ਨੇ ਮੁੜ ਪੁਸ਼ਟੀ ਕੀਤੀ ਹੈ ਕਿ ਸਾਡੇ ਦੇਸ਼ ਵਿੱਚ ਕੋਈ ਵੀ ਕਾਨੂੰਨ ਤੋਂ ਉੱਪਰ ਨਹੀਂ ਹੈ।

ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਇੱਕ ਮੀਡੀਆ ਬਿਆਨ ਵਿੱਚ ਕਿਹਾ ਕਿ ਭਾਵੇਂ ਨਿਆਂ ਵਿੱਚ ਦੇਰੀ ਹੋ ਸਕਦੀ ਹੈ, ਪਰ ਕੇਂਦਰ ਸਰਕਾਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸੱਚਾਈ ਨੂੰ ਹਰਾਇਆ ਨਹੀਂ ਜਾ ਸਕਦਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੁਪਰੀਮ ਕੋਰਟ ਦਾ ਫੈਸਲਾ ਦਰਸਾਉਂਦਾ ਹੈ ਕਿ ਸੱਚਾਈ ਨੂੰ ਦਬਾਇਆ ਨਹੀਂ ਜਾ ਸਕਦਾ। ਅਰੋੜਾ ਨੇ ਇਸ ਫੈਸਲੇ ਨੂੰ ਈਡੀ ਅਤੇ ਸੀਬੀਆਈ ਵਰਗੀਆਂ ਏਜੰਸੀਆਂ ਲਈ ਇੱਕ ਵੱਡਾ ਝਟਕਾ ਦੱਸਿਆ।

ਉਨ੍ਹਾਂ ਪਾਰਟੀ ਵਰਕਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ 'ਆਪ' ਹੁਣ ਪਹਿਲਾਂ ਨਾਲੋਂ ਵੀ ਵੱਧ ਜੋਸ਼ ਨਾਲ ਕੰਮ ਕਰੇਗੀ।

# ਜੌੜਾਮਾਜਰਾ ਨੇ ਧਨੌਰੀ ਵਿਖੇ 48 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਛੱਪੜ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ

**ਸਮਾਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸਮਾਣਾ ਹਲਕੇ ਦੇ ਪਿੰਡ ਧਨੌਰੀ ਵਿਖੇ 48 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੇ ਛੱਪੜ ਦੇ ਕਰਵਾਏ ਨਵੀਨੀਕਰਨ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਅਤੇ ਸ਼ਹਿਰਾਂ ਦੇ ਇਕਸਾਰ ਵਿਕਾਸ ਲਈ ਵਚਨਬੱਧ ਹੈ।

ਮੰਤਰੀ ਜੌੜਾਮਾਜਰਾ ਨੇ ਪਿੰਡ ਗੁਰੂ ਨਾਨਕ ਪੁਰਾ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਬਣਾਈਆਂ ਗਲੀਆਂ ਦਾ ਵੀ ਉਦਘਾਟਨ ਕੀਤਾ।



ਇਸੇ ਦੌਰਾਨ ਲੰਕਸ਼ਮੀਰ ਵਿਖੇ ਪਿੰਡ ਬਲਮਗੜ੍ਹ ਦੇ ਫ਼ੌਜੀ ਜਵਾਨ ਪਰਦੀਪ ਸਿੰਘ ਦੀ ਯਾਦ ਸਦੀਵੀ ਤੌਰ 'ਤੇ ਕਾਇਮ ਕਰਨ ਲਈ ਪਿੰਡ 'ਚ ਲਗਾਏ ਗਏ ਬੁੱਤ ਨੂੰ ਵੀ ਲੋਕਾਂ ਦੇ ਸਮਰਪਿਤ ਕੀਤਾ। ਉਨ੍ਹਾਂ ਨੇ ਦੱਸਿਆ ਕਿ ਸ਼ਹੀਦ ਦੀ ਯਾਦ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਵੱਲੋਂ ਕੀਤੇ ਗਏ ਐਲਾਨ ਮੁਤਾਬਕ ਪਿੰਡ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ 1.26 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ।

ਚੇਤਨ ਸਿੰਘ ਜੌੜਾਮਾਜਰਾ ਨੇ ਲੋਕਾਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਲਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਹਰੇਕ ਪਿੰਡ ਵਾਸੀ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਘੱਟ ਤੋਂ ਘੱਟ ਵਰਤੋਂ ਕਰੇ ਅਤੇ ਘਰਾਂ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਵੱਖੋ-ਵੱਖ ਕਰਕੇ ਵਾਤਾਵਰਣ ਦੀ ਸੰਭਾਲ ਲਈ ਆਪਣਾ ਫ਼ਰਜ ਜ਼ਰੂਰ ਨਿਭਾਵੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਗਤੀਸ਼ੀਲ ਅਗਵਾਈ ਹੇਠ ਪਿੰਡ ਧਨੌਰੀ ਵਿਖੇ ਮਨਰੇਗਾ ਸਕੀਮ ਅਤੇ ਕੰਨਵਰਜੈਂਸ ਤਹਿਤ 48 ਲੱਖ ਰੁਪਏ ਦੀ ਲਾਗਤ ਨਾਲ ਛੱਪੜ ਦਾ ਨਵੀਨੀਕਰਨ ਦਾ ਕੰਮ ਕਰਵਾਇਆ ਜਾ ਰਿਹਾ ਹੈ।

ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਜਿਨ੍ਹਾਂ ਕੋਲ ਖਣਨ ਤੇ ਭੂ-ਵਿਗਿਆਨ, ਜਲ ਸਰੋਤ, ਜਲ ਤੇ ਭੂਮੀ ਰੱਖਿਆ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਅਤੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੀ ਹਨ, ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਲਈ ਸਮਾਣਾ ਹਲਕੇ ਦਾ ਵਿਕਾਸ ਕਦੇ ਤਰਜੀਹ ਨਹੀਂ ਰਿਹਾ, ਜਦੋਂ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਮਾਣਾ ਸ਼ਹਿਰ ਸਮੇਤ ਹਲਕੇ ਦੇ ਪਿੰਡਾਂ ਲਈ ਗ੍ਰਾਂਟਾਂ ਦੀ ਕੋਈ ਘਾਟ ਨਹੀਂ ਛੱਡੀ, ਜਿਸ ਕਰਕੇ ਹਰੇਕ ਪਿੰਡ ਵਿੱਚ ਵਿਕਾਸ ਕੰਮ ਕਰਵਾਏ ਜਾ ਰਹੇ ਹਨ।

ਇਸ ਮੌਕੇ ਗੁਰਦੇਵ ਸਿੰਘ ਟਿਵਾਣਾ, ਗੁਲਜ਼ਾਰ ਸਿੰਘ, ਸੁਰਜੀਤ ਸਿੰਘ ਫੌਜੀ, ਨਿਸ਼ਾਨ ਸਿੰਘ ਚੀਮਾ, ਦੀਪਕ ਕੁਮਾਰ, ਬੀ.ਡੀ.ਪੀ.ਓ. ਅਮਰਦੀਪ ਸਿੰਘ, ਪੰਚਾਇਤੀ ਰਾਜ ਦੇ ਐਸ.ਡੀ.ਓ. ਦਿਨੇਸ਼ ਕੁਮਾਰ, ਪ੍ਰਬੰਧਕ ਸ਼ੈਰੀ ਬਾਂਸਲ, ਐਸ.ਈ.ਪੀ.ਓ. ਗੁਰਤੇਜ ਸਿੰਘ, ਅਤੇ ਪਿੰਡ ਵਾਸੀ ਮੌਜੂਦ ਸਨ।

# ਕੇਜਰੀਵਾਲ ਦੀ ਜ਼ਮਾਨਤ ਕੇਂਦਰ ਦੀ ਬਦਲੇ ਦੀ ਰਾਜਨੀਤੀ ਨੂੰ ਕਰਾਰੀ ਸੱਟ: ਲਾਲਜੀਤ ਸਿੰਘ ਭੁੱਲਰ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਆਮ ਆਦਮੀ ਪਾਰਟੀ (ਆਪ) ਦੇ ਮੁਖੀ ਅਤੇ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਦੇਣ ਸਬੰਧੀ ਸੁਪਰੀਮ ਕੋਰਟ ਦੇ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਫੈਸਲੇ ਨੇ ਮੋਦੀ ਸਰਕਾਰ ਦੀ ਬਦਲੇ ਦੀ ਰਾਜਨੀਤੀ ਨੂੰ ਕਰਾਰੀ ਸੱਟ ਮਾਰੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਅਦਾਲਤ ਦੇ ਫੈਸਲੇ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸਿਆਸੀ ਬਦਲਾਖੋਰੀ ਦੇ ਮੰਤਵ ਲਈ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਕੀਤੀ ਜਾਂਦੀ ਦੁਰਵਰਤੋਂ ਦਾ ਪਰਦਾਫਾਸ਼ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਜ਼ਮਾਨਤ ਸੱਚਾਈ, ਨਿਆਂ ਅਤੇ ਜਮਹੂਰੀ ਸਿਧਾਂਤਾਂ ਦੀ ਜਿੱਤ ਸਾਬਤ ਹੋਈ ਹੈ। ਫਰਜ਼ੀ ਕੇਸਾਂ ਰਾਹੀਂ ਵਿਰੋਧੀ ਧਿਰ ਦੇ ਆਗੂਆਂ ਨੂੰ ਚੁੱਪ ਕਰਾਉਣ ਲਈ ਕੇਂਦਰ ਸਰਕਾਰ ਦੀ ਨਿਖੇਧੀ ਕਰਦਿਆਂ ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਉਨ੍ਹਾਂ ਲੋਕਾਂ ਲਈ ਜ਼ੋਰਦਾਰ ਫਿਟਕਾਰ ਹੈ, ਜੋ ਬੇਬੁਨਿਆਦ ਦੋਸ਼ ਲਾ ਕੇ ਆਮ ਆਦਮੀ ਪਾਰਟੀ ਦੇ ਸੰਕਲਪ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਭੁੱਲਰ ਨੇ ਕੇਜਰੀਵਾਲ ਅਤੇ 'ਆਪ' ਨੂੰ ਇਸ ਸ਼ਾਨਦਾਰ ਜਿੱਤ 'ਤੇ ਵਧਾਈ ਦਿੰਦਿਆਂ ਕਿਹਾ ਕਿ ਉਹ ਕਿਸੇ ਤਰ੍ਹਾਂ ਦੇ ਭੈਅ ਜਾਂ ਧਮਕੀਆਂ ਤੋਂ ਨਿਡਰ ਹੋ ਕੇ ਲੋਕਾਂ ਲਈ ਅਤੇ ਭ੍ਰਿਸ਼ਟਾਚਾਰ ਵਿਰੁੱਧ ਆਪਣੇ ਸੰਘਰਸ਼ ਨੂੰ ਜਾਰੀ ਰੱਖਣਗੇ।

# ਸੰਧਵਾਂ ਵੱਲੋਂ ਸੀਤਾਰਾਮ ਯੇਚੁਰੀ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਉੱਘੇ ਭਾਰਤੀ ਰਾਜਨੇਤਾ ਸ੍ਰੀ ਸੀਤਾਰਾਮ ਯੇਚੁਰੀ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਅੱਜ ਇੱਥੋਂ ਜਾਰੀ ਬਿਆਨ ਵਿੱਚ ਵਿਧਾਨ ਸਭਾ ਸਪੀਕਰ ਨੇ ਕਿਹਾ ਕਿ ਸ੍ਰੀ ਯੇਚੂਰੀ ਵਿਦਿਆਰਥੀ ਜਥੇਬੰਦੀ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ (ਐਸ.ਐਫ.ਆਈ.) ਦੇ ਪ੍ਰਧਾਨ ਰਹੇ। ਉਨ੍ਹਾਂ ਨੇ 1975 ਵਿੱਚ ਸੀ.ਪੀ.ਆਈ. (ਐਮ) ਪਾਰਟੀ ਜੁਆਇਨ ਕਰ ਲਈ ਸੀ। ਕਈ ਕਿਤਾਬਾਂ ਦੇ ਲੇਖਕ ਸ੍ਰੀ ਯੇਚੂਰੀ ਸਾਲ 1992 ਤੋਂ ਸੀ.ਪੀ.ਆਈ. (ਐਮ) ਦੇ ਪੋਲਿਟ ਬਿਊਰੋ ਮੈਂਬਰ ਅਤੇ ਸਾਲ 2015 ਤੋਂ ਹੁਣ ਤੱਕ ਜਨਰਲ ਸਕੱਤਰ ਰਹੇ। ਉਹ ਦੋ ਵਾਰ ਰਾਜ ਸਭਾ ਦੇ ਮੈਂਬਰ ਵੀ ਰਹੇ। ਸਪੀਕਰ ਨੇ ਕਿਹਾ ਕਿ ਭਾਰਤੀ ਰਾਜਨੀਤੀ ਦੇ ਖੇਤਰ ਵਿੱਚ ਸ੍ਰੀ ਯੇਚੁਰੀ ਦੇ ਪ੍ਰਭਾਵਸ਼ਾਲੀ ਕੰਮ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਸ੍ਰੀ ਸੀਤਾਰਾਮ ਯੇਚੁਰੀ (72) ਨੂੰ ਨਮੂਨੀਆ ਹੋਣ ਕਾਰਨ 19 ਅਗਸਤ 2024 ਨੂੰ ਏਮਜ਼ ਵਿੱਚ ਭਰਤੀ ਕਰਵਾਇਆ ਗਿਆ ਸੀ ਅਤੇ 12 ਸਤੰਬਰ 2024 ਨੂੰ ਉਨ੍ਹਾਂ ਦੀ ਮੌਤ ਹੋ ਗਈ ਸੀ। ਸ੍ਰੀ ਯੇਚੁਰੀ ਦੇ ਪਰਿਵਾਰ ਨੇ ਉਨ੍ਹਾਂ ਦਾ ਸਰੀਰ ਅਧਿਆਪਨ ਅਤੇ ਖੋਜ ਦੇ ਉਦੇਸ਼ਾਂ ਲਈ ਏਮਜ਼, ਨਵੀਂ ਦਿੱਲੀ ਨੂੰ ਦਾਨ ਕਰ ਦਿੱਤਾ ਹੈ। ਸਪੀਕਰ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਰਾਖਵੇਂਕਰਨ ਦੀ ਟਿੱਪਣੀ ਨੂੰ ਲੈ ਕੇ ਰਾਹੁਲ ਗਾਂਧੀ ਖ਼ਿਲਾਫ਼ ਦਲਿਤ ਭਾਈਚਾਰਾ ਸ਼ੁਰੂ ਕਰੇਗਾ 'ਜੁੱਤੇ ਮਾਰੋ ਅੰਦੋਲਨ'

**ਧਰਮਸ਼ਾਲਾ/ਸ਼ਿਮਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਨੇ ਸ਼ੁੱਕਰਵਾਰ ਨੂੰ ਧਰਮਸ਼ਾਲਾ 'ਚ ਕਿਹਾ ਕਿ ਦਲਿਤ ਭਾਈਚਾਰਾ ਅਤੇ 'ਰਿਪਬਲਿਕਨ ਪਾਰਟੀ ਆਫ ਇੰਡੀਆ' ਰਾਖਵੇਂਕਰਨ 'ਤੇ ਰਾਹੁਲ ਗਾਂਧੀ ਦੀ ਟਿੱਪਣੀ ਦੇ ਖ਼ਿਲਾਫ਼ ਦੇਸ਼ ਵਿਆਪੀ 'ਜੁੱਤੇ ਮਾਰੋ ਅੰਦੋਲਨ' ਸ਼ੁਰੂ ਕਰਨਗੇ। ਹਾਲ ਹੀ 'ਚ ਅਮਰੀਕਾ ਦੀ ਜਾਰਜਟਾਊਨ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਗੱਲਬਾਤ ਦੌਰਾਨ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਸੀ ਕਿ ਕਾਂਗਰਸ ਉਦੋਂ ਰਾਖਵੇਂਕਰਨ ਨੂੰ ਖ਼ਤਮ ਕਰਨ ਬਾਰੇ ਸੋਚੇਗੀ, ਜਦੋਂ ਦੇਸ਼ 'ਚ ਸਾਰਿਆਂ ਨੂੰ ਬਰਾਬਰ ਮੌਕੇ ਮਿਲਣਗੇ ਅਤੇ ਫਿਲਹਾਲ ਭਾਰਤ 'ਚ ਅਜਿਹੀ ਸਥਿਤੀ ਨਹੀਂ ਹੈ।



ਗਾਂਧੀ ਦੇ ਬਿਆਨ ਬਾਰੇ ਪੁੱਛੇ ਇਕ ਸਵਾਲ ਦੇ ਜਵਾਬ ਵਿੱਚ ਰਿਪਬਲਿਕਨ ਪਾਰਟੀ ਆਫ ਇੰਡੀਆ ਦੇ ਪ੍ਰਧਾਨ ਅਠਾਵਲੇ ਨੇ ਕਿਹਾ ਕਿ ਦਲਿਤਾਂ, ਹੋਰ ਪੱਛੜੀਆਂ ਸ਼੍ਰੇਣੀਆਂ ਅਤੇ ਆਦਿਵਾਸੀਆਂ ਦਾ ਰਾਖਵਾਂਕਰਨ ਕੋਈ ਵੀ ਨਹੀਂ ਖੋਹ ਸਕਦਾ ਅਤੇ ਜੇਕਰ ਕੋਈ ਅਜਿਹੀ ਕੋਸ਼ਿਸ਼ ਕਰਦਾ ਹੈ ਤਾਂ ਉਸ ਨਾਲ ਨਜਿੱਠਿਆ ਜਾਵੇਗਾ। ਅਠਾਵਲੇ ਖੇਤੀਬਾੜੀ ਨੂੰ ਸਹਿਕਾਰੀ ਸਭਾਵਾਂ ਨਾਲ ਜੋੜਨ, ਯੂਕਰੇਨ ਅਤੇ ਰੂਸ, ਇਜ਼ਰਾਈਲ ਅਤੇ ਹਮਾਸ ਦੇ ਸਬੰਧ ਵਿੱਚ ਯੁੱਧ ਦੇ ਹਾਲਾਤ ਜਾਰੀ ਰਹਿਣ ਅਤੇ ਭਾਰਤ ਵਿੱਚ ਅੱਤਵਾਦੀ ਗਤੀਵਿਧੀਆਂ ਵਿੱਚ ਪਾਕਿਸਤਾਨ ਦੀ ਸ਼ਮੂਲੀਅਤ ਵਰਗੇ ਮੁੱਦਿਆਂ 'ਤੇ ਚਰਚਾ ਕਰਨ ਲਈ ਵਰਲਡ ਕੋਆਪ੍ਰੇਟਿਵ ਇਕਨਾਮਿਕ ਫੋਰਮ ਵੱਲੋਂ ਆਯੋਜਿਤ ਸੰਮੇਲਨ 'ਚ ਸ਼ਾਮਲ ਹੋਣ ਲਈ ਉਹ ਧਰਮਸ਼ਾਲਾ 'ਚ ਸਨ।

ਅਠਾਵਲੇ ਨੇ ਕਿਹਾ, ਦਲਿਤ ਭਾਈਚਾਰਾ ਅਤੇ ਰਿਪਬਲਿਕਨ ਪਾਰਟੀ ਆਫ ਇੰਡੀਆ ਰਾਖਵੇਂਕਰਨ 'ਤੇ ਟਿੱਪਣੀਆਂ ਲਈ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਖ਼ਿਲਾਫ਼ ਦੇਸ਼ ਵਿਆਪੀ 'ਜੁੱਤੇ ਮਾਰੋ' ਅੰਦੋਲਨ ਸ਼ੁਰੂ ਕਰੇਗੀ। ਉਹਨਾਂ ਨੇ ਕਿਹਾ ਕਿ ਰਾਹੁਲ ਗਾਂਧੀ 'ਤੇ ਜੁੱਤੇ ਮਾਰਨੇ ਚਾਹੀਦੇ ਹਨ। ਰਾਹੁਲ ਬੇਕਾਰ ਆਦਮੀ ਹੈ। ਉਹ ਜਦੋਂ ਵੀ ਇੰਗਲੈਂਡ ਜਾਂ ਅਮਰੀਕਾ ਜਾਂਦੇ ਹਨ, ਤਾਂ ਉਹ ਭਾਰਤ ਦੇ ਖ਼ਿਲਾਫ਼ ਗੱਲ ਕਰਦੇ ਹਨ। ਉਹਨਾਂ ਨੇ ਗਾਂਧੀ ਨੂੰ ਸਲਾਹ ਦਿੱਤੀ ਕਿ ਉਹ ਇਤਰਾਜ਼ਯੋਗ ਬਿਆਨ ਨਾ ਦੇਣ। ਉਹਨਾਂ ਨੇ ਕਿਹਾ ਕਿ ਇਹ ਕਿਵੇਂ ਸੰਭਵ ਹੈ ਕਿ ਦੇਸ਼ ਵਿਚ ਕੋਈ ਲੋਕਤੰਤਰ ਨਹੀਂ ਹੈ? ਜੇਕਰ ਦੇਸ਼ ਵਿੱਚ ਲੋਕਤੰਤਰ ਨਹੀਂ ਹੈ ਤਾਂ ਰਾਹੁਲ ਗਾਂਧੀ 99 ਸੀਟਾਂ ਲੈ ਕੇ ਵਿਰੋਧੀ ਧਿਰ ਦੇ ਨੇਤਾ ਕਿਵੇਂ ਬਣ ਸਕਦੇ ਹਨ? ਅਠਾਵਲੇ ਨੇ X 'ਤੇ ਇੱਕ ਪੋਸਟ ਵਿੱਚ ਕਿਹਾ, ਦਾ ਅੰਤ ਕਰਨ ਦੇ ਬਾਰੇ ਵਿਚ ਗੱਲ ਕਰਕੇ ਰਾਹੁਲ ਗਾਂਧੀ ਨੇ ਇਕ ਵਾਰ ਫਿਰ ਕਾਂਗਰਸ ਦਾ ਦਲਿਤ ਵਿਰੋਧੀ ਚਿਹਰਾ ਦੇਸ਼ ਦੇ ਸਾਹਮਣੇ ਲਿਆ ਦਿੱਤਾ ਹੈ।

# ਭਾਜਪਾ ਨੂੰ ਵੱਡਾ ਝਟਕਾ, ਕਰਨਦੇਵ ਕੰਬੋਜ ਕਾਂਗਰਸ 'ਚ ਹੋਏ ਸ਼ਾਮਲ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਦੀ ਹਰਿਆਣਾ ਇਕਾਈ ਦੇ ਨੇਤਾ ਅਤੇ ਸਾਬਕਾ ਮੰਤਰੀ ਕਰਨਦੇਵ ਕੰਬੋਜ ਸ਼ੁੱਕਰਵਾਰ ਨੂੰ ਪਾਰਟੀ ਛੱਡ ਕੇ ਕਾਂਗਰਸ 'ਚ ਸ਼ਾਮਲ ਹੋ ਗਏ। ਕੰਬੋਜ ਨੇ ਅਗਲੇ ਮਹੀਨੇ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਟਿਕਟ ਨਾ ਮਿਲਣ ਤੋਂ ਬਾਅਦ ਹਾਲ ਹੀ 'ਚ ਭਾਜਪਾ ਦੀ ਪ੍ਰਦੇਸ਼ ਇਕਾਈ ਦੇ ਹੋਰ ਪਿਛੜਾ ਵਰਗ (ਓ.ਬੀ.ਸੀ.) ਮੋਰਚਾ ਦੇ ਮੁਖੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ। ਕੰਬੋਜ ਰਾਦੌਰ ਜਾਂ ਇੰਦਰੀ ਸੀਟ ਤੋਂ ਟਿਕਟ ਚਾਹੁੰਦੇ ਸਨ।

ਇੱਥੇ ਜਾਰੀ ਇਕ ਬਿਆਨ 'ਚ ਕਿਹਾ ਗਿਆ ਕਿ ਉਹ ਸਾਬਕਾ ਮੁੱਖ ਮੰਤਰੀ ਭੂਪਿੰਦਰ ਸਿੰਘ ਹੁੱਡਾ ਅਤੇ ਪ੍ਰਦੇਸ਼ ਕਾਂਗਰਸ ਮੁਖੀ ਉਦੇਭਾਨ ਦੀ ਮੌਜੂਦਗੀ 'ਚ ਕਾਂਗਰਸ 'ਚ ਸ਼ਾਮਲ ਹੋਏ।



ਕੰਬੋਜ ਨੇ ਪਿਛਲੇ ਹਫ਼ਤੇ ਦਾਅਵਾ ਕੀਤਾ ਸੀ ਕਿ ਭਾਜਪਾ ਨੇ ਪਾਰਟੀ 'ਚ ਨਵੇਂ-ਨਵੇਂ ਸ਼ਾਮਲ ਹੋਏ ਕਈ ਲੋਕਾਂ ਅਤੇ ਦਲ ਬਦਲੂਆਂ ਨੂੰ ਟਿਕਟ ਦਿੱਤਾ ਹੈ, ਜਦੋਂ ਕਿ ਉਨ੍ਹਾਂ ਲੋਕਾਂ ਦੀ ਅਣਦੇਖੀ ਕੀਤੀ ਹੈ, ਜੋ ਸਾਲਾਂ ਤੋਂ ਕੰਮ ਕਰ ਰਹੇ ਸਨ। ਹਰਿਆਣਾ ਦੀਆਂ 90 ਵਿਧਾਨ ਸਭਾ ਸੀਟਾਂ ਲਈ ਵੋਟਿੰਗ 5 ਅਕਤੂਬਰ ਨੂੰ ਹੋਵੇਗੀ ਅਤੇ ਵੋਟਾਂ ਦੀ ਗਿਣਤੀ 8 ਅਕਤੂਬਰ ਨੂੰ ਹੋਵੇਗੀ।

# ਪੰਜਾਬ ਪੁਲਿਸ ਦੀ ਏ.ਐਨ.ਟੀ.ਐਫ. ਨੇ ਨਸ਼ਾ ਤਸਕਰੀ ਮਾਮਲੇ ਵਿੱਚ ਡਰੱਗ ਇੰਸਪੈਕਟਰ ਸ਼ੀਸ਼ਾਨ ਮਿੱਤਲ ਨੂੰ ਕੀਤਾ ਗ੍ਰਿਫ਼ਤਾਰ

**➢ ਗ੍ਰਿਫ਼ਤਾਰ ਡਰੱਗ ਇੰਸਪੈਕਟਰ ਜੇਲ੍ਹ 'ਚ ਬੰਦ ਨਸ਼ਾ ਤਸਕਰਾਂ ਦੀ ਬਾਹਰੋਂ ਉਨ੍ਹਾਂ ਦੇ ਡਰੱਗ ਨੈੱਟਵਰਕ ਨੂੰ ਚਲਾਉਣ ਵਿੱਚ ਕਰਦਾ ਸੀ ਮਦਦ: ਡੀਜੀਪੀ ਗੌਰਵ ਯਾਦਵ ➢ ਦੋਸ਼ੀ ਦੇ 7.09 ਕਰੋੜ ਰੁਪਏ ਤੱਕ ਦੀ ਰਕਮ ਵਾਲੇ 24 ਬੈਂਕ ਖਾਤੇ ਅਤੇ ਦੋ ਲਾਕਰ ਪਹਿਲਾਂ ਹੀ ਫ੍ਰੀਜ਼ ➢ ਪੁਲਿਸ ਟੀਮਾਂ ਨੇ 1.49 ਕਰੋੜ ਰੁਪਏ ਦੀ ਨਕਦੀ, 260 ਗ੍ਰਾਮ ਸੋਨਾ ਅਤੇ 515 ਦਿਰਹਾਮ ਵੀ ਕੀਤੇ ਜ਼ਬਤ**

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਦੌਰਾਨ ਪੰਜਾਬ ਪੁਲਿਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੇ ਡਰੱਗ ਇੰਸਪੈਕਟਰ ਸ਼ੀਸ਼ਾਨ ਮਿੱਤਲ ਨੂੰ ਗੈਰ-ਕਾਨੂੰਨੀ ਦਵਾਈਆਂ, ਮੈਡੀਕਲ ਸਟੋਰਾਂ ਨਾਲ ਜੁੜੀਆਂ ਨਸ਼ਾ ਤਸਕਰੀ ਸਬੰਧੀ ਗਤੀਵਿਧੀਆਂ 'ਚ ਮਦਦ ਕਰਨ ਅਤੇ ਮਨੀ ਲਾਂਡਰਿੰਗ ਦੀ ਰਕਮ ਨੂੰ ਆਪਣੇ ਰਿਸ਼ਤੇਦਾਰਾਂ ਦੇ ਨਾਮ 'ਤੇ ਬੇਨਾਮੀ ਖਾਤਿਆਂ ਵਿੱਚ ਰੱਖਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਹ ਸਫ਼ਲਤਾ ਪੰਜਾਬ ਪੁਲਿਸ ਵੱਲੋਂ ਦੋਸ਼ੀ ਡਰੱਗ ਇੰਸਪੈਕਟਰ ਨਾਲ ਸਬੰਧਤ 24 ਬੈਂਕ ਖਾਤਿਆਂ - ਜਿਸ ਵਿੱਚ ਕੁੱਲ ਰਕਮ 7.09 ਕਰੋੜ ਰੁਪਏ ਤੱਕ ਹੈ - ਨੂੰ ਫ੍ਰੀਜ਼ ਕਰਨ ਦੇ ਨਾਲ ਨਾਲ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਵੱਖ-ਵੱਖ ਥਾਵਾਂ 'ਤੇ ਮਾਰੇ ਗਏ ਛਾਪਿਆਂ ਦੌਰਾਨ ਭਾਰੀ ਮਾਤਰਾ ਵਿੱਚ ਨਕਦੀ ਅਤੇ ਵਿਦੇਸ਼ੀ ਕਰੰਸੀ ਜ਼ਬਤ ਕਰਨ ਤੋਂ ਲਗਭਗ ਇੱਕ ਮਹੀਨੇ ਬਾਅਦ ਪ੍ਰਾਪਤ ਹੋਈ ਹੈ। ਇਸ ਤੋਂ ਇਲਾਵਾ ਦੋਸ਼ੀ ਦੇ ਦੋ ਬੈਂਕ ਲਾਕਰ ਵੀ ਜ਼ਬਤ ਕੀਤੇ ਗਏ ਹਨ।



ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਤਕਨੀਕੀ ਢੰਗ ਨਾਲ ਕੀਤੀ ਨਿਗਰਾਨੀ ਅਤੇ ਮਨੁੱਖੀ ਖੁਫੀਆ ਜਾਣਕਾਰੀ ਦੀ ਘੋਖ ਉਪਰੰਤ, ਸਪੈਸ਼ਲ ਡੀਜੀਪੀ ਕੁਲਦੀਪ ਸਿੰਘ ਦੀ ਅਗਵਾਈ ਵਾਲੀ ਏਐਨਟੀਐਫ ਦੀਆਂ ਪੁਲਿਸ ਟੀਮਾਂ ਨੇ ਐਰੋਸਿਟੀ, ਐਸਏਐਸ ਨਗਰ ਤੋਂ ਡਰੱਗ ਇੰਸਪੈਕਟਰ ਸ਼ੀਸ਼ਾਨ ਮਿੱਤਲ ਨੂੰ ਕਾਬੂ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਡਰੱਗ ਇੰਸਪੈਕਟਰ ਜੇਲ੍ਹ 'ਚ ਬੰਦ ਨਸ਼ਾ ਤਸਕਰਾਂ ਦੇ ਲਗਾਤਾਰ ਸੰਪਰਕ ਵਿੱਚ ਸੀ ਅਤੇ ਬਾਹਰੋਂ ਉਨ੍ਹਾਂ ਦੇ ਨਸ਼ਾ ਤਸਕਰੀ ਦੇ ਨੈਟਵਰਕ ਨੂੰ ਚਲਾਉਣ ਵਿੱਚ ਸਹਾਇਤਾ ਕਰ ਰਿਹਾ ਸੀ। ਜਾਂਚ ਵਿੱਚ ਇਹ ਵੀ ਪਤਾ ਲੱਗਾ ਹੈ ਕਿ ਦੋਸ਼ੀ ਡਰੱਗ ਇੰਸਪੈਕਟਰ ਸਰਕਾਰ ਤੋਂ ਇਜਾਜ਼ਤ ਲਏ ਜਾਂ ਐਕਸ-ਇੰਡੀਆਂ ਲੀਵ ਲਏ ਬਿਨਾਂ ਅਕਸਰ ਵਿਦੇਸ਼ਾਂ ਵਿੱਚ ਘੁੰਮਦਾ ਰਹਿੰਦਾ ਸੀ।

ਡੀਜੀਪੀ ਨੇ ਕਿਹਾ ਕਿ ਏਐਨਟੀਐਫ ਵੱਲੋਂ ਕੀਤਾ ਗਿਆ ਇਹ ਸਫਲ ਆਪ੍ਰੇਸ਼ਨ ਗੁੰਝਲਦਾਰ ਅਪਰਾਧਿਕ ਨੈਟਵਰਕਾਂ ਨਾਲ ਨਜਿੱਠਣ ਲਈ ਇਸਦੀ ਰਣਨੀਤਕ ਪਹੁੰਚ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਜ਼ਿਕਰਯੋਗ ਹੈ ਕਿ ਮਿੱਤਲ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਨੂੰ ਹਾਲ ਹੀ ਵਿੱਚ ਸੈਸ਼ਨ ਅਦਾਲਤ ਵੱਲੋਂ ਰੱਦ ਕਰ ਦਿੱਤਾ ਗਿਆ ਸੀ, ਜਿਸ ਨਾਲ ਉਸਦੇ ਵਿਰੁੱਧ ਦੋਸ਼ਾਂ ਦੀ ਗੰਭੀਰਤਾ ਹੋਰ ਵਧੇਰੇ ਸਪੱਸ਼ਟ ਹੋ ਗਈ।

ਹੋਰ ਵੇਰਵੇ ਸਾਂਝੇ ਕਰਦਿਆਂ ਸਪੈਸ਼ਲ ਡੀਜੀਪੀ ਕੁਲਦੀਪ ਸਿੰਘ ਨੇ ਦੱਸਿਆ ਕਿ ਏਐਨਟੀਐਫ ਨੇ ਦੋਸ਼ੀ ਕੋਲੋਂ 1.49 ਕਰੋੜ ਰੁਪਏ ਦੀ ਨਕਦੀ, 260 ਗ੍ਰਾਮ ਸੋਨਾ ਅਤੇ 515 ਦਿਰਹਾਮ ਬਰਾਮਦ ਕੀਤੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਗੈਰ-ਕਾਨੂੰਨੀ ਢੰਗ ਬਣਾਈਆਂ ਸੰਪਤੀਆਂ ਦੀ ਪਛਾਣ ਕੀਤੀ ਗਈ ਹੈ ਜਿਸ ਵਿੱਚ ਜ਼ੀਰਕਪੁਰ 'ਚ 2 ਕਰੋੜ ਰੁਪਏ ਦੇ ਮੁੱਲ ਦੇ ਫਲੈਟ, ਡੱਬਵਾਲੀ ਵਿੱਚ 40 ਲੱਖ ਰੁਪਏ ਦਾ ਪਲਾਟ ਅਤੇ ਹੋਰ ਬਹੁਤ ਕੁਝ ਸ਼ਾਮਲ ਹੈ।

ਇਸ ਸਬੰਧੀ ਐਫਆਈਆਰ ਨੰ. 121/2024 ਤਹਿਤ ਐਨਡੀਪੀਐਸ ਐਕਟ ਦੀ ਧਾਰਾ 29 ਅਤੇ 59 ਅਤੇ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 111 ਅਧੀਨ ਪਹਿਲਾਂ ਹੀ ਮਾਮਲਾ ਦਰਜ ਕੀਤਾ ਜਾ ਚੁੱਕਾ ਹੈ।

# ਦਿੱਲੀ ਦੀ ਅਦਾਲਤ ਵੱਲੋਂ ਟਾਈਟਲਰ ਖ਼ਿਲਾਫ਼ ਹੱਤਿਆ ਦੇ ਦੋਸ਼ ਤੈਅ



**ਨਵੀਂ ਦਿੱਲੀ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੀ ਇਕ ਅਦਾਲਤ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਇਕ ਮਾਮਲੇ ਵਿੱਚ ਅੱਜ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਹੱਤਿਆ ਤੇ ਹੋਰ ਅਪਰਾਧਾਂ ਵਿੱਚ ਦੋਸ਼ ਤੈਅ ਕੀਤੇ। ਟਾਈਟਲਰ ਨੇ ਗੁਨਾਹ ਕਬੂ ਨਹੀਂ ਕੀਤਾ ਜਿਸ ਮਗਰੋਂ ਵਿਸ਼ੇਸ਼ ਜੱਜ ਰਾਕੇਸ਼ ਸਿਆਲ ਨੇ ਉਸ 'ਤੇ ਮੁਕੱਦਮਾ ਚਲਾਉਣ ਦਾ ਨਿਰਦੇਸ਼ ਦਿੱਤਾ। ਜੱਜ ਨੇ 30 ਅਗਸਤ ਨੂੰ ਕਿਹਾ ਸੀ ਕਿ ਮੁਲਜ਼ਮ ਖ਼ਿਲਾਫ਼ ਕਾਰਵਾਈ ਅੱਗੇ ਵਧਾਉਣ ਦਾ ਢੁੱਕਵਾਂ ਆਧਾਰ ਹੈ।

ਇਕ ਗਵਾਹ ਨੇ ਪਹਿਲਾਂ ਦੋਸ਼ ਪੱਤਰ ਵਿੱਚ ਕਿਹਾ ਸੀ ਕਿ ਟਾਈਟਲਰ ਪਹਿਲੀ ਨਵੰਬਰ 1984 ਨੂੰ ਇੱਥੇ ਗੁਰਦੁਆਰਾ ਪੁਲ ਬੰਗਸ਼ ਦੇ ਸਾਹਮਣੇ ਸਫੈਦ ਅੰਬੈਸਡਰ ਕਾਰ ਤੋਂ ਬਾਹਰ ਨਿਕਲਿਆ ਸੀ ਅਤੇ ਉਸ ਨੇ ਇਹ ਕਹਿੰਦੇ ਹੋਏ ਭੀੜ ਨੂੰ ਭੜਕਾਇਆ ਸੀ ਕਿ 'ਸਿੱਖਾਂ ਨੂੰ ਮਾਰੋ, ਉਨ੍ਹਾਂ ਨੇ ਸਾਡੀ ਮਾਂ ਨੂੰ ਮਾਰਿਆ ਹੈ" ਅਤੇ ਇਸ ਤੋਂ ਬਾਅਦ ਤਿੰਨ ਲੋਕਾਂ ਦੀ ਹੱਤਿਆ ਹੋ ਗਈ। ਅਦਾਲਤ ਨੇ ਗੈਰ-ਕਾਨੂੰਨੀ ਤਰੀਕੇ ਨਾਲ ਇਕੱਠੇ ਹੋਣ, ਦੰਗਾ ਭੜਕਾਉਣ, ਵੱਖ-ਵੱਖ ਸਮੂਹਾਂ ਵਿਚਾਲੇ ਦੁਸ਼ਮਣੀ ਨੂੰ ਹੱਲਾਸ਼ੇਰੀ ਦੇਣ, ਘਰਾਂ ਵਿੱਚ ਵੜ ਕੇ ਹਮਲਾ ਕਰਨ ਅਤੇ ਚੋਰੀ ਸਣੇ ਹੋਰ ਕਈ ਅਪਰਾਧਾਂ ਲਈ ਦੋਸ਼ ਤੈਅ ਕਰਨ ਦਾ ਹੁਕਮ ਦਿੱਤਾ।

# ਦਹਿਸ਼ਤਗਰਦਾਂ ਨਾਲ ਮੁਕਾਬਲੇ 'ਚ ਦੋ ਜਵਾਨ ਸ਼ਹੀਦ ਤੇ ਦੋ ਜ਼ਖ਼ਮੀ

**ਜੰਮੂ, 13 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ 'ਚ ਅੱਜ ਤਲਾਸ਼ੀ ਮੁਹਿੰਮ ਦੌਰਾਨ ਦਹਿਸ਼ਤਗਰਦਾਂ ਨਾਲ ਹੋਏ ਮੁਕਾਬਲੇ 'ਚ ਫੌਜ ਦੇ ਦੋ ਜਵਾਨ ਸ਼ਹੀਦ ਤੇ ਦੋ ਜ਼ਖ਼ਮੀ ਹੋ ਗਏ। ਜਾਣਕਾਰੀ ਮੁਤਾਬਕ ਸੁਰੱਖਿਆ ਬਲਾਂ ਨੇ ਦਹਿਸ਼ਤਗਰਦਾਂ ਦੀ ਸੂਹ ਮਿਲਣ 'ਤੇ ਛੱਤਰੂ ਪੱਟੀ ਦੇ ਨਾਇਦਗ਼ਾਮ ਇਲਾਕੇ 'ਚ ਘੇਰਾ ਪਾ ਕੇ ਤਲਾਸ਼ੀ ਮੁਹਿੰਮ ਚਲਾਈ ਸੀ, ਜਿਸ ਦੌਰਾਨ ਜੰਗਲੀ ਇਲਾਕੇ 'ਚ ਲੁਕੇ ਦਹਿਸ਼ਤਗਰਦਾਂ ਨੇ ਸੁਰੱਖਿਆ ਬਲਾਂ 'ਤੇ ਅਚਾਨਕ ਗੋਲੀਆਂ ਚਲਾ ਦਿੱਤੀਆਂ। ਅਧਿਕਾਰੀਆਂ ਨੇ ਦੱਸਿਆ ਕਿ ਮੁਕਾਬਲੇ ਦੌਰਾਨ ਫੌਜ ਦੇ ਚਾਰ ਜਵਾਨ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਸਥਾਨਕ ਹਸਪਤਾਲ 'ਚੋਂ ਮੁੱਢਲੀ ਡਾਕਟਰੀ ਸਹਾਇਤਾ ਦਿਵਾਉਣ ਮਗਰੋਂ ਹਵਾਈ ਜਹਾਜ਼ ਰਾਹੀਂ ਆਰਮੀ ਹਸਪਤਾਲ ਲਿਜਾਇਆ ਗਿਆ। ਇਨ੍ਹਾਂ ਵਿੱਚੋਂ ਦੋ ਜਵਾਨਾਂ ਜੇਸੀਓ ਨਾਇਬ ਸੂਬੇਦਾਰ ਵਿਪਨ ਕੁਮਾਰ ਅਤੇ ਸਿਪਾਹੀ ਅਰਵਿੰਦ ਸਿੰਘ ਨੇ ਇਲਾਜ ਦੌਰਾਨ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਦਿੱਤਾ।

# ਚੀਮਾ ਨੇ ਜੀ.ਐਸ.ਟੀ. ਕੌਂਸਲ ਦੀ 54ਵੀਂ ਮੀਟਿੰਗ ਵਿੱਚ ਜੀ.ਐਸ.ਟੀ. ਮੁਆਵਜ਼ੇ ਅਤੇ ਰਿਸਰਚ ਗ੍ਰਾਂਟ ਨੂੰ ਜੀ.ਐਸ.ਟੀ. ਤੋਂ ਛੋਟ 'ਤੇ ਜ਼ੋਰ ਦਿੱਤਾ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਜੀ.ਐਸ.ਟੀ. ਕੌਂਸਲ ਨੂੰ ਜਾਣੂ ਕਰਵਾਇਆ ਕਿ ਜੀ.ਐਸ.ਟੀ. ਪ੍ਰਣਾਲੀ ਲਾਗੂ ਹੋਣ ਤੋਂ ਬਾਅਦ ਸੂਬੇ ਦੇ ਕਰ ਮਾਲੀਏ ਵਿੱਚ ਕਾਫ਼ੀ ਜ਼ਿਆਦਾ ਕਮੀ ਆਈ ਹੈ। ਉਨ੍ਹਾਂ ਕਿਹਾ ਕਿ ਜੀ.ਐਸ.ਟੀ. ਮਾਲੀਏ ਵਿੱਚ ਕਮੀ ਨੂੰ ਧਿਆਨ ਵਿੱਚ ਰੱਖਦਿਆਂ ਜੀ.ਐਸ.ਟੀ. ਕੌਂਸਲ ਨੂੰ ਕਰ ਮਾਲੀਏ ਵਿੱਚ ਕਮੀ ਵਾਲੇ ਸੂਬਿਆਂ ਨੂੰ ਮੁਆਵਜ਼ਾ ਦੇਣ ਦੇ ਢੰਗ-ਤਰੀਕੇ ਤਲਾਸ਼ਣੇ ਚਾਹੀਦੇ ਹਨ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਸਿੱਖਿਆ, ਪੰਜਾਬ ਸਰਕਾਰ ਲਈ ਤਰਜੀਹੀ ਖੇਤਰ ਹੈ, ਉਨ੍ਹਾਂ ਨੇ ਰਿਸਰਚ ਗ੍ਰਾਂਟਾਂ ਨੂੰ ਜੀ.ਐਸ.ਟੀ. ਤੋਂ ਛੋਟ ਦੇਣ ਦੀ ਵੀ ਵਕਾਲਤ ਕੀਤੀ।

ਜੀ.ਐਸ.ਟੀ. ਕੌਂਸਲ ਦੀ 54ਵੀਂ ਮੀਟਿੰਗ ਸਬੰਧੀ ਜਾਰੀ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਆਬਕਾਰੀ ਤੇ ਕਰ ਵਿਭਾਗ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੌਂਸਲ ਨੂੰ ਦੱਸਿਆ ਕਿ ਜੀ.ਐਸ.ਟੀ. ਪ੍ਰਣਾਲੀ ਅਧੀਨ ਟੈਕਸ ਦਰਾਂ ਹੁਣ ਸੂਬੇ ਦੇ ਕੰਟਰੋਲ ਵਿੱਚ ਨਹੀਂ ਹਨ, ਜਿਸ ਦੇ ਚੱਲਦਿਆਂ ਪੰਜਾਬ ਟੈਕਸ ਪ੍ਰਣਾਲੀ ਵਿੱਚ ਇਸ ਤਬਦੀਲੀ ਦੇ ਨਤੀਜੇ ਵਜੋਂ ਹੋਣ ਵਾਲੇ ਨੁਕਸਾਨ ਦੀ ਭਰਪਾਈ ਨਹੀਂ ਕਰ ਸਕਦਾ। ਇਸ ਤੋਂ ਇਲਾਵਾ ਦੂਜੇ ਰਾਜਾਂ ਵਿੱਚ ਵਰਤੇ ਜਾਣ ਵਾਲੀਆਂ ਵਸਤਾਂ ਦਾ ਨਿਰਮਾਣ ਪੰਜਾਬ ਵਿੱਚ ਹੋਣ ਕਾਰਨ ਵੀ ਸੂਬੇ ਨੂੰ ਘੱਟ ਆਈ.ਜੀ.ਐਸ.ਟੀ. ਦਾ ਢੁੱਕਵਾਂ ਹਿੱਸਾ ਨਹੀਂ ਮਿਲਦਾ । ਇਸ ਲਈ ਜੀ.ਐਸ.ਟੀ. ਮਾਲੀਏ ਵਿੱਚ ਕਮੀ ਨੂੰ ਦੇਖਦਿਆਂ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕੌਂਸਲ ਨੂੰ ਜੀ.ਐਸ.ਟੀ. ਦੇ ਲਾਗੂਕਰਨ ਕਰਕੇ ਮਾਲੀਏ 'ਚ ਕਮੀ ਵਾਲੇ ਰਾਜਾਂ ਨੂੰ ਮੁਆਵਜ਼ਾ ਦੇਣ ਦੇ ਢੰਗ-ਤਰੀਕਿਆਂ ਦੀ ਪੜਚੋਲ ਕਰਨ ਦੀ ਅਪੀਲ ਕੀਤੀ। ਜੀ.ਐਸ.ਟੀ. ਕੌਂਸਲ ਨੇ ਸ. ਚੀਮਾ ਵੱਲੋਂ ਦਿੱਤੇ ਸੁਝਾਅ 'ਤੇ ਗੌਰ ਕਰਦਿਆਂ ਇਸ ਸਬੰਧੀ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।

ਵਿੱਤ ਮੰਤਰੀ ਸ. ਚੀਮਾ ਨੇ ਸਿੱਖਿਆ ਨੂੰ ਹੁਲਾਰਾ ਦੇਣ ਸਬੰਧੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਹਵਾਲਾ ਦਿੰਦਿਆਂ ਰਿਸਰਚ ਗ੍ਰਾਂਟਾਂ ਨੂੰ ਜੀਐਸਟੀ ਤੋਂ ਛੋਟ ਦੇਣ ਦੀ ਗੱਲ ਵੀ ਰੱਖੀ। ਜੀ.ਐਸ.ਟੀ. ਕੌਂਸਲ ਨੇ ਸਰਕਾਰੀ ਸੰਸਥਾਵਾਂ, ਖੋਜ ਐਸੋਸੀਏਸ਼ਨਾਂ, ਯੂਨੀਵਰਸਿਟੀਆਂ, ਕਾਲਜਾਂ ਅਤੇ ਆਮਦਨ ਕਰ ਕਾਨੂੰਨ ਦੀ ਧਾਰਾ 35 ਤਹਿਤ ਨੋਟੀਫਾਈ ਹੋਰ ਸੰਸਥਾਵਾਂ ਨੂੰ ਪ੍ਰਾਈਵੇਟ ਗ੍ਰਾਂਟਾਂ ਸਮੇਤ ਰਿਸਰਚ ਗ੍ਰਾਂਟਾਂ ਤੋਂ ਛੋਟ ਦੇਣ ਦੀ ਹਾਮੀ ਭਰੀ।

ਪੰਜਾਬ ਸਰਕਾਰ ਨੇ ਕਾਰੋਬਾਰ ਤੋਂ ਕਾਰੋਬਾਰ (ਬੀ ਟੂ ਬੀ) ਲੈਣ-ਦੇਣ 'ਤੇ 2% ਟੀ.ਡੀ.ਐਸ ਦੇ ਨਾਲ ਰਿਵਰਸ ਚਾਰਜ ਦੇ ਆਧਾਰ 'ਤੇ ਮੈਟਲ ਸਕ੍ਰੈਪ 'ਤੇ ਟੈਕਸ ਲਗਾਉਣ ਸਬੰਧੀ ਜੀ.ਐਸ.ਟੀ. ਕੌਂਸਲ ਦੇ ਫੈਸਲਿਆਂ ਦਾ ਸਵਾਗਤ ਕੀਤਾ। ਹਾਲਾਂਕਿ, ਕੈਬਨਿਟ ਮੰਤਰੀ ਚੀਮਾ ਨੇ ਮੈਟਲ ਸਕ੍ਰੈਪ 'ਤੇ ਰਿਵਰਸ ਚਾਰਜ ਪ੍ਰਣਾਲੀ (ਆਰ.ਸੀ.ਐਮ.) ਦਰ ਦੀ ਮੁੜ ਪੜਚੋਲ ਕਰਨ ਦੀ ਸਿਫਾਰਸ਼ ਕਰਦਿਆਂ ਇਸਨੂੰ 5% ਤੱਕ ਘਟਾਉਣ ਦਾ ਪ੍ਰਸਤਾਵ ਦਿੱਤਾ। ਜੀ.ਐਸ.ਟੀ. ਕੌਂਸਲ ਨੇ ਸ. ਚੀਮਾ ਵੱਲੋਂ ਦਿੱਤੇ ਗਏ ਸੁਝਾਅ 'ਤੇ ਗੌਰ ਕਰਦਿਆਂ ਇਸ ਸਬੰਧੀ ਢੁਕਵੀਂ ਕਾਰਵਾਈ ਦਾ ਭਰੋਸਾ ਦਿੱਤਾ।

ਕੈਬਨਿਟ ਮੰਤਰੀ ਸ. ਚੀਮਾ ਨੇ ਸਿਹਤ ਅਤੇ ਟਰਮ ਇੰਸ਼ੋਰੈਂਸ 'ਤੇ ਅਦਾ ਕੀਤੇ ਜਾਂਦੇ ਪ੍ਰੀਮੀਅਮਾਂ 'ਤੇ ਜੀ.ਐਸ.ਟੀ. ਨੂੰ ਘਟਾਉਣ ਜਾਂ ਇਸ ਤੋਂ ਛੋਟ ਦੀ ਵਕਾਲਤ ਵੀ ਕੀਤੀ, ਜਿਸ ਨਾਲ ਆਮ ਆਦਮੀ ਨੂੰ ਫਾਇਦਾ ਹੋਵੇਗਾ।

# ਸਰਕਾਰ ਨੇ ਝੋਨੇ ਦੀ ਵਢਾਈ ਤੋਂ ਪਹਿਲਾਂ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਕੀਤੇ ਅਗੇਤੇ ਪ੍ਰਬੰਧ: ਗੁਰਮੀਤ ਸਿੰਘ ਖੁੱਡੀਆਂ

➤ ਹੁਣ ਤੱਕ 11000 ਤੋਂ ਵੱਧ ਸੀ.ਆਰ.ਐਮ. ਮਸ਼ੀਨਾਂ ਲਈ 6,377 ਮਨਜ਼ੂਰੀ ਪੱਤਰ ਜਾਰੀ; ਕਿਸਾਨਾਂ ਨੇ 5534 ਮਸ਼ੀਨਾਂ ਖਰੀਦੀਆਂ

➤ 4,945 ਮਨਜ਼ੂਰੀ ਪੱਤਰਾਂ ਨਾਲ ਸੀ.ਆਰ.ਐਮ. ਮਸ਼ੀਨਾਂ ਵਿੱਚ ਸੁਪਰ ਸੀਡਰ ਦੀ ਮੰਗ ਸਭ ਤੋਂ ਵੱਧ: ਖੇਤੀਬਾੜੀ ਮੰਤਰੀ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਝੋਨੇ ਦੀ ਵਾਢੀ ਦੇ ਸੀਜ਼ਨ ਦੇ ਸ਼ੁਰੂ ਹੋਣ ਤੋਂ ਪਹਿਲਾਂ ਇਸ ਵਾਰ ਖੇਤੀਬਾੜੀ ਵਿਭਾਗ ਵੱਲੋਂ ਸੂਬੇ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਗੇਤੇ ਪ੍ਰਬੰਧ ਕੀਤੇ ਗਏ ਹਨ। ਵਿਭਾਗ ਵੱਲੋਂ ਹੁਣ ਤੱਕ 11,052 ਖੇਤੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲਈ 6,377 ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਹਨ ਤਾਂ ਜੋ ਪਰਾਲੀ ਦੇ ਸੁਚੱਜੇ ਪ੍ਰਬੰਧਨ ਵਿੱਚ ਕਿਸਾਨਾਂ ਦੀ ਸਹਾਇਤਾ ਕੀਤੀ ਜਾ ਸਕੇ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਪਰਾਲੀ ਦੇ ਸੁਚਾਰੂ ਪ੍ਰਬੰਧਨ ਲਈ ਕਿਸਾਨਾਂ ਵੱਲੋਂ ਹੁਣ ਤੱਕ 5,534 ਸੀ.ਆਰ.ਐਮ ਮਸ਼ੀਨਾਂ ਖ਼ਰੀਦੀਆਂ ਜਾ ਚੁੱਕੀਆਂ ਹਨ। ਇਨ੍ਹਾਂ ਵਿੱਚੋਂ 4,640 ਮਸ਼ੀਨਾਂ ਵਿਅਕਤੀਗਤ ਕਿਸਾਨਾਂ ਵੱਲੋਂ, 745 ਰਜਿਸਟਰਡ ਕਿਸਾਨ ਸਮੂਹਾਂ ਵੱਲੋਂ, 119 ਸਹਿਕਾਰੀ ਸਭਾਵਾਂ ਵੱਲੋਂ ਅਤੇ 30 ਫਾਰਮਰ ਪ੍ਰੋਡਿਊਸਰ ਆਰਗੇਨਾਈਜ਼ੇ ?ਨਜ਼ ਵੱਲੋਂ ਖਰੀਦੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਸੀ.ਆਰ.ਐਮ ਮਸ਼ੀਨਾਂ ਵਿੱਚ ਸੁਪਰ ਸੀਡਰ ਮਸ਼ੀਨਾਂ ਦੀ ਮੰਗ ਸਭ ਤੋਂ ਵੱਧ ਹੈ ਅਤੇ ਇਹਨਾਂ ਮਸ਼ੀਨਾਂ ਲਈ 4,945 ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਹਨ। ਇਸ ਤੋਂ ਇਲਾਵਾ, ਜ਼ੀਰੋ ਟਿਲ ਡਰਿੱਲ ਲਈ 1,164 ਮਨਜ਼ੂਰੀ ਪੱਤਰ, ਹਾਈਡ੍ਰੌਲਿਕ ਰਿਵਰਸੀਬਲ ਐਮ.ਬੀ. ਪਲੌਅ ਲਈ 637, ਸਟਰਾਅ ਰੇਕ ਲਈ 630, ਬੇਲਿੰਗ ਮਸ਼ੀਨ ਲਈ 607 ਅਤੇ ਪੈਡੀ ਸਟਰਾਅ ਚੌਪਰ ਲਈ 591 ਮਨਜ਼ੂਰੀ



ਪੱਤਰ ਜਾਰੀ ਕੀਤੇ ਗਏ ਹਨ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਿਸਾਨਾਂ ਨੂੰ ਮਸ਼ੀਨਾਂ ਲੈਸ ਕਰਨ ਅਤੇ ਹੋਰ ਰਣਨੀਤੀਆਂ ਲਾਗੂ ਕਰਨ ਲਈ 500 ਕਰੋੜ ਰੁਪਏ ਦੀ ਕਾਰਜ ਯੋਜਨਾ ਉਲੀਕੀ ਹੈ। ਉਨ੍ਹਾਂ ਦੱਸਿਆ ਕਿ ਸਾਉਣੀ ਸੀਜ਼ਨ 2024-25 ਦੌਰਾਨ ਸਬਸਿਡੀ 'ਤੇ ਵੱਖ-ਵੱਖ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲੈਣ ਲਈ ਖੇਤੀਬਾੜੀ ਵਿਭਾਗ ਨੂੰ ਕਿਸਾਨਾਂ, ਸਹਿਕਾਰੀ ਸਭਾਵਾਂ ਅਤੇ ਪੰਚਾਇਤਾਂ ਵੱਲੋਂ 21,830 ਅਰਜ਼ੀਆਂ ਪ੍ਰਾਪਤ ਹੋਈਆਂ ਹਨ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਝੋਨੇ ਦੀ ਕਟਾਈ ਉਪਰੰਤ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਛੋਟੇ ਅਤੇ ਸੀਮਾਂਤ ਕਿਸਾਨਾਂ ਦੀ ਸੀ.ਆਰ.ਐਮ. ਮਸ਼ੀਨਰੀ ਤੱਕ ਪਹੁੰਚ ਆਸਾਨ ਕਰਨ ਲਈ ਸੂਬੇ ਭਰ ਵਿੱਚ 163 ਕਸਟਮਰ ਹਾਇਰਿੰਗ ਸੈਂਟਰ (ਸੀ.ਐਚ.ਸੀਜ਼) ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸੀਆਰਐਮ ਮਸ਼ੀਨਾਂ ਮਿੱਟੀ ਦੀ ਗੁਣਵੱਤਾ ਅਤੇ ਉਪਜਾਊ ਸ਼ਕਤੀ ਨੂੰ ਸੁਰੱਖਿਅਤ ਰੱਖਣ ਦੇ ਨਾਲ ਖੇਤਾਂ ਨੂੰ ਸੁਚੱਜੇ ਢੰਗ ਨਾਲ ਸਾਫ਼ ਕਰਨ ਵਿੱਚ ਕਿਸਾਨਾਂ ਦੀ ਸਹਾਇਤਾ ਕਰਕੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੀ.ਆਰ.ਐਮ ਮਸ਼ੀਨਾਂ 'ਤੇ ਦਿੱਤੀ ਜਾ ਰਹੀ ਸਬਸਿਡੀ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਰੋਕਣ ਲਈ ਇਹਨਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ।

ਦੱਸਣਯੋਗ ਹੈ ਕਿ ਸੂਬਾ ਸਰਕਾਰ ਵੱਲੋਂ ਸੀ.ਆਰ.ਐਮ ਮਸ਼ੀਨਾਂ ਦੀ ਖਰੀਦ 'ਤੇ ਵਿਅਕਤੀਗਤ ਕਿਸਾਨਾਂ ਨੂੰ 50 ਫ਼ੀਸਦ ਸਬਸਿਡੀ ਅਤੇ ਕਿਸਾਨ ਸਮੂਹਾਂ ਤੇ ਸਹਿਕਾਰੀ ਸਭਾਵਾਂ ਨੂੰ 80 ਫ਼ੀਸਦ ਸਬਸਿਡੀ ਦਿੱਤੀ ਜਾ ਰਹੀ ਹੈ।

# ਔਰਤਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣਾ ਸਰਕਾਰ ਦਾ ਸ਼ਲਾਘਯੋਗ ਕੰਮ : ਡਾ. ਬਲਜੀਤ ਕੌਰ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸ੍ਰੀ ਮੁਕਤਸਰ ਸਾਹਿਬ ਵੱਲੋਂ ਗਿੱਦੜਬਾਹਾ ਵਿਖੇ ਲੜਕੀਆਂ ਲਈ ਵਿਸ਼ੇਸ਼ ਮੈਗਾ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਗਿਆ, ਇਸ ਕੈਂਪ ਦੀ ਪ੍ਰਧਾਨਗੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤੀ।

ਇਸ ਕੈਂਪ ਦੌਰਾਨ ਉਹਨਾਂ ਦੱਸਿਆ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰੀ ਦੀ ਇਹ ਨਿਵੇਕਲੀ ਪਹਿਲਕਦਮੀ ਹੈ ਜਿਸ ਤਹਿਤ ਔਰਤਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ 1134 ਪ੍ਰਾਰਥਨਾਂ ਵੱਲੋਂ ਭਾਗ ਲਿਆ ਗਿਆ ਅਤੇ ਵੱਖ-ਵੱਖ ਕੰਪਨੀਆਂ ਵੱਲੋਂ ਮੌਕੇ 'ਤੇ ਚੋਣ ਕਰਕੇ 578 ਪ੍ਰਾਰਥਨਾਂ ਨਿਯੁਕਤੀ ਪੱਤਰ ਦਿੱਤੇ ਗਏ ਅਤੇ 24 ਪ੍ਰਾਰਥਨਾਂ ਵੱਲੋਂ ਸਵੈ ਰੋਜ਼ਗਾਰ ਲਈ ਅਪਲਾਈ ਕੀਤਾ



ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਕੰਮ ਬਹੁਤ ਸ਼ਲਾਘਾਯੋਗ ਹੈ, ਜਿਸ ਤਹਿਤ ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਦੇ ਮੌਕੇ ਮਿਲਣਗੇ ਅਤੇ ਸਮਾਜ ਵਿੱਚ ਅੱਗੇ ਵਧਣ ਦੀ ਸੇਧ ਮਿਲੇਗੀ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਅਜਿਹੇ ਕੈਂਪ ਲਗਾਤਾਰ ਜਾਰੀ ਰਹਿਣਗੇ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਤ੍ਰਿਪਾਠੀ ਨੇ ਕਿਹਾ ਕਿ ਇਸ ਕੈਂਪ ਦੌਰਾਨ ਜਿਹੜੀਆਂ ਪ੍ਰਾਰਥਨਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ ਅਤੇ ਕਿਸੇ ਕਾਰਣ ਉਨ੍ਹਾਂ ਨੂੰ ਨਿਯੁਕਤੀ ਪੱਤਰ ਨਹੀਂ ਮਿਲੇ ਤਾਂ ਉਹ ਪ੍ਰਾਰਥਨਾਂ ਮਾਯੂਸ ਨਾ ਹੋਣ ਭਵਿੱਖ ਵਿੱਚ ਅਜਿਹੇ ਕੈਂਪ ਜਲਦੀ ਲਗਾ ਕੇ ਉਨ੍ਹਾਂ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਚੁਣੀਆਂ ਗਈਆਂ ਪ੍ਰਾਰਥੀਆਂ ਨੂੰ ਸ਼ੁਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਵਿੱਖ ਵਿੱਚ ਵੀ ਔਰਤਾਂ ਦੇ ਸ਼ਸ਼ਤੀਕਰਨ ਲਈ ਅਜਿਹੇ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਸ੍ਰੀ ਹਰਦੀਪ ਸਿੰਘ ਡਿੰਪੀ ਢਿੱਲੋਂ, ਐਸ.ਡੀ.ਐਮ. ਗਿੱਦੜਬਾਹਾ ਸ੍ਰੀ ਜਸਪਾਲ ਸਿੰਘ, ਕ੍ਰਿਪਾਲ ਸਿੰਘ ਪ੍ਰਧਾਨ ਟਰੱਕ ਯੂਨੀਅਨ, ਸ੍ਰੀ ਰਾਜੇਸ਼ ਮਹਾਜਨ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀ ਗੁਰਤੇਜ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਐਸ.ਆਰ.ਐਸ. ਸਰਕਾਰੀ ਪੌਲੀਟੈਕਨਿਕ ਕਾਲਜ, ਰਿਸ਼ੀ ਨਗਰ 'ਚ ਦਾਖਲਾ ਲੈਣ ਲਈ ਸੀਮਤ ਸੀਟਾਂ ਖਾਲੀ : ਪ੍ਰਿੰਸੀਪਲ ਮਨੋਜ਼ ਕੁਮਾਰ ਜਾਂਬਲਾ

**ਲੁਧਿਆਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਤਿਗੁਰੂ ਰਾਮ ਸਿੰਘ (ਐਸ.ਆਰ.ਐਸ.) ਸਰਕਾਰੀ ਪੌਲੀਟੈਕਨਿਕ ਕਾਲਜ਼, ਰਿਸ਼ੀ ਨਗਰ, ਲੁਧਿਆਣਾ ਦੇ ਪ੍ਰਿੰਸੀਪਲ ਮਨੋਜ਼ ਕੁਮਾਰ ਜਾਂਬਲਾ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਡਿਪਲੋਮਾ ਕੌਰਸਾਂ ਵਿੱਚੋ ਵਿਸ਼ੇਸ਼ ਤੌਰ 'ਤੇ (ਇੰਨਫਰਮੇਸ਼ਨ ਟੈਕਨੌਲਜੀ, ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜਨੀਅਰਿੰਗ, ਫੈਸ਼ਨ ਡਿਜ਼ਾਇਨਿੰਗ, ਗਾਰਮੈਂਟ ਮੈਨੂਫੈਕਚਰਿੰਗ ਅਤੇ ਮਾਡਰਨ ਆਫਿਸ ਪ੍ਰੈਕਟਿਸ ਵਿੱਚ) ਕੁਝ ਸੀਮਤ ਸੀਟਾਂ ਖਾਲੀ ਹਨ, ਜਿਨ੍ਹਾਂ ਨੂੰ ਚੱਲ ਰਹੀ ਤੀਸਰੀ ਕੌਸਲਿੰਗ ਵਿੱਚ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ 'ਤੇ ਭਰਿਆ ਜਾਣਾ ਹੈ। ਪੰਜਾਬ ਰਾਜ ਦੇ ਵੱਖ-ਵੱਖ ਪੌਲੀਟੈਕਨਿਕ ਕਾਲਜਾਂ ਵਿੱਚ ਸਾਲ 2024-25 ਦੌਰਾਨ ਤਕਨੀਕੀ ਸਿੱਖਿਆ ਹਾਸਲ ਕਰਨ ਲਈ ਆਨਲਾਈਨ ਰਜਿਸਟ੍ਰੇਸ਼ਨ ਦਾ ਕੰਮ ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ, ਚੰਡੀਗੜ੍ਹ ਵੱਲੋ ਸਤਿਗੁਰੂ ਰਾਮ ਸਿੰਘ (ਐਸ.ਆਰ.ਐਸ.) ਸਰਕਾਰੀ ਪੌਲੀਟੈਕਨਿਕ ਕਾਲਜ਼, ਰਿਸ਼ੀ ਨਗਰ, ਲੁਧਿਆਣਾ ਵਿੱਚ ਜਾਰੀ ਹੈ।

ਇਸ ਸਬੰਧੀ ਪ੍ਰਿੰਸੀਪਲ ਮਨੋਜ਼ ਕੁਮਾਰ ਜਾਂਬਲਾ ਨੇ ਦੱਸਿਆ ਕਿ ਚਾਹਵਾਨ ਵਿਦਿਆਰਥੀਆਂ ਲਈ ਇਕ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆ ਨੂੰ ਇਸ ਕਾਲਜ ਵਿਚ ਚੱਲ ਰਹੇ ਵੱਖ-ਵੱਖ ਤਕਨੀਕੀ ਕੋਰਸਾਂ ਦੀ ਜਾਣਕਾਰੀ ਦੇਣ ਹਿੱਤ ਇੱਕ ਗਾਈਡੈਂਸ ਸੈਲੱ/ਹੈਲਪ ਡੈਸਕ ਰੁਪਿੰਦਰ ਕੌਰ ਮੁਖੀ ਵਿਭਾਗ ਅਤੇ ਡਾ. ਪਵਨ ਕੁਮਾਰ ਲੈਕਚਰਾਰ (ਫੋਨ ਨੰ:98158-95547/0161-2303223) ਸਥਾਪਿਤ ਕੀਤਾ ਗਿਆ ਹੈ। ਇਸ ਹੈਲਪ ਡੈਸਕ 'ਤੇ ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀ ਬਿਨ੍ਹਾਂ ਕਿਸੇ ਵਾਧੂ ਚਾਰਜਿਜ਼ ਦੇ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਪ੍ਰਿੰਸੀਪਲ ਜਾਂਬਲਾ ਨੇ ਦੱਸਿਆ ਕਿ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀ ਇੰਜਨੀਅਰਿੰਗ ਡਿਪਲੋਮੇ ਦੇ ਪਹਿਲੇ ਸਾਲ ਵਿੱਚ ਦਾਖਲਾ ਲੈ ਸਕਦੇ ਹਨ, ਜਦਕਿ ਆਈ.ਟੀ.ਆਈ.(ਦੋ ਸਾਲ), ਬਾਰ੍ਹਵੀ (ਵੋਕੇਸ਼ਨਲ), ਬਾਰ੍ਹਵੀ(ਸਾਇੰਸ) ਪਾਸ ਕਰ ਚੁੱਕੇ ਵਿਦਿਆਰਥੀ ਸਿੱਧਾ ਹੀ ਦੂਜੇ ਸਾਲ ਵਿੱਚ ਦਾਖਲਾ ਲੈ ਸਕਦੇ ਹਨ।

ਸਰਕਾਰੀ ਬਹੁਤਕਨੀਕੀ ਕਾਲਜ ਲੁਧਿਆਣਾ ਜੋਕਿ ਹੈਬੋਵਾਲ ਖੁਰਦ (ਰਿਸ਼ੀ ਨਗਰ) ਵਿੱਚ ਸਥਿਤ ਹੈ, ਵਿੱਚ 06 ਡਿਪਲੋਮਾ (ਕੰਪਿਊਟਰ ਸਾਇੰਸ ਐਂਡ ਇੰਜਨੀਅਰਿੰਗ, ਇੰਨਫਰਮੇਸ਼ਨ ਟੈਕਨੌਲਜੀ, ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜਨੀਅਰਿੰਗ, ਫੈਸ਼ਨ ਡਿਜ਼ਾਇਨਿੰਗ, ਗਾਰਮੈਂਟ ਮੈਨੂਫੈਕਚਰਿੰਗ ਅਤੇ ਮਾਡਰਨ ਆਫਿਸ ਪ੍ਰੈਕਟਿਸ) ਚੱਲ ਰਹੇ ਹਨ। ਪਹਿਲੀ ਅਤੇ ਦੂਜੀ ਕੌਸਲਿੰਗ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਨੌਜਵਾਨ ਲੜਕੇ/ਲੜਕੀਆਂ ਵਿੱਚ ਭਾਰੀ ਉਤਸ਼ਾਹ ਹੈ। ਉਪਰੋਕਤ ਡਿਪਲੋਮਾ ਕੌਰਸਾਂ ਵਿੱਚੋ ਵਿਸ਼ੇਸ਼ ਤੌਰ 'ਤੇ (ਇੰਨਫਰਮੇਸ਼ਨ ਟੈਕਨੌਲਜੀ, ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜਨੀਅਰਿੰਗ, ਫੈਸ਼ਨ ਡਿਜ਼ਾਇਨਿੰਗ, ਗਾਰਮੈਂਟ ਮੈਨੂਫੈਕਚਰਿੰਗ ਅਤੇ ਮਾਡਰਨ ਆਫਿਸ ਪ੍ਰੈਕਟਿਸ) ਵਿੱਚ ਕੁਝ ਸੀਮਤ ਸੀਟਾਂ ਖਾਲੀ ਹਨ, ਜਿਨ੍ਹਾਂ ਨੂੰ ਚੱਲ ਰਹੀ ਤੀਸਰੀ ਕੌਸਲਿੰਗ ਵਿੱਚ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ 'ਤੇ ਭਰਿਆ ਜਾਣਾ ਹੈ।

ਸਰਕਾਰੀ ਪੌਲੀਟੈਕਨਿਕ ਕਾਲਜ ਦੀਆ ਬਾਕੀ ਰਹਿੰਦੀਆਂ ਸੀਮਤ ਸੀਟਾਂ ਲਈ 10ਵੀਂ ਅਤੇ ਬਾਰ੍ਹਵੀ ਪਾਸ ਵਿਦਿਆਰਥੀ ਦਾਖਲਾ ਲੈ ਕੇ ਲਾਭ ਉਠਾ ਸਕਦੇ ਹਨ। ਪ੍ਰਿੰਸੀਪਲ ਮਨੋਜ਼ ਕੁਮਾਰ ਜਾਂਬਲਾ ਵੱਲੋ ਇਹ ਵੀ ਦੱਸਿਆ ਗਿਆ ਕਿ ਕਾਲਜ ਵਿੱਚ ਪੰਜਾਬ/ਭਾਰਤ ਸਰਕਾਰ ਦੁਆਰਾ ਚਲਾਈ ਡਾ.ਅੰਬੇਦਕਰ ਪੋਸਟ ਮੈਟ੍ਰਿਕ ਸਕੀਮ ਅਧੀਨ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਦਿਆਰਥੀਆਂ, ਜਿਨ੍ਹਾਂ ਦੇ ਮਾਪਿਆਂ ਦੀ ਸਲਾਨਾ ਆਮਦਨ 2.50 ਲੱਖ ਰੁਪਏ ਤੋ ਘੱਟ ਹੈ ਫੀਸ ਕੇਵਲ 1133/- ਰੁਪਏ ਹੈ ਅਤੇ ਬਾਕੀ ਵਰਗ ਦੇ ਵਿਦਿਆਰਥੀਆਂ ਦੀ ਫੀਸ ਮੁੱਖ ਮੰਤਰੀ ਵਜ਼ੀਫਾ ਸਕੀਮ ਅਧੀਨ ਯੋਗਤਾ ਪ੍ਰੀਖਿਆ ਵਿੱਚ ਪ੍ਰਾਪਤ ਕੀਤੇ ਅੰਕਾਂ ਦੇ ਆਧਾਰ 'ਤੇ ਫੀਸ ਵਿੱਚ ਲਾਭ ਦਿੱਤਾ ਜਾਂਦਾ ਹੈ। ਵਧੇਰੇ ਜਾਣਕਾਰੀ ਲਈ ਜਸਵੀਰ ਸਿੰਘ ਪ੍ਰੈਸ ਕੁਆਰਡੀਨੇਟਰ 98728-13000 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਬਾਜਵਾ ਤੋਂ ਵੱਖਰੇ ਹੋਏ ਵੜਿੰਗ ਦੇ ਸੁਰ ! ਕਿਹਾ- ਲੜਾਂਗੇ 27 ਦੀਆਂ ਚੋਣਾਂ



**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

2027 ਦੀਆਂ ਚੋਣਾਂ ਲੜਣ ਨੂੰ ਲੈ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਸੁਰ ਵੱਖੋ-ਵੱਖਰੇ ਹੋ ਗਏ ਹਨ। ਪ੍ਰਤਾਪ ਸਿੰਘ ਬਾਜਵਾ ਨੇ 'ਜਗ ਬਾਣੀ' ਦੇ ਨਾਲ ਇੰਟਰਵਿਊ ਦੌਰਾਨ ਕਿਹਾ ਸੀ ਕਿ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਵਾਲਾ ਕੋਈ ਵੀ ਆਗੂ 2027 ਦੀ ਵਿਧਾਨ ਸਭਾ ਚੋਣ ਨਹੀਂ ਲੜੇਗਾ। ਉਨ੍ਹਾਂ ਕਿਹਾ ਸੀ ਕਿ ਜਿਹੜਾ ਵੀ ਲੋਕ ਸਭਾ ਵਿਚ ਗਿਆ ਹੈ ਆਪਣੀ ਮਰਜ਼ੀ ਨਾਲ ਗਿਆ ਹੈ ਤੇ 2029 ਤੋਂ ਪਹਿਲਾਂ ਵਾਪਸ ਨਹੀਂ ਆਵੇਗਾ। ਹੁਣ ਰਾਜਾ ਵੜਿੰਗ ਨੇ ਇਸ ਗੱਲ ਦਾ ਖੰਡਨ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਨੂੰ ਲੋਕ ਸਭਾ ਚੋਣ ਲੜਣ ਤੋਂ ਪਹਿਲਾਂ ਹੀ ਸਾਫ਼ ਕੀਤਾ ਗਿਆ ਸੀ ਕਿ ਉਹ 2027 ਦੀ ਚੋਣ ਲੜਣਗੇ।

ਪ੍ਰਤਾਪ ਸਿੰਘ ਬਾਜਵਾ ਦੇ ਬਿਆਨ ਬਾਰੇ ਪੁੱਛੇ ਜਾਣ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਬਾਜਵਾ ਸਾਹਿਬ ਨੇ ਇਹ ਗੱਲ ਕਿਸ ਸੰਦਰਭ ਵਿਚ ਕਹੀ ਸੀ। ਵੜਿੰਗ ਨੇ ਕਿਹਾ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਹੋਈ ਮੀਟਿੰਗ ਵਿਚ ਕੇ.ਸੀ. ਵੇਣੂਗੋਪਾਲ ਤੇ ਦੇਵੇਂਦਰ ਯਾਦਵ ਨੇ ਪ੍ਰਤਾਪ ਸਿੰਘ ਬਾਜਵਾ ਅਤੇ ਮੈਨੂੰ ਚੋਣ ਲੜਣ ਲਈ ਕਿਹਾ ਸੀ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਸੀ ਕਿ ਤੁਸੀਂ 2027 ਦੀਆਂ ਵਿਧਾਨ ਸਭਾ ਚੋਣਾਂ ਵੀ ਲੜਿਓ। ਇਹ ਗੱਲ ਪ੍ਰਤਾਪ ਸਿੰਘ ਬਾਜਵਾ ਦੀ ਮੌਜੂਦਗੀ ਵਿਚ ਹੋਈ ਹੈ।

ਰਾਜਾ ਵੜਿੰਗ ਨੇ ਕਿਹਾ ਕਿ ਇਹ ਉਸ ਵੇਲੇ ਦਾ ਸਮਾਂ ਦੱਸੇਗਾ ਕਿ ਕੀ ਕਰਨਾ ਹੈ ਜਾਂ ਕੀ ਨਹੀਂ ਕਰਨਾ। ਜੋ ਪਾਰਟੀ ਫ਼ੈਸਲਾ ਕਰੇਗੀ, ਉਹੀ ਹੋਵੇਗਾ। ਪ੍ਰਤਾਪ ਸਿੰਘ ਬਾਜਵਾ ਸੀਨੀਅਰ ਲੀਡਰ ਹਨ, ਪਰ ਉਹ ਅੰਤਿਮ ਫ਼ੈਸਲਾ ਨਹੀਂ ਲੈ ਸਕਦੇ। ਪਾਰਟੀ ਵਿਚ ਅੰਤਿਮ ਫ਼ੈਸਲਾ ਨਾ ਤਾਂ ਪੰਜਾਬ ਪ੍ਰਧਾਨ ਦਾ ਹੋਵੇਗਾ ਤੇ ਨਾ ਹੀ ਵਿਰੋਧੀ ਧਿਰ ਦੇ ਨੇਤਾ ਦਾ। ਅਸੀਂ ਆਪਣੇ ਸੁਝਾਅ ਪਾਰਟੀ ਨੂੰ ਦਿੰਦੇ ਹਾਂ ਤੇ ਪਾਰਟੀ ਉਸ 'ਤੇ ਫ਼ੈਸਲਾ ਕਰਦੀ ਹੈ। ਜੇ ਰਾਹੁਲ ਗਾਂਧੀ ਜਾਂ ਮੱਲੀਕਾਰਜੁਨ ਖੜਗੇ ਨਹੀਂ ਚਾਹੁਣਗੇ ਕਿ ਮੈਂ ਚੋਣ ਲੜਾਂ ਤਾਂ ਮੈਂ ਨਹੀਂ ਲੜਾਂਗਾ।

# ਵਿਜੀਲੈਂਸ ਬਿਊਰੋ ਨੇ 5,000 ਦੀ ਰਿਸ਼ਵਤ ਲੈਂਦਾ ਏ.ਐਸ.ਆਈ. ਦਬੋਚਿਆ



**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਮੰਗਲਵਾਰ ਨੂੰ ਪੁਲਿਸ ਚੌਂਕੀ ਕਿਲੀ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਬਠਿੰਡਾ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਮਲਕੀਤ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਬਠਿੰਡਾ ਜ਼ਿਲ੍ਹੇ ਦੇ ਪਿੰਡ ਕਿਲੀ ਨਿਹਾਲ ਸਿੰਘ ਵਾਲਾ ਦੇ ਹੀ ਵਸਨੀਕ ਮਨਦੀਪ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਖਿਲਾਫ ਸਿੰਚਾਈ ਵਿਭਾਗ ਵੱਲੋਂ ਨਹਿਰੀ ਪਾਣੀ ਨੂੰ ਦੂਸ਼ਿਤ ਕਰਨ ਦੇ ਦੋਸ਼ ਹੇਠ ਉਕਤ ਪੁਲਿਸ ਚੌਂਕੀ ਵਿਖੇ ਸ਼ਿਕਾਇਤ ਦਰਜ ਕਰਵਾਈ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਏ.ਐਸ.ਆਈ ਨੇ ਇਸ ਸਬੰਧੀ ਉਸਦੇ ਹੱਕ ਵਿੱਚ ਰਿਪੋਰਟ ਪੇਸ਼ ਕਰਨ ਬਦਲੇ 5,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਹੈ ਅਤੇ ਰਿਸ਼ਵਤ ਦੀ ਮੰਗ ਨੂੰ ਲੈ ਕੇ ਉਸਨੇ ਪੁਲਿਸ ਮੁਲਾਜ਼ਮ ਨਾਲ ਹੋਈ ਗੱਲਬਾਤ ਵੀ ਰਿਕਾਰਡ ਕੀਤੀ ਹੈ ਜੋ ਉਸਨੇ ਵਿਜੀਲੈਂਸ ਨੂੰ ਸੌਂਪ ਦਿੱਤੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਓਰੋ ਦੇ ਥਾਣਾ ਬਠਿੰਡਾ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ।

# ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਦੀ ਪ੍ਰਧਾਨਗੀ ਹੇਠ ਹੋਈ ਗਵਰਨਿੰਗ ਬਾਡੀ ਦੀ ਮੀਟਿੰਗ

**ਚੰਡੀਗੜ੍ਹ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੇਸਹਾਰਾ ਪਸ਼ੂਆਂ ਦੀ ਢੁਕਵੀਂ ਸਾਂਭ ਸੰਭਾਲ ਲਈ ਤੇਜ਼ੀ ਨਾਲ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਮੰਤਵ ਤਹਿਤ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਦੀ ਪ੍ਰਧਾਨਗੀ ਹੇਠ ਮੰਗਲਵਾਰ ਨੂੰ ਸੈਕਟਰ 68, ਫੋਰੈਸਟ ਕੰਪਲੈਕਸ ਬਿਲਡਿੰਗ ਐਸ ਏ ਐਸ (ਮੋਹਾਲੀ) ਵਿਖੇ ਗਵਰਨਿੰਗ ਬਾਡੀ ਦੀ ਮੀਟਿੰਗ ਹੋਈ।

ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗਊ ਧੰਨ ਦੀ ਸੇਵਾ ਅਤੇ ਸਾਂਭ-ਸੰਭਾਲ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬੇਸਹਾਰਾਂ ਪਸ਼ੂਆਂ ਦੀ ਗਿਣਤੀ ਵੱਧ ਗਈ ਹੈ। ਉਨ੍ਹਾਂ ਕਿਹਾ ਕਿ ਇਹਨਾਂ ਪਸ਼ੂਆਂ ਕਾਰਣ ਅਕਸਰ ਦੁਰਘਟਨਾਵਾਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਸ ਲਈ ਇਹਨਾਂ ਪਸ਼ੂਆਂ ਦੇ ਯੋਗ ਪ੍ਰਬੰਧਨ ਲਈ ਠੋਸ ਉਪਰਾਲੇ ਕੀਤੇ ਜਾਣੇ ਜ਼ਰੂਰੀ ਹਨ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਗਊ ਭਲਾਈ ਦੇ ਕੰਮਾਂ ਵਿੱਚ ਸੁਧਾਰ ਲਿਆਉਣ ਸਬੰਧੀ ਵੱਖ ਵੱਖ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਮੀਟਿੰਗ ਦੌਰਾਨ ਮੁੱਖ ਤੌਰ ਤੇ ਨਗਰ ਕੌਸਲਾਂ ਅਤੇ ਕਾਰਪੋਰੇਸ਼ਨਾ ਰਾਹੀਂ ਗਊ ਧਨ ਦੀ ਸੇਵਾ ਲਈ ਫੰਡ ਮੁਹਈਆ ਕਰਾਉਣ ਤੇ ਜ਼ੋਰ ਦਿੱਤਾ ਗਿਆ।

ਇਸ ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਹੋਏ ਜਿਨ੍ਹਾਂ ਵਿੱਚ ਵਿੱਤ, ਸੁਰੱਖਿਆ, ਪਸ਼ੂ ਪਾਲਣ, ਸਥਾਨਕ ਸਰਕਾਰਾਂ, ਬਿਜਲੀ,



ਟ੍ਰਾਂਸਪੋਰਟ ਅਤੇ ਪੇਂਡੂ ਵਿਕਾਸ ਵਿਭਾਗ ਸ਼ਾਮਿਲ ਸਨ।

ਇਸ ਮੀਟਿੰਗ ਦੀ ਕਾਰਵਾਈ ਗਊ ਸੇਵਾ ਕਮਿਸ਼ਨ ਦੇ ਮੁੱਖ ਕਾਰਜਕਾਰੀ ਅਫਸਰ ਡਾਕਟਰ ਅਸ਼ੀਸ਼ ਚੂੱਗ ਅਤੇ ਜਸਵਿੰਦਰ ਸਿੰਘ ਦੁਆਰਾ ਕੀਤੀ ਗਈ। ਇਸ ਮੌਕੇ ਕਮਿਸ਼ਨ ਦੇ ਵਾਈਸ ਚੇਅਰਮੈਨ ਸ਼੍ਰੀ ਮਨੀਸ਼ ਅਗਰਵਾਲ, ਡਾਇਰੈਕਟਰ ਪਸ਼ੂ ਪਾਲਣ ਵਿਭਾਗ ਗੁਰਸ਼ਰਨਜੀਤ ਸਿੰਘ ਬੇਦੀ ਅਤੇ ਗਊ ਸੇਵਾ ਕਮਿਸ਼ਨ ਦੇ ਮੈਂਬਰ ਸਾਹਿਬਾਨ ਵੀ ਹਾਜ਼ਰ ਸਨ।

# ਵਪਾਰ ਮੰਡਲ ਦੇ ਪ੍ਰਧਾਨ ਬਣੇ ਰਮੇਸ਼ ਪਹੂਜਾ



**ਰਾਜਪੁਰਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਇਕ ਨਿੱਜੀ ਹੋਟਲ 'ਚ ਵਪਾਰ ਮੰਡਲ ਰਾਜਪੁਰਾ ਦੀ ਮੀਟਿੰਗ ਹੋਈ। ਮੀਟਿੰਗ ਵਿਚ ਹਲਕਾ ਰਾਜਪੁਰਾ ਦੀ ਵਿਧਾਇਕਾ ਨੀਨਾ ਮਿੱਤਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਸਮਾਜ ਸੇਵੀ ਅਤੇ ਕਾਰੋਬਾਰੀ ਰਮੇਸ਼ ਪਹੂਜਾ ਨੂੰ ਤਿੰਨ ਸਾਲਾਂ ਲਈ ਵਪਾਰ ਮੰਡਲ ਦਾ ਪ੍ਰਧਾਨ ਚੁਣ ਲਿਆ ਗਿਆ। ਸ੍ਰੀ ਪਹੂਜਾ ਨੇ ਆਪਣੀ ਨਵੀਂ ਚੁਣੀ ਕਾਰਜਕਾਰਨੀ ਵਿਚ ਸ਼ਾਮ ਲਾਲ ਆਨੰਦ ਨੂੰ ਚੇਅਰਮੈਨ ਚੁਣਿਆ। ਇਸ ਤੋਂ ਇਲਾਵਾ ਗਗਨ ਖੁਰਾਣਾ ਨੂੰ ਜਨਰਲ ਸੈਕਟਰੀ, ਪਵਨ ਮਦਾਨ ਨੂੰ ਕੈਸ਼ੀਅਰ, ਅਨਿਲ ਪਹੂਜਾ, ਕ੍ਰਿਸ਼ਨ ਕਿੰਗਰ ਜੁਆਇੰਟ ਸਕੱਤਰ, ਮੋਹਿੰਦਰ ਬੱਬਰ , ਸੁਨੀਲ ਉਤਰੇਜਾ ਤੇ ਸੰਦੀਪ ਬੰਸਲ ਨੂੰ ਸੀਨੀਅਰ ਚੇਅਰਮੈਨ, ਡਾ. ਅਜੈ ਚੌਧਰੀ, ਸਤੀਸ਼ ਕਿੰਗਰ ਤੇ ਦਰਸ਼ਨ ਕੁਮਾਰ ਵਾਈਸ ਚੇਅਰਮੈਨ , ਸੁਰਿੰਦਰ ਮੁਖੀ, ਮਨਮੋਹਨ ਸੱਚਦੇਵਾ, ਅਸ਼ਵਨੀ ਕਵਾਤਰੌ ਤੇ ਰਵੀ ਮਹਿਤਾ ਸੀਨੀਅਰ ਵਾਈਸ ਪ੍ਰਧਾਨ ਦਿਨੇਸ਼ ਖੱਟਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸ੍ਰੀ ਪਹੂਜਾ ਨੇ ਮੀਟਿੰਗ ਵਿਚ ਪਹੁੰਚੇ 49 ਵਪਾਰ ਮੰਡਲ ਦੇ ਮੈਂਬਰਾਂ ਦਾ ਧੰਨਵਾਦ ਕੀਤਾ।

# ਬਰਸਾਤ ਕਾਰਨ ਖੇਡਾਂ ਵਤਨ ਪੰਜਾਬ ਦੀਆਂ ਦਾ ਨਵਾਂ ਸ਼ਡਿਊਲ ਕੀਤਾ ਜਾਰੀ

**ਫਤਹਿਗੜ੍ਹ ਸਾਹਿਬ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖੇਡ ਅਫਸਰ ਸ਼੍ਰੀਮਤੀ ਗੁਰਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ-2024 ਅਧੀਨ ਬਲਾਕ ਖਮਾਣੋਂ, ਅਮਲੋਹ, ਬਸੀ ਪਠਾਣਾ ਤੇ ਖੇੜਾ ਦੇ ਜਿਹੜੇ ਮੈਚ 10 ਸਤੰਬਰ ਨੂੰ ਕਰਵਾਏ ਜਾ ਰਹੇ ਹਨ। ਇਹ ਖੇਡ ਮੁਕਾਬਲੇ 10 ਸਤੰਬਰ ਤੋਂ 12 ਸਤੰਬਰ ਤੱਕ ਕਰਵਾਏ ਜਾਣੇ ਸਨ ਪ੍ਰੰਤੂ ਅੱਜ ਹੋਈ ਭਾਰੀ ਬਰਸਾਤ ਕਾਰਨ ਖੇਡ ਮੈਦਾਨ ਖਰਾਬ ਹੋ ਗਏ ਹਨ ਜਿਸ ਕਾਰਨ ਬਲਾਕ ਪੱਧਰੀ ਖੇਡਾਂ ਦੀਆਂ ਮਿਤੀਆਂ ਵਿੱਚ ਵਾਧਾ ਕੀਤਾ ਗਿਆ ਹੈ।

ਜ਼ਿਲ੍ਹਾ ਖੇਡ ਅਫਸਰ ਨੇ ਦੱਸਿਆ ਕਿ ਅੱਜ ਬਲਾਕ ਖਮਾਣੋਂ ਦੇ ਕਰਵਾਏ ਜਾਣ ਵਾਲੇ ਐਥਲੈਟਿਕਸ ਦੇ ਮੁਕਾਬਲੇ ਹੁਣ 12 ਸਤੰਬਰ ਨੂੰ ਖੇਡ ਸਟੇਡੀਅਮ ਉੱਚਾ ਜਟਾਣਾ ਵਿਖੇ ਕਰਵਾਏ ਜਾਣਗੇ ਜਦੋਂ ਕਿ ਅੱਜ ਕਰਵਾਏ ਜਾਣ ਵਾਲੇ ਖੋਹ-ਖੋਹ, ਕਬੱਡੀ ਤੇ ਵਾਲੀਬਾਲ ਦੇ ਮੁਕਾਬਲੇ ਹੁਣ ਸਕੂਲ ਆਫ ਐਮੀਨੈਂਸ ਖਮਾਣੋਂ ਵਿਖੇ 12 ਸਤੰਬਰ ਨੂੰ ਕਰਵਾਏ ਜਾਣਗੇ। ਇਸ ਤਰ੍ਹਾਂ ਬਲਾਕ ਅਮਲੋਹ ਦੇ 12 ਸਤੰਬਰ ਨੂੰ ਕਰਵਾਏ ਜਾਣ ਵਾਲੇ ਐਥਲੈਟਿਕਸ, ਖੋਹ-ਖੋਹ ਅਤੇ ਕਬੱਡੀ (ਸਰਕਲ ਤੇ ਨੈਸ਼ਨਲ ਸਟਾਇਲ) ਦੇ ਮੁਕਾਬਲੇ 13 ਤੇ 14 ਸਤੰਬਰ ਨੂੰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮੰਡੀ ਗੋਬਿੰਦਗੜ੍ਹ ਵਿਖੇ ਕਰਵਾਏ ਜਾਣਗੇ। ਜਦੋਂ ਕਿ ਵਾਲੀਬਾਲ ਤੇ ਫੁੱਟਬਾਲ ਦੇ ਮੁਕਾਬਲੇ ਸਕੂਲ ਆਫ ਐਮੀਨੈਂਸ ਅਮਲੋਹ ਵਿਖੇ ਕਰਵਾਏ ਜਾਣਗੇ।

ਸ਼੍ਰੀਮਤੀ ਗੁਰਦੀਪ ਕੌਰ ਨੇ ਦੱਸਿਆ ਕਿ 11 ਤੇ 12 ਸਤੰਬਰ ਨੂੰ ਬਲਾਕ ਬਸੀ ਪਠਾਣਾ ਦੇ ਕਰਵਾਏ ਜਾਣ ਵਾਲੇ ਮੁਕਾਬਲੇ 14 ਸਤੰਬਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀ: ਕਾਲਜ਼ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਜਾਣਗੇ। ਜਦੋਂ ਕਿ ਬਲਾਕ ਖੇੜਾ ਦੇ 12 ਸਤੰਬਰ ਨੂੰ ਕਰਵਾਏ ਜਾਣ ਵਾਲੇ ਖੇਡ ਮੁਕਾਬਲੇ 14 ਸਤੰਬਰ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜ: ਕਾਲਜ਼ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਜਾਣਗੇ।

# ਸ਼੍ਰੀ ਰਾਮ ਲੀਲ੍ਹਾ ਦੁਸਹਿਰਾ ਮੰਡਲ ਵਲੋਂ 1 ਅਕਤੂਬਰ ਨੂੰ ਸ਼ੁਰੂ ਹੋਵੇਗੀ ਰਾਮ ਲੀਲ੍ਹਾ



**ਡੇਰਾ ਬਸੀ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਰਾਬੱਸੀ ਵਿਖੇ ਸ੍ਰੀ ਰਾਮ ਲੀਲਾ ਦਸ਼ਹਿਰਾ ਮੰਡਲ ਰਜਿ. 6558 ਵਲੋਂ ਸ਼੍ਰੀ ਰਾਮ ਲੀਲਾ ਸਟੇਜ 'ਤੇ ਝੰਡਾ ਲਹਿਰਾਉਣ ਦੀ ਰਸਮ ਨਿਭਾਈ ਗਈ। ਇਸ ਮੌਕੇ ਕਮੇਟੀ ਮੈਂਬਰਾ ਵਲੋਂ ਸ਼੍ਰੀ ਕ੍ਰਿਸ਼ਨ ਮੰਦਰ ਤੋਂ ਰਵਾਨਾ ਹੋ ਕੇ ਮੇਨ ਬਾਜ਼ਾਰ ,ਸ਼੍ਰੀ ਰਾਮ ਤਲਾਈ ਤੋਂ ਹੁੰਦੇ ਹੋਏ ਸ਼੍ਰੀ ਰਾਮਚੰਦਰ ਜੀ ਦੇ ਨਾਮ ਦਾ ਜਾਪ ਕਰਦੇ ਹੋਏ ਸ਼੍ਰੀ ਰਾਮ ਲੀਲਾ ਮੈਦਾਨ ਪੁੱਜੇ । ਇਸ ਦੌਰਾਨ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਦਵਿੰਦਰ ਸੈਣੀ ਨੇ ਦੱਸਿਆ ਕਿ ਸ਼੍ਰੀ ਰਾਮਲੀਲਾ ਦੀ ਸਟੇਜ 1 ਅਕਤੂਬਰ ਤੋਂ ਸ਼ੁਰੂ ਹੋਵੇਗੀ, ਸ਼੍ਰੀ ਰਾਮ ਬਾਰਾਤ 4 ਅਕਤੂਬਰ ਨੂੰ ਕੱਢੀ ਜਾਵੇਗੀ ਅਤੇ 12 ਅਕਤੂਬਰ ਨੂੰ ਵਿਜੇਦਸ਼ਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਨਗਰ ਨਰੇਸ਼ ਉਪਜਾ, ਸੋਨੂੰ ਵਰਮਾ ਅਤੇ ਮੰਡਲ ਪ੍ਰਧਾਨ ਦਵਿੰਦਰ ਸੈਣੀ, ਚੇਅਰਮੈਨ ਰਾਕੇਸ਼, ਜਨਰਲ ਸਕੱਤਰ ਵਰਿੰਦਰ ਸ਼ਰਮਾ, ਖਜ਼ਾਨਚੀ ਪ੍ਰਦੀਪ ਸੈਣੀ, ਐਮ.ਫ਼ੂਲ ਸਿੰਘ, ਗੁਰਪ੍ਰੀਤ ਸੈਣੀ, ਸੁਰੇਸ਼, ਮੁਕੇਸ਼, ਹਰਸ਼ਿਤ, ਸ਼ਿਵਚਰਨ, ਅਚਿੰਤ ਮੈਂਬਰ ਹਾਜ਼ਰ ਸਨ।

# ਦੇਸ਼ੀ ਲਾਹਣ ਸ਼ਰਾਬ ਦੇ ਕੇਸ ਵਿੱਚ ਨਾਮਜ਼ਦ ਦੋਸ਼ੀ ਗੁਰਮੁੱਖ ਸਿੰਘ ਦੀ ਜ਼ਮਾਨਤ ਮਨਜ਼ੂਰ

**ਸਮਾਣਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਣਯੋਗ ਅਦਾਲਤ ਸ਼੍ਰੀ ਰਜਿੰਦਰ ਸਿੰਘ ਨਾਗਪਾਲ, ਸਬ ਡਵੀਜ਼ਨਲ ਜੂਡੀਸ਼ੀਅਲ ਮੈਜਿਸਟ੍ਰੇਟ ਸਮਾਣਾ ਦੀ ਅਦਾਲਤ ਨੇ ਨਾਜਾਇਜ਼ ਤਰੀਕੇ ਨਾਲ ਘਰ ਵਿੱਚ 180 ਲੀਟਰ ਦੇਸ਼ੀ ਲਾਹਣ ਸ਼ਰਾਬ ਰੱਖਣ ਦੇ ਦੋਸ਼ 'ਚ ਨਾਮਜ਼ਦ ਗੁਰਮੁੱਖ ਸਿੰਘ ਪੁੱਤਰ ਦੇਸ਼ਰਾਜ ਵਾਸੀ ਪਿੰਡ ਲਲੋਛੀ, ਜ਼ਿਲਾਂ ਪਟਿਆਲਾ ਦੀ ਜਮਾਨਤ ਅਰਜ਼ੀ ਮਨਜ਼ੂਰ ਕਰ ਲਈ ਹੈ।



ਜਾਣਕਾਰੀ ਦਿੰਦਿਆਂ ਦੋਸ਼ੀ ਗੁਰਮੁੱਖ ਸਿੰਘ ਦੇ ਵਕੀਲ ਵਿਸਾਖੀ ਸਿੰਘ ਕੰਬੋਜ਼ ਨੇ ਦੱਸਿਆ ਕਿ ਗੁਰਮੁੱਖ ਸਿੰਘ ਨੂੰ ਥਾਣਾ ਸਦਰ ਸਮਾਣਾ ਦੀ ਪੁਲਸ ਨੇ ਨਾਜਾਇਜ਼ ਤਰੀਕੇ ਨਾਲ ਘਰ ਵਿੱਚ 180 ਲੀਟਰ ਦੇਸ਼ੀ ਲਾਹਣ ਰੱਖਣ ਦੇ ਦੋਸ਼ ਵਿੱਚ ਗ੍ਰਿਫਤਾਰ ਕਰਕੇ ਕੇਂਦਰੀ ਜੇਲ ਪਟਿਆਲਾ ਭੇਜ ਦਿੱਤਾ ਸੀ ।ਐਡਵੋਕੇਟ ਵਿਸਾਖੀ ਸਿੰਘ ਕੰਬੋਜ਼ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਗੁਰਮੁੱਖ ਸਿੰਘ ਦੀ ਜ਼ਮਾਨਤ ਦੀ ਅਰਜ਼ੀ ਮਾਣਯੋਗ ਅਦਾਲਤ 'ਚ ਲਗਾਈ ਗਈ ਅਤੇ ਉਨ੍ਹਾਂ ਵੱਲੋਂ ਆਪਣੇ ਕਲਾਇੰਟ ਦਾ ਪੱਖ ਮਜ਼ਬੂਤੀ ਨਾਲ ਅਦਾਲਤ ਦੇ ਸਾਹਮਣੇ ਰੱਖਿਆ ਗਿਆ । ਮਾਨਯੋਗ ਅਦਾਲਤ ਵੱਲੋਂ ਦੋਨਾਂ ਧਿਰਾਂ ਦਾ ਪੱਖ ਸੁਣਨ ਤੋਂ ਬਾਅਦ ਦੋਸ਼ੀ ਗੁਰਮੁੱਖ ਸਿੰਘ ਦੀ ਜ਼ਮਾਨਤ ਦੀ ਅਰਜ਼ੀ ਮਨਜ਼ੂਰ ਕਰ ਲਈ ਹੈ ।

# ਦੋ ਦਿਨਾਂ ਲਈ ਪਲੇਸਮੈਂਟ ਕੈਂਪ ਅੱਜ

**ਬਠਿੰਡਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜਗਾਰ ਦੇਣ ਤੇ ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਦੋ ਦਿਨਾਂ ਲਈ ਪਲੇਸਮੈਂਟ ਕੈਂਪ ਸਥਾਨਕ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਵਿਖੇ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆ ਡਿਪਟੀ ਡਾਇਰੈਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ ਇੰਡੀਆ ਜੌਬ ਕਾਰਟ ਵੱਲੋਂ ਕੰਪਿਊਟਰ ਓਪਰੇਟਰ, ਐਡਮਿਸ਼ਨ ਕਾਊਂਸਲਰ, ਜੂਨੀਅਰ ਰੈਕਰਿਓਟਰ, ਫਰੰਟ ਡੈਸਕ ਐਗਜੀਕਿਊਟਿਵ, ਟੈਲੀਕਾਲਰ, ਟੀ.ਪੀ.ਏ. ਐਗਜੀਕਿਊਟਿਵ ਦੀਆਂ ਅਸਾਮੀਆਂ ਲਈ ਲੜਕੇ ਅਤੇ ਲੜਕੀਆਂ ਦੀ ਚੋਣ ਕੀਤੀ ਜਾਵੇਗੀ। ਇਨ੍ਹਾਂ ਅਸਾਮੀਆਂ ਲਈ ਯੋਗਤਾ ਗਰੈਜੂਏਸ਼ਨ ਨਾਲ ਸਬੰਧਤ ਫੀਲਡ ਦਾ ਤਜਰਬਾ ਹੋਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਮਰ ਹੱਦ 22 ਤੋਂ 35 ਸਾਲ ਹੈ। ਇਨ੍ਹਾਂ ਅਸਾਮੀਆਂ ਲਈ ਤਨਖਾਹ 12 ਤੋਂ 20 ਹਜ਼ਾਰ ਰੁਪਏ ਪ੍ਰਤੀ ਮਹੀਨਾ ਹੋਵੇਗੀ। ਇਸ ਮੌਕੇ ਰੋਜਗਾਰ ਅਫਸਰ ਅੰਕਿਤਾ ਅਗਰਵਾਲ ਨੇ ਦੱਸਿਆ ਕਿ ਇਸੇ ਲੜੀ ਤਹਿਤ ਨੂੰ ਅਥਰਵਾ ਟੈੱਕ ਮਾਈਡਸ ਪ੍ਰਾਈਵੇਟ ਲਿਮਟਿਡ, ਬਠਿੰਡਾ ਵੱਲੋਂ ਵੀ ਕੰਪਿਊਟਰ ਓਪਰੇਟਰ, ਮਾਰਕੀਟਿੰਗ ਐਗਜੀਕਿਊਟਿਵ, ਟੀਮ ਲੀਡਰ ਦੀਆਂ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ।

# ਪਿੰਡ ਤਰਖਾਣ ਮਾਜਰਾ ਦੇ ਆਂਗਨਵਾੜੀ ਕੇਂਦਰ ਵਿਖੇ ਜਾਗਰੂਕਤਾ ਸਮਾਗਮ

**ਫਤਹਿਗੜ੍ਹ ਸਾਹਿਬ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਪੋਸ਼ਣ ਅਭਿਆਨ ਸਕੀਮ ਹੇਠ 30 ਸਤੰਬਰ ਤੱਕ ਸੁਪੋਸ਼ਿਤ ਭਾਰਤ ਥੀਮ ਅਧੀਨ ਪੋਸ਼ਣ ਮਾਂਹ ਮਨਾਇਆ ਜਾ ਰਿਹਾ ਹੈ। ਇਸੇ ਤਹਿਤ ਪੋਸ਼ਣ ਮਾਂਹ ਬਾਰੇ ਲਾਭਪਾਤਰੀਆਂ ਦਾ ਪੋਸ਼ਣ ਪੱਧਰ ਉੱਚਾ ਚੁੱਕਣ ਅਤੇ ਸਿਹਤ ਸੁਧਾਰ ਸਬੰਧੀ ਮੁਕੰਮਲ ਜਾਣਕਾਰੀ ਮੁਹੱਈਆ ਕਰਵਾਉਣ ਲਈ ਪਿੰਡ ਤਰਖਾਣ ਮਾਜਰਾ ਦੇ ਆਂਗਨਵਾੜੀ ਕੇਂਦਰ ਵਿਖੇ ਜਾਗਰੂਕਤਾ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ਼੍ਰੀ ਗੁਰਮੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।




ਇਸ ਪ੍ਰੋਗਰਾਮ ਵਿੱਚ 0-6 ਸਾਲ ਦੇ ਬੱਚਿਆਂ, ਗਰਭਵਤੀ ਔਰਤਾਂ, ਦੁੱਧ ਪਿਲਾਊ ਮਾਵਾਂ ਅਤੇ ਕਿਸ਼ੋਰੀਆਂ ਦੀ ਸਿਹਤ ਤੇ ਪੋਸ਼ਣ ਸਬੰਧਤ ਸੰਪੂਰਨ ਜਾਗਰੂਕਤਾ, ਨਿੱਜੀ ਸਵੱਛਤਾ, ਵਾਤਾਵਰਣ ਦੀ ਸਾਫ ਸਫਾਈ, ਕਿਚਨ- ਗਾਰਡਨਜ਼ ਦੀ ਬਣਤਰ ਆਦਿ ਵਿਸ਼ਿਆਂ ਬਾਰੇ ਜਾਣੂ ਕਰਵਾਇਆ ਗਿਆ। ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਆਪਣੇ ਘਰ ਤੋਂ ਖਾਣ ਪੀਣ ਦੀਆਂ ਵੱਖ-ਵੱਖ ਵਸਤਾਂ ਲਿਆ ਕੇ ਇੱਕ ਰੈਸਿਪੀ ਕਾਰਨਰ ਲਗਾਇਆ ਗਿਆ ਅਤੇ ਗਰਭਵਤੀ ਔਰਤਾਂ ਦੀ ਗੋਦ ਭਰਾਈ ਵੀ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਸੀ.ਡੀ.ਪੀ.ਓ. ਸਰਹਿੰਦ ਕੋਮਲਪ੍ਰੀਤ ਕੌਰ, ਜ਼ਿਲ੍ਹਾ ਸਕੂਲ ਹੈਲਥ ਕੁਆਰਡੀਨੇਟਰ ਹਰਪਾਲ ਸਿੰਘ, ਬਲਾਕ ਕੁਆਰਡੀਨੇਟਰ ਹੇਮਲਤਾ ਤੋਂ ਇਲਾਵਾ ਪੋਸ਼ਣ ਅਭਿਆਨ ਅਧੀਨ ਬਲਾਕ ਕੁਆਰਡੀਨੇਟਰ, ਸੁਪਰਵਾਈਜ਼ਰਜ਼, ਆਂਗਨਵਾੜੀ ਵਰਕਰ, ਹੈਲਪਰਜ਼ ਤੇ ਲਾਭਪਾਤਰੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਸਿਹਤ ਵਿਭਾਗ ਨੂੰ ਖਾਧ ਪਦਾਰਥਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਹਦਾਇਤਾਂ

**ਬੇਕਰੀ ਤੇ ਮਠਿਆਈ ਦੇ ਦੁਕਾਨਦਾਰਾਂ ਨੂੰ ਬਲੈਕਮੇਲ ਕਰਨ ਵਾਲਿਆਂ ਨੂੰ ਵੀ ਤਾੜਨਾ, ਕਿਸੇ ਨੂੰ ਵੀ ਕਾਨੂੰਨ ਹੱਥ 'ਚ ਨਹੀਂ ਲੈਣ ਦਿੱਤਾ ਜਾਵੇਗਾ**

**ਪਟਿਆਲਾ, 14 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰੇ ਨੇ ਪਿਛਲੇ ਦਿਨੀਂ ਮਠਿਆਈਆਂ ਅਤੇ ਬੇਕਰੀ ਪਦਾਰਥਾਂ ਦੀ ਗੁਣਵੱਤਾ ਸਬੰਧੀ ਮੀਡੀਆ ਵਿੱਚ ਆਈਆਂ ਖ਼ਬਰਾਂ ਦਾ ਨੋਟਿਸ ਲੈਂਦਿਆਂ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ ਸੈਂਪਲਿੰਗ ਕਰਕੇ ਖਾਧ ਪਦਾਰਥਾਂ ਦੀ ਗੁਣਵੱਤਾ ਜਾਂਚ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਕਿਸੇ ਵੀ ਨਾਗਰਿਕ ਦੀ ਸਿਹਤ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫੂਡ ਸੇਫ਼ਟੀ ਅਫ਼ਸਰ ਨੂੰ ਲਗਾਤਾਰ ਚੈਕਿੰਗ ਕਰਨ ਦੀ ਹਦਾਇਤ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਹਲਵਾਈ ਐਸੋਸੀਏਸ਼ਨ ਪਟਿਆਲਾ ਨੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਪਹੁੰਚ ਕਰਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ ਦੇ ਨਾਮ ਉਤੇ ਸ਼ਹਿਰ ਦੀਆਂ ਨਾਮੀ ਦੁਕਾਨਦਾਰਾਂ ਦਾ ਸਮਾਨ ਖਰਾਬ ਦੱਸਕੇ ਸੋਸ਼ਲ ਮੀਡੀਆ ਉਪਰ ਵਾਇਰਲ ਕੀਤਾ ਜਾ ਰਿਹਾ ਹੈ। ਇਸ ਨਾਲ ਜਿੱਥੇ ਦੁਕਾਨਾਂ ਦਾ ਅਕਸ ਤੇ ਵਪਾਰ ਖਰਾਬ ਹੁੰਦਾ ਹੈ, ਉਥੇ ਹੀ ਲੋਕਾਂ ਵਿੱਚ ਵੀ ਭਰਮ ਭੁਲੇਖੇ ਪੈਂਦੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੋ ਲੋਕ ਸੋਸ਼ਲ ਮੀਡੀਆ ਦਾ ਕੋਈ ਪਲੈਟਫਾਰਮ ਵਰਤਦੇ ਹਨ ਤੇ ਜੇਕਰ ਉਨ੍ਹਾਂ ਵੱਲੋਂ ਕਿਸੇ ਨੂੰ ਬਦਨਾਮ ਕਰਨ ਲਈ ਸੋਸ਼ਲ ਮੀਡੀਆ ਨੂੰ ਵਰਤਿਆ ਗਿਆ ਤਾਂ ਸਬੰਧਤਾਂ ਦੀ ਪਛਾਣ ਕਰਕੇ ਨਿਯਮਾਂ ਮੁਤਾਬਕ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਇਸ ਦੇ ਨਾਲ ਹੀ ਡਿਪਟੀ ਕਮਿਸ਼ਨਰ ਨੇ ਸਮੂਹ ਹਲਵਾਈ ਦੀਆਂ ਦੁਕਾਨਾਂ ਕਰਦੇ ਅਤੇ ਬੇਕਰੀਆਂ ਦੇ ਮਾਲਕਾਂ ਨੂੰ ਵੀ ਹਦਾਇਤ ਕੀਤੀ ਕਿ ਜੇਕਰ ਉਨ੍ਹਾਂ ਵੱਲੋਂ ਖਪਤਕਾਰਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਕੋਈ ਵੀ ਘਟਨਾ ਸਾਹਮਣੇ ਆਈ ਤਾਂ ਉਨ੍ਹਾਂ ਵਿਰੁੱਧ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਸਿਹਤ ਵਿਭਾਗ ਨੂੰ ਖਾਧ ਪਦਾਰਥਾਂ ਦੀ ਗੁਣਵੱਤਾ ਦੀ ਪਰਖ ਲਗਾਤਾਰ ਕੀਤੇ ਜਾਣ ਦੇ ਆਦੇਸ਼ ਪਹਿਲਾਂ ਹੀ ਜਾਰੀ ਕਰ ਦਿੱਤੇ ਹਨ।

## ਖਰਾਬ ਮੌਸਮ 'ਚ ਫਸਿਆ ਮੁੰਬਈ ਤੋਂ ਉੱਡਿਆ ਹਵਾਈ ਜਹਾਜ, ਯਾਤਰੀਆਂ ਦੇ ਸੁੱਕੇ ਸਾਹ

**ਏਜੰਸੀਆਂ**

ਨਵੀਂ ਦਿੱਲੀ 14 ਸਤੰਬਰ। ਇੰਡੀਗੋ ਦੀ ਮੁੰਬਈ ਤੋਂ ਅੱਜ ਫੁਕੇਟ ਲਈ ਰਵਾਨਾ ਹੋਈ ਫਲਾਈਟ ਨੂੰ ਖਰਾਬ ਮੌਸਮ ਦਾ ਸਾਹਮਣਾ ਕਰਨਾ ਪਿਆ, ਜਿਸ ਕਾਰਨ ਸੈਂਕੜੇ ਯਾਤਰੀਆਂ ਨੂੰ ਪ੍ਰੇਸ਼ਾਨੀ ਝੱਲਣੀ ਪਈ। ਜਾਣਕਾਰੀ ਮੁਤਾਬਕ, ਜਿਵੇਂ ਹੀ ਇਹ




ਫਲਾਈਟ ਫੁਕੇਟ ਲਈ ਰਵਾਨਾ ਹੋਈ ਤਾਂ ਅਚਾਨਕ ਰਾਹ ਵਿਚ ਮੌਸਮ ਬਦਲ ਗਿਆ। ਇਹ ਫਲਾਈਟ ਹਾਲੇ ਮਲੇਸ਼ੀਆ ਦੇ ਉਪਰੋਂ ਥਾਈਲੈਂਡ ਲਈ ਲੰਘ ਰਹੀ ਸੀ, ਇਸੇ ਦੌਰਾਨ ਖਰਾਬ ਹੋਈ ਮੌਸਮ ਕਾਰਨ ਨੇੜਲੇ ਹਵਾਈ ਅੱਡੇ 'ਤੇ ਲੈਂਡ ਕਰਵਾਉਣ ਦੀ ਇਜਾਜਤ ਮੰਗਣੀ ਪਈ। ਦੱਸਿਆ ਜਾ ਰਿਹਾ ਹੈ ਕਿ ਮੌਸਮ ਇੰਨਾ ਖਰਾਬ ਹੋਇਆ ਕਿ ਫਲਾਈਟ ਨੂੰ ਅੱਗੇ ਲਿਜਾਣ ਵਿਚ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਜਿਸ ਕਾਰਨ ਏਅਰਲਾਈਨ ਵਲੋਂ ਇਸ ਫਲਾਈਟ ਨੂੰ ਥਾਈਲੈਂਡ ਪੇਂਗਾਂਗ ਹਵਾਈ ਅੱਡੇ ਵੱਲ ਮੋੜਨਾ ਪਿਆ। ਦਾਅਵਾ ਕੀਤਾ ਜਾ ਰਿਹਾ ਹੈ ਕਿ ਫਲਾਈਟ ਦੇ ਬਦਲਵੇਂ ਰੂਟਾਂ 'ਤੇ ਖਰਾਬ ਮੌਸਮ ਬਾਰੇ ਯਾਤਰੀਆਂ ਨੂੰ ਤੁਰੰਤ ਸੂਚਿਤ ਕੀਤਾ ਗਿਆ। ਯਾਤਰੀਆਂ ਨੂੰ ਕੋਈ ਪ੍ਰੇਸ਼ਾਨੀ ਨਾ ਝੱਲਣੀ ਪਵੇ, ਇਸ ਰਿਫਰੈੱਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਖਰਾਬ ਮੌਸਮ ਅਤੇ ਬਦਲਵੇਂ ਰੂਟ ਕਾਰਨ ਯਾਤਰੀਆਂ ਦੇ ਸਾਹ ਸੁੱਕ ਗਏ। ਉਧਰ ਦੂਜੇ ਪਾਸੇ ਇੰਡੀਗੋ ਏਅਰਾਲੀਨਜ ਨੇ ਇਕ ਬਿਆਨ ਜਾਰੀ ਕਰਕੇ ਦੱਸਿਆ, "ਫੁਕੇਟ ਵਿਚ ਖਰਾਬ ਮੌਸਮ ਕਾਰਨ ਮੁੰਬਈ ਤੋਂ ਫੁਕੇਟ ਜਾ ਰਹੀ ਉਡਾਣ 6ਈ 1701 ਨੂੰ ਮਲੇਸ਼ੀਆ ਦੇ ਪੇਨਾਂਗ ਹਵਾਈ ਅੱਡੇ ਵੱਲ ਮੋੜਿਆ ਗਿਆ ਹੈ।" ਏਅਰਲਾਈਨ ਨੇ ਕਿਹਾ ਕਿ ਫੂਕੇਟ (ਥਾਈਲੈਂਡ) ਲਈ ਉਡਾਨਾਂ ਚਲਾਉਣ ਲਈ ਲੋੜੀਂਦੀ ਇਜਾਜਤ ਲੈਣ ਦੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਇਸ ਵਿੱਚ ਕੁਝ ਸਮਾਂ ਲੱਗ ਸਕਦਾ ਹੈ। ਜਹਾਜ 'ਚ ਸਵਾਰ ਯਾਤਰੀਆਂ ਦੀ ਗਿਣਤੀ ਬਾਰੇ ਤੁਰੰਤ ਜਾਣਕਾਰੀ ਨਹੀਂ ਮਿਲ ਸਕੀ ਹੈ। ਫਲਾਈਟ ਟ੍ਰੈਕਿੰਗ ਵੈੱਬਸਾਈਟ 24 'ਤੇ ਉਪਲੱਬਧ ਜਾਣਕਾਰੀ ਦੇ ਮੁਤਾਬਕ, ਫਲਾਈਟ ਨੂੰ 320 ਕਲਾਸ ਏਅਰਕ੍ਰਾਫਟ ਦੁਆਰਾ ਚਲਾਇਆ ਜਾ ਰਿਹਾ ਸੀ। ਇੰਡੀਗੋ ਨੇ ਕਿਹਾ ਕਿ ਏਅਰਲਾਈਨ ਨਾਲ ਕੋਈ ਸਿੱਧਾ ਲਿੰਕ ਨਾ ਹੋਣ ਦੇ ਬਾਵਜੂਦ, ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਰੂਰੀ ਸਾਵਧਾਨੀ ਵਜੋਂ ਫਲਾਈਟ ਨੂੰ ਪੇਨਾਂਗ ਵੱਲ ਮੋੜ ਦਿੱਤਾ।

# ਰੇਲਵੇ ਹੁਣ ਇੰਜਣ ਤੇ ਕੋਚ 'ਚ ਲਗਵਾਏਗਾ ਕੈਮਰੇ, ਟ੍ਰੈਕ ਅਤੇ ਉਸ ਦੇ ਚਾਰੇ ਪਾਸੇ ਰੱਖੀ ਜਾ ਸਕੇਗੀ ਨਜਰ

**ਸਰਦੂਲ ਸਿੰਘ**

ਨਵੀਂ ਦਿੱਲੀ 14 ਸਤੰਬਰ। ਰੇਲਵੇ ਟ੍ਰੈਕ 'ਤੇ ਲਗਾਤਾਰ ਪੱਥਰ, ਵਿਸਫੋਟਕ ਅਤੇ ਸਿਲੰਡਰ ਰੱਖਣ ਦੀਆਂ ਘਟਨਾਵਾਂ ਸਾਹਮਣੇ ਆਉਣ ਤੋਂ ਬਾਅਦ ਰੇਲਵੇ ਮੰਤਰਾਲੇ ਨੇ ਨਵੀਂ ਪਹਿਲ ਕੀਤੀ ਹੈ। ਰੇਲਵੇ ਹੁਣ ਇੰਜਣਾਂ ਅਤੇ ਕੋਚਾਂ ਵਿਚ ਕੈਮਰੇ ਲਗਾਏਗਾ। ਇੰਜਣ ਦੇ ਅੱਗੇ ਅਤੇ ਪਾਸੇ ਕੈਮਰੇ ਲਗਾਏ ਜਾਣਗੇ। ਇਸ ਤੋਂ ਇਲਾਵਾ ਕੋਚ ਦੇ ਪਾਸੇ ਅਤੇ ਗਾਰਡ ਕੋਚ ਵਿਚ ਵੀ ਕੈਮਰੇ ਲਗਾਏ ਜਾਣਗੇ। ਇਕ ਟ੍ਰੇਨ ਵਿਚ ਕੁੱਲ 8 ਕੈਮਰੇ ਲਗਾਏ ਜਾਣਗੇ। ਕੈਮਰਿਆਂ ਰਾਹੀਂ ਟਰੈਕ ਅਤੇ ਟਰੈਕ ਦੇ ਆਲੇ-ਦੁਆਲੇ ਦੀ ਨਿਗਰਾਨੀ ਕੀਤੀ ਜਾ ਸਕਦੀ ਹੈ। ਇਹ ਕੈਮਰੇ ਤਿੰਨ ਮਹੀਨਿਆਂ ਵਿਚ ਲੱਗਣੇ ਸ਼ੁਰੂ ਹੋ ਜਾਣਗੇ ਅਤੇ ਇਕ ਸਾਲ ਵਿਚ ਪੂਰੀ ਤਰ੍ਹਾਂ ਲਾਗੂ ਹੋ ਜਾਣਗੇ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 1200 ਕਰੋੜ ਰੁਪਏ ਹੋਵੇਗੀ। ਰੇਲ ਮੰਤਰਾਲਾ ਨੇ ਰੇਲਵੇ ਟ੍ਰੈਕ 'ਤੇ ਪੱਥਰ ਅਤੇ ਸਿਲੰਡਰ ਰੱਖਣ ਨੂੰ ਲੈ ਕੇ ਸਾਰੇ ਰਾਜਾਂ ਦੇ ਮੁੱਖ ਸਕੱਤਰਾਂ ਅਤੇ ਡੀਜੀਪੀਜ ਨਾਲ ਵੀ ਗੱਲ ਕੀਤੀ ਹੈ ਅਤੇ ਉਨ੍ਹਾਂ ਨੂੰ ਜਲਦੀ ਹੀ ਇਸ 'ਤੇ ਕਾਬੂ ਪਾਉਣ ਲਈ ਕਿਹਾ ਹੈ। ਲਗਾਤਾਰ ਹੋ ਰਹੇ ਰੇਲ ਹਾਦਸਿਆਂ ਦਰਮਿਆਨ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਰੇਲ ਮੰਤਰੀ ਅਸਵਨੀ ਵੈਸਣਵ ਨੇ ਕਿਹਾ ਕਿ ਕੇਂਦਰ ਨੇ ਵੱਡਾ ਫੈਸਲਾ ਲਿਆ ਹੈ ਅਤੇ ਕਿਹਾ ਹੈ ਕਿ ਰੇਲ ਪਟੜੀਆਂ ਦੀ ਸੁਰੱਖਿਆ ਵਿਵਸਥਾ ਨੂੰ ਮਜਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਰਤੀ ਰੇਲਵੇ ਹੁਣ ਰੇਲ ਗੱਡੀਆਂ ਵਿਚ ਏਆਈ-ਪਾਵਰਡ ਸੀਸੀਟੀਵੀ ਕੈਮਰੇ ਲਗਾਏਗਾ। ਕੋਚ ਤੋਂ ਇਲਾਵਾ ਲੋਕੋ ਪਾਇਲਟ ਨੂੰ ਸੁਚੇਤ ਕਰਨ ਲਈ ਲੋਕੋਮੋਟਿਵ ਇੰਜਣ 'ਚ ਕੈਮਰੇ ਵੀ ਲਗਾਏ ਜਾਣਗੇ। ਅਸਵਨੀ ਵੈਸਣਵ ਨੇ ਮੰਗਲਵਾਰ ਨੂੰ ਕਿਹਾ ਕਿ ਇਹ ਕੈਮਰੇ ਟ੍ਰੈਕ 'ਤੇ ਸ਼ੱਕੀ ਵਸਤੂਆਂ ਦਾ ਪਤਾ ਲਗਾਉਣਗੇ ਅਤੇ ਡਰਾਈਵਰਾਂ ਨੂੰ ਐਮਰਜੈਂਸੀ ਬ੍ਰੇਕ ਲਗਾਉਣ ਲਈ ਸੁਚੇਤ ਕਰਨਗੇ। ਰੇਲ



ਮੰਤਰੀ ਮੁਤਾਬਕ, ਭਾਰਤੀ ਰੇਲਵੇ 40,000 ਕੋਚਾਂ, 14,000 ਇੰਜਣਾਂ ਅਤੇ 6,000 ਈਐੱਮਯੂ ਨੂੰ ਏਆਈ ਸੰਚਾਲਿਤ ਸੀਸੀਟੀਵੀ ਕੈਮਰਿਆਂ ਨਾਲ ਲੈਸ ਕਰਨ ਦੀ ਯੋਜਨਾ ਬਣਾ ਰਿਹਾ ਹੈ। ਜ਼ਿਕਰਯੋਗ ਹੈ ਕਿ ਰੇਲਵੇ ਟਰੈਕ 'ਤੇ ਰੇਲ ਗੱਡੀਆਂ ਨੂੰ ਪਲਟਾਉਣ ਦੀ ਵੱਡੀ ਸਾਜ਼ਿਸ਼ ਰਚੀ ਜਾ ਰਹੀ ਹੈ। ਪਿਛਲੇ 40 ਦਿਨਾਂ 'ਚ 18 ਅਜਿਹੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਜਦੋਂ ਕਦੇ ਗੈਸ ਸਿਲੰਡਰ, ਕਦੇ ਸਾਈਕਲ, ਕਦੇ ਪੱਥਰ ਅਤੇ ਕਦੇ ਲੋਹੇ ਦੀਆਂ ਰਾਡਾਂ ਰੇਲਵੇ ਪਟੜੀਆਂ 'ਤੇ ਬਰਾਮਦ ਹੋਈਆਂ ਹਨ। ਇਹ ਖਤਰਾ ਇਸ ਲਈ ਵੀ ਵੱਡਾ ਹੈ ਕਿਉਂਕਿ ਦੇਸ ਦੀ ਜ਼ਿਆਦਾਤਰ ਆਬਾਦੀ ਆਪਣਾ ਸਫਰ ਆਸਾਨ ਬਣਾਉਣ ਲਈ ਰੇਲਗੱਡੀ ਰਾਹੀਂ ਸਫਰ ਕਰਨ ਨੂੰ ਤਰਜੀਹ ਦਿੰਦੀ ਹੈ। ਅਜਿਹੇ 'ਚ ਸਵਾਲ ਇਹ ਉੱਠ ਰਿਹਾ ਹੈ ਕਿ ਟਰੇਨਾਂ 'ਤੇ ਇਕੱਲੇ ਬਘਿਆੜ ਦੇ ਹਮਲੇ ਦੀ ਯੋਜਨਾ ਕੌਣ ਬਣਾ ਰਿਹਾ ਹੈ। ਅਜਿਹਾ ਨਹੀਂ ਹੈ ਕਿ ਰੇਲਵੇ ਪਟੜੀਆਂ 'ਤੇ ਇਹ ਸਾਰਾ ਸਾਮਾਨ ਮਿਲਣ ਦੀਆਂ ਘਟਨਾਵਾਂ ਕੁਝ ਖਾਸ ਸਹਿਰਾਂ ਜਾਂ ਰਾਜਾਂ 'ਚ ਹੀ ਵਾਪਰੀਆਂ ਹਨ। ਦਰਅਸਲ, ਅਜਿਹੀਆਂ ਘਟਨਾਵਾਂ ਉੱਤਰ ਪ੍ਰਦੇਸ ਤੋਂ ਲੈ ਕੇ ਉੜੀਸਾ ਤੱਕ ਅਤੇ ਤੇਲੰਗਾਨਾ ਤੋਂ ਮੱਧ ਪ੍ਰਦੇਸ ਤੱਕ ਹਰ ਥਾਂ ਦੇਖਣ ਨੂੰ ਮਿਲ ਰਹੀਆਂ ਹਨ।

## ਆਟੋ ਰਿਕਸ਼ਾ 'ਚ ਵਿਆਹ ਕਰਵਾਉਣ ਵਾਲੇ ਮੌਲਵੀ ਦੀ ਜ਼ਮਾਨਤ ਪਟੀਸ਼ਨ ਖਾਰਜ

ਚੰਡੀਗੜ੍ਹ 14 ਸਤੰਬਰ। ਅਦਾਲਤ ਨੇ ਅੰਤਰ-ਧਾਰਮਿਕ ਜੋੜੇ ਦਾ ਆਟੋ ਰਿਕਸ਼ਾ 'ਚ ਵਿਆਹ ਕਰਵਾਉਣ ਵਾਲੇ ਮੌਲਵੀ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਹੈ। ਪੰਚਕੂਲਾ ਜ਼ਿਲ੍ਹੇ ਦੇ ਟਿੱਬੀ ਪਿੰਡ ਦੇ ਰਹਿਣ ਵਾਲੇ ਮੌਲਵੀ ਸ਼ਕੀਲ ਅਹਿਮਦ ਦੇ ਵਕੀਲ ਨੇ ਪਟੀਸ਼ਨ 'ਚ ਕਿਹਾ ਹੈ ਕਿ ਪਟੀਸ਼ਨਕਰਤਾ ਨੂੰ ਝੂਠੇ ਕੇਸ 'ਚ ਫਸਾਇਆ ਗਿਆ ਹੈ। ਇਸ ਲਈ ਉਸ ਦੀ ਪਟੀਸ਼ਨ ਮਨਜ਼ੂਰ ਕਰ ਕੇ ਜ਼ਮਾਨਤ ਦਿੱਤੀ ਜਾਵੇ। ਸੂਬਾ ਸਰਕਾਰ ਨੇ ਲਿਖਤੀ ਜਵਾਬ



'ਚ ਕਿਹਾ ਕਿ ਉਕਤ ਮਾਮਲੇ 'ਚ ਮੁਲਜ਼ਮ ਨੂੰ 23 ਅਗਸਤ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਦੇ ਕਬਜ਼ੇ 'ਚੋਂ ਨਿਕਾਹਨਾਮਾ ਰਜਿਸਟਰ ਬਰਾਮਦ ਕੀਤਾ ਸੀ। ਮਾਮਲਾ ਅਜੇ ਸ਼ੁਰੂਆਤੀ ਪੜਾਅ 'ਤੇ ਹੈ। ਜੇਕਰ ਪਟੀਸ਼ਨਰ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਜਾਂਦਾ ਹੈ ਤਾਂ ਉਹ ਗਵਾਹਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ। ਇਸ ਲਈ ਜ਼ਮਾਨਤ ਪਟੀਸ਼ਨ ਰੱਦ ਕੀਤੀ ਜਾਵੇ। ਮਾਮਲੇ 'ਚ ਸਾਹਮਣੇ ਆਏ ਤੱਥਾਂ ਤੇ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਜ਼ਮਾਨਤ ਅਰਜ਼ੀ ਰੱਦ ਕਰ ਦਿੱਤੀ।

## ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਭੂੰਦੜ ਦੀ ਜਥੇਦਾਰ ਸਾਹਿਬ ਨੂੰ ਅਪੀਲ

ਲੁਧਿਆਣਾ 14 ਸਤੰਬਰ। ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਕੁਝ ਲੋਕਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਕੋਲ ਸ਼ਿਕਾਇਤ ਦਰਜ ਕਰਵਾਉਮ ਦੀ ਕਾਰਵਾਈ ਨੂੰ ਖੇਡ ਬਣਾ ਲਿਆ ਹੈ। ਉਨ੍ਹਾਂ ਨੇ



ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਹੈ ਕਿ ਉਹ ਅਜਿਹੇ ਲੋਕਾਂ ਨੂੰ ਤਲਬ ਕਰ ਕੇ ਸਜਾਵਾਂ ਲਗਾਉਣ। ਲੁਧਿਆਣਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਜੋ ਉਨ੍ਹਾਂ ਖ਼ਿਲਾਫ ਸਾਬਕਾ ਵਿਧਾਇਕ ਔਲਖ ਨੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਝੂਠੀ ਸ਼ਿਕਾਇਤ ਤੇ ਮੇਰਾ ਨਾਂ ਉਨ੍ਹਾਂ 'ਚ ਸ਼ਾਮਲ ਕਰ ਕੇ ਦੋਸ਼ ਲਗਾਏ ਹਨ। ਇਹ ਸਭ ਕੁਝ ਝੂਠ ਦਾ ਪੁਲੰਦਾ ਹੈ। ਭੂੰਦੜ ਨੇ ਕਿਹਾ ਕਿ ਹੁਣ ਜਥੇਦਾਰ ਰਘਬੀਰ ਸਿੰਘ ਫੌਰੀ ਝੂਠੀਆਂ ਸ਼ਿਕਾਇਤਾਂ ਕਰਨ ਵਾਲੇ ਇਹੋ ਜਿਹੇ ਆਗੂਆਂ ਨੂੰ ਤਲਬ ਕਰ ਕੇ ਇਨ੍ਹਾਂ ਨੂੰ ਸਜ਼ਾਵਾਂ ਲਗਾਉਣ ਕਿਉਂਕਿ ਇਨ੍ਹਾਂ ਲੋਕਾਂ ਨੇ ਜਥੇਦਾਰ ਕੋਲ ਸ਼ਿਕਾਇਤ ਦਰਜ ਕਰਵਾਉਣ ਦੀ ਕਾਰਵਾਈ ਨੂੰ ਖੇਡ ਹੀ ਬਣਾ ਲਿਆ ਹੈ। ਭੂੰਦੜ ਨੇ ਅੱਗੇ ਕਿਹਾ ਕਿ ਬਾਕੀ ਜੋ ਅਕਾਲੀ ਦਲ ਦੇ ਆਗੂਆਂ ਤੇ ਸਾਬਕਾ ਵਜ਼ੀਰਾਂ ਤੋਂ ਸਪੱਸ਼ਟੀਕਰਨ ਮੰਗੇ ਹਨ, ਉਸ ਦੀ ਪ੍ਰਕਿਰਿਆ ਚੱਲ ਰਹੀ ਹੈ। ਜਥੇਦਾਰ ਜੋ ਵੀ ਸੇਵਾ ਜਾਂ ਸਜ਼ਾ ਲਗਾਉਣਗੇ, ਖਿੜੇ ਮੱਥੇ ਕਬੂਲ ਹੋਵੇਗੀ।

## ਦਿੱਲੀ ਦੀ ਸੱਤਾ ਹਾਸਲ ਕਰਨ ਲਈ 'ਤਰਕਸ਼ ਦੇ ਹਰ ਤੀਰ' ਦੀ ਵਰਤੋਂ ਕਰਨ 'ਚ ਜੁਟੀ ਭਾਜਪਾ

**ਕਿਸ਼ਨ ਪਾਲ**

ਜਲੰਧਰ 14 ਸਤੰਬਰ। 2019 'ਚ ਲੋਕ ਸਭਾ ਚੋਣਾਂ ਦੌਰਾਨ ਉੱਤਰ ਪ੍ਰਦੇਸ਼ ਵਿਚ ਇਕ ਨਾਂ ਖੂਬ ਚਰਚਾ ਦਾ ਵਿਸ਼ਾ ਸੀ ਕਿਉਂਕਿ ਅਮੇਠੀ ਦੇ ਗੜ੍ਹ ਨੂੰ ਵਿੰਨ੍ਹਣ ਲਈ ਇਸ ਚਰਚਿਤ ਨਾਂ ਦੇ ਤੌਰ 'ਤੇ ਸਮ੍ਰਿਤੀ ਈਰਾਨੀ ਨੂੰ ਭਾਜਪਾ ਨੇ ਵੱਡੀ ਜ਼ਿੰਮੇਵਾਰੀ ਸੌਂਪੀ ਸੀ। ਇਸ ਤੋਂ ਬਾਅਦ ਸਮ੍ਰਿਤੀ ਈਰਾਨੀ ਹੁਣ ਇਕ ਵਾਰ ਮੁੜ ਐਕਟਿਵ ਹੁੰਦੀ ਨਜ਼ਰ ਆ ਰਹੀ ਹੈ। ਬੇਸ਼ੱਕ ਹੁਣ ਉਹ ਕੇਂਦਰ ਵਿਚ ਮੰਤਰੀ ਨਹੀਂ ਪਰ ਜਿੱਥੋਂ ਕੇਂਦਰ ਸਰਕਾਰ ਚੱਲਦੀ ਹੈ, ਉਸ ਸੂਬੇ ਵਿਚ ਅੱਜਕਲ੍ਹ ਸਮ੍ਰਿਤੀ ਕਾਫੀ ਐਕਟਿਵ ਹੋ ਗਈ ਹੈ। ਕਾਰਨ ਹੈ ਦਿੱਲੀ ਸੂਬੇ ਦੀ ਸੱਤਾ, ਜਿੱਥੋਂ ਆਊਟ ਹੋਏ ਭਾਜਪਾ ਨੂੰ 26 ਸਾਲ ਹੋ ਗਏ ਹਨ। ਪਤਾ ਲੱਗਾ ਹੈ ਕਿ ਇਸ ਸੱਤਾ ਨੂੰ ਵਾਪਸ ਹਾਸਲ ਕਰਨ ਲਈ ਸਮ੍ਰਿਤੀ ਨੂੰ ਐਕਟਿਵ ਕੀਤਾ ਗਿਆ ਹੈ। ਪਿਛਲੀਆਂ 2 ਵਿਧਾਨ ਸਭਾ ਚੋਣਾਂ ਨੂੰ ਵੇਖਿਆ ਜਾਵੇ ਤਾਂ ਦਿੱਲੀ ਵਿਚ ਭਾਜਪਾ ਦੀ ਕਾਰਗੁਜ਼ਾਰੀ ਕਾਫੀ ਨਿਰਾਸ਼ ਕਰਨ ਵਾਲੀ ਰਹੀ ਹੈ। ਸਥਿਤੀ ਤਾਂ ਇੱਥੋਂ ਤਕ ਪਹੁੰਚ ਗਈ ਹੈ ਕਿ ਉਹ ਡਬਲ ਡਿਜਿਟ ਤਕ ਵੀ ਨਹੀਂ ਪਹੁੰਚ ਸਕੀ ਪਰ ਹੁਣ ਸ਼ਾਇਦ ਭਾਜਪਾ ਨੂੰ ਲੱਗਦਾ ਹੈ ਕਿ ਦਿੱਲੀ ਜ਼ਿਆਦਾ ਦੂਰ ਨਹੀਂ ਰਹਿਣੀ ਚਾਹੀਦੀ। ਇਸ ਸਭ ਨੂੰ ਵੇਖਦਿਆਂ ਪਾਰਟੀ ਨੇ ਲੁਕਵੇਂ ਢੰਗ ਨਾਲ ਦਿੱਲੀ ਦੀ ਕਮਾਨ ਸਮ੍ਰਿਤੀ ਈਰਾਨੀ ਨੂੰ ਸੌਂਪੀ ਹੈ ਕਿਉਂਕਿ ਪਿਛਲੇ ਕੁਝ ਸਮੇਂ ਤੋਂ ਸਮ੍ਰਿਤੀ ਈਰਾਨੀ ਦਿੱਲੀ ਦੇ 7 ਇਲਾਕਿਆਂ ਵਿਚ ਕਾਫੀ ਸਰਗਰਮ ਹੋ ਗਈ ਹੈ। ਉਹ ਨਾ ਸਿਰਫ ਭਾਜਪਾ ਦੇ ਵਰਕਰਾਂ ਨੂੰ ਮਿਲ ਰਹੀ ਹੈ, ਸਗੋਂ ਪਾਰਟੀ ਦੀਆਂ ਅਹਿਮ ਬੈਠਕਾਂ ਵਿਚ ਵੀ ਹਿੱਸਾ ਲੈ ਰਹੀ ਹੈ। ਇਸ ਨਾਲ ਇਹ ਤਾਂ ਸਪਸ਼ਟ ਹੋਣਾ ਸ਼ੁਰੂ ਹੋ ਗਿਆ ਹੈ ਕਿ ਕਿਤੇ ਨਾ ਕਿਤੇ ਇਹ ਭਾਜਪਾ ਦੇ ਗੇਮ ਪਲਾਨ ਦਾ ਹਿੱਸਾ ਹੋ ਸਕਦਾ ਹੈ। ਉਂਝ ਤਾਂ 2015 'ਚ ਭਾਜਪਾ ਨੇ ਕਿਰਨ ਬੇਦੀ ਦੇ ਨਾਂ 'ਤੇ ਚੋਣ ਲੜੀ



ਸੀ ਪਰ ਜਦੋਂ 2020 'ਚ ਚੋਣ ਹੋਈ ਤਾਂ ਪਾਰਟੀ ਨੇ ਬਿਨਾਂ ਸੀ. ਐੱਮ. ਚਿਹਰੇ ਦੇ ਚੋਣ ਲੜੀ। ਭਾਜਪਾ ਲਈ ਚਿੰਤਾ ਦਾ ਵਿਸ਼ਾ ਇਹ ਹੈ ਕਿ ਦਿੱਲੀ ਵਿਚ ਕਾਂਗਰਸ ਤਾਂ ਆਊਟ ਹੋਈ ਸੋ ਹੋਈ, ਆਮ ਆਦਮੀ ਪਾਰਟੀ ਨੇ ਆ ਕੇ ਕੁਰਸੀ ਸਾਂਭ ਲਈ, ਨਹੀਂ ਤਾਂ ਭਾਜਪਾ ਦਾ ਜ਼ਿਆਦਾ ਜ਼ੋਰ ਕਾਂਗਰਸ ਨੂੰ ਆਊਟ ਕਰਨ 'ਚ ਹੀ ਲੱਗਾ ਰਿਹਾ ਪਰ ਹੁਣ ਭਾਜਪਾ ਦਿੱਲੀ ਨੂੰ ਵਾਪਸ ਹਾਸਲ ਕਰਨ ਦੀ ਹਰ ਕੋਸ਼ਿਸ਼ ਕਰ ਰਹੀ ਹੈ ਕਿਉਂਕਿ ਉਹ ਖੁਦ 26 ਸਾਲ ਤੋਂ ਦਿੱਲੀ ਦੀ ਸੱਤਾ ਤੋਂ ਬਾਹਰ ਹੈ। ਪਾਰਟੀ ਆਪਣੇ ਖੇਮੇ ਦੇ ਹਰ ਵੱਡੇ ਨੇਤਾ ਦੀ ਵਰਤੋਂ ਕਰਨ 'ਚ ਝਿਜਕ ਨਹੀਂ ਰਹੀ ਕਿਉਂਕਿ ਉਸ ਦਾ ਇਕੋ ਟੀਚਾ ਹੈ ਕਿ ਕਿਸੇ ਤਰ੍ਹਾਂ ਦਿੱਲੀ ਵਿਚ ਸੱਤਾ ਕਾਇਮ ਕੀਤੀ ਜਾਵੇ। ਇਸ ਵਿਚਾਲੇ ਲੋਕ ਸਭਾ ਚੋਣਾਂ ਵਿਚ ਵੀ ਪਾਰਟੀ ਨੇ 6 ਟਿਕਟਾਂ ਬਦਲ ਦਿੱਤੀਆਂ ਅਤੇ ਉਸ ਤੋਂ ਬਾਅਦ ਹੁਣ ਸਮ੍ਰਿਤੀ ਈਰਾਨੀ ਦੇ ਨਾਂ ਦਾ ਕਾਰਡ ਪਲੇਅ ਕੀਤਾ ਹੈ। ਹੁਣ ਇਸ ਮਾਮਲੇ 'ਚ ਪਾਰਟੀ ਨੂੰ ਕਿੰਨੀ ਸਫਲਤਾ ਮਿਲਦੀ ਹੈ, ਇਸ ਬਾਰੇ ਅਜੇ ਕੁਝ ਨਹੀਂ ਕਿਹਾ ਜਾ ਸਕਦਾ ਪਰ ਆਉਣ ਵਾਲੇ ਸਮੇਂ 'ਚ ਦੇਖਣਾ ਹੋਵੇਗਾ ਕਿ ਭਾਜਪਾ ਨੂੰ ਵਾਕਈ ਸਮ੍ਰਿਤੀ ਈਰਾਨੀ ਦਾ ਕੋਈ ਫਾਇਦਾ ਹੋਇਆ ਜਾਂ ਨਹੀਂ।

## ਆਨਲਾਈਨ ਕੰਮ ਦੇਣ ਦੇ ਨਾਂ 'ਤੇ ਔਰਤ ਨਾਲ ਲੱਖਾਂ ਦੀ ਠੱਗੀ

ਚੰਡੀਗੜ੍ਹ 14 ਸਤੰਬਰ। ਆਨਲਾਈਨ ਕੰਮ ਦਿਵਾਉਣ ਦੇ ਨਾਂ 'ਤੇ ਸੈਕਟਰ-47 ਦੀ ਰਹਿਣ ਵਾਲੀ ਔਰਤ ਨਾਲ 2 ਲੱਖ 35 ਹਜਾਰ ਰੁਪਏ ਦੀ ਠੱਗੀ ਹੋ ਗਈ। ਸ਼ਿਕਾਇਤਕਰਤਾ ਨੇ ਸੈਕਟਰ-31 ਥਾਣਾ ਪੁਲਸ ਨੂੰ ਠੱਗੀ ਦੀ ਸ਼ਿਕਾਇਤ ਦਿੱਤੀ। ਪੁਲਸ ਨੇ ਔਰਤ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਵਿਅਕਤੀ ਖ਼ਿਲਾਫ ਧੋਖਾਧੜੀ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਔਰਤ ਨੇ ਆਪਣੀ ਸ਼ਿਕਾਇਤ ਵਿਚ ਦੱਸਿਆ ਕਿ ਉਹ ਗੂਗਲ ਤੋਂ ਆਨਲਾਈਨ ਵਰਕ ਸਰਚ ਕਰ ਰਹੀ ਸੀ। ਇਸ ਦੌਰਾਨ ਸ਼ਿਕਾਇਤਕਰਤਾ ਨੇ ਇੱਕ ਮੋਬਾਇਲ ਨੰਬਰ 'ਤੇ ਫੋਨ ਕੀਤਾ। ਫੋਨ ਕਰਨ ਵਾਲੇ ਅਣਪਛਾਤੇ ਵਿਅਕਤੀ ਨੇ ਸ਼ਿਕਾਇਤਕਰਤਾ ਨੂੰ ਭਰੋਸੇ 'ਚ ਲੈਂਦਿਆਂ ਕਿਹਾ ਕਿ ਉਹ ਪਹਿਲਾਂ ਵੀ ਕਈ ਬੇਰੁਜਗਾਰਾਂ ਨੂੰ ਆਨਲਾਈਨ ਕੰਮ ਮੁਹੱਈਆ ਕਰਵਾ ਚੁੱਕੇ ਹਨ। ਉਕਤ ਅਣਪਛਾਤੇ ਵਿਅਕਤੀ ਨੇ ਸ਼ਿਕਾਇਤਕਰਤਾ ਤੋਂ 2 ਲੱਖ 35 ਹਜਾਰ ਰੁਪਏ ਮੰਗੇ, ਜੋ ਉਸ ਨੇ ਉਕਤ ਵਿਅਕਤੀ ਦੇ ਖਾਤੇ 'ਚ ਟਰਾਂਸਫਰ ਕਰ ਦਿੱਤੇ। ਕੁੱਝ ਦਿਨ ਬਾਅਦ ਜਦੋਂ ਸ਼ਿਕਾਇਤਕਰਤਾ ਨੇ ਮੁੜ ਉਸੇ ਨੰਬਰ 'ਤੇ ਫੋਨ ਕੀਤਾ ਤਾਂ ਮੋਬਾਇਲ ਨੰਬਰ ਬੰਦ ਆਉਣ ਲੱਗਾ।

## ਜ਼ਮੀਨੀ ਵਿਵਾਦ ਨੂੰ ਲੈ ਕੇ ਵਿਅਕਤੀ ਦੀ ਕੁੱਟਮਾਰ, 5 ਨਾਮਜਦ

ਜੀਰਾ 14 ਸਤੰਬਰ। ਜਮੀਨੀ ਵਿਵਾਦ ਨੂੰ ਲੈ ਕੇ ਪਿੰਡ ਲਹਿਰਾ ਬੇਟ 'ਚ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਜਖਮੀ ਕਰਨ ਦੇ ਦੋਸ਼ ਹੇਠ ਥਾਣਾ ਮਖੂ ਦੀ ਪੁਲਸ ਨੇ 5 ਲੋਕਾਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮਖੂ ਦੇ ਸਹਾਇਕ ਇੰਸਪੈਕਟਰ ਬਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਸੁਖਵਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਲਹਿਰਾ ਬੇਟ ਨੇ ਦੱਸਿਆ ਕਿ ਬੀਤੇ ਦਿਨ ਉਸ ਦਾ ਸਤਪਾਲ ਸਿੰਘ, ਲਖਵਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ, ਕੁਲਵਿੰਦਰ ਸਿੰਘ ਪੁੱਤਰ ਸਤਪਾਲ ਸਿੰਘ, ਗੁਰਮੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਲਹਿਰਾ ਬੇਟ, ਸੁਖਰਾਜ ਸਿੰਘ ਪੁੱਤਰ ਸਤਨਾਮ ਸਿੰਘ ਦੇ ਨਾਲ 8 ਅਗਸਤ 2024 ਨੂੰ ਬੋਲ-ਬੁਲਾਰਾ ਹੋ ਗਿਆ ਸੀ ਅਤੇ ਮੁਲਜਮਾਂ ਨੇ ਉਸ ਨੂੰ ਕੁੱਟਮਾਰ ਕਰਕੇ ਜ਼ਖ਼ਮੀ ਕਰ ਦਿੱਤਾ, ਇਸ ਤੋਂ ਬਾਅਦ ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਸਹਾਇਕ ਥਾਣੇਦਾਰ ਬਲਵੰਤ ਸਿੰਘ ਨੇ ਦੱਸਿਆ ਕਿ ਉਸ ਸਮੇਂ ਪੀੜਤ ਦੇ ਭਰਾਵਾਂ ਦੇ ਨਾਲ ਅਦਾਲਤ 'ਚ ਜਮੀਨੀ ਵਿਵਾਦ ਨੂੰ ਲੈ ਕੇ ਕੇਸ ਚੱਲਦਾ ਹੋਣ ਕਾਰਨ ਸੱਟਾਂ ਲੱਗਣ ਦਾ ਮਾਮਲਾ ਸ਼ੱਕੀ ਹੋਣ ਕਰਕੇ ਰਿਪੋਰਟ ਦਰਜ ਕੀਤੀ ਗਈ ਸੀ ਅਤੇ ਹੁਣ ਪੀੜਤ ਦੀ ਮੈਡੀਕਲ ਰਿਪੋਰਟ ਆਉਣ 'ਤੇ ਪੁਲਸ ਵੱਲੋਂ ਨਾਮਜ਼ਦ ਮੁਲਜਮਾਂ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਗੰਨੇ ਦੇ ਰੇਟ ਤੇ ਮਿੱਲਾ ਚਲਾਉਣ ਦੀ ਤਾਰੀਖ ਤੁਰੰਤ ਐਲਾਨ ਕਰੇ ਸਰਕਾਰ, ਕਿਸਾਨਾਂ ਨੇ ਦਿੱਤਾ ਮੰਗ ਪੱਤਰ

ਚੰਡੀਗੜ੍ਹ 14 ਸਤੰਬਰ। ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀਆ ਜੱਥੇਬੰਦੀਆ ਦੇ ਇਕ ਵਫਦ ਨੇ ਅੱਜ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਦੀ ਅਗਵਾਈ 'ਚ ਮੰਤਰੀ ਅਮਨ ਅਰੋੜਾ, ਗੁਰਮੀਤ ਸਿੰਘ ਖੁੱਡੀਆਂ, ਕੁਲਦੀਪ ਸਿੰਘ ਧਾਲੀਵਾਲ ਨਾਲ ਪੰਜਾਬ ਭਵਨ 'ਚ ਮੁਲਾਕਾਤ ਕੀਤੀ। ਇਸ ਦੌਰਾਨ ਪੰਜਾਬ 'ਚ ਗੰਨੇ ਤੇ ਕਿਸਾਨੀ ਦੀਆ ਮੁਸਕਲਾਂ ਬਾਰੇ ਗੱਲਬਾਤ ਕੀਤੀ ਗਈ। ਵਫਦ ਨੇ ਕਿਹਾ ਕਿ ਗੰਨੇ ਦਾ ਸੀਜਨ 2024-2025 ਨਵੰਬਰ ਮਹੀਨੇ 'ਚ ਚਾਲੂ ਹੋਣ ਜਾ ਰਿਹਾ ਹੈ।



ਪੰਜਾਬ ਸਰਕਾਰ ਵੱਲੋਂ ਗੰਨੇ ਦੇ ਰੇਟ 'ਚ ਵਾਧਾ ਕਰਕੇ ਅਨਾਊਂਸ ਨਹੀਂ ਕੀਤਾ ਗਿਆ। ਗੰਨੇ ਦਾ ਲਾਗਤ ਮੁੱਲ 450 ਰੁਪਏ ਦੇ ਹਿਸਾਬ ਨਾਲ ਗੰਨੇ ਦਾ ਰੇਟ ਤੈਅ ਕਰਕੇ ਨੋਟੀਫਿਕੇਸਨ ਜਾਰੀ ਕੀਤਾ ਜਾਵੇ। ਵਫਦ ਨੇ ਕਿਹਾ ਕਿ ਅਸੀਂ ਐੱਸ. ਕੇ. ਐੱਮ. ਪੰਜਾਬ ਵੱਲੋਂ ਸਮੂਹ ਗੰਨਾ ਕਾਸਤਕਾਰ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ ਮਿੱਲਾਂ ਚੱਲਣ ਦੀ ਤਾਰੀਖ 10 ਨਵੰਬਰ ਅਨਾਊਂਸ ਕਰਕੇ ਨੋਟੀਫਿਕੇਸਨ ਕੀਤਾ ਜਾਵੇ। ਗੰਨੇ ਦੀ ਲੇਬਰ ਦੀ ਸਮੱਸਿਆ ਨੂੰ ਦੇਖਦੇ ਹੋਏ ਮਸੀਨੀਕਰਨ 'ਚ ਗੰਨਾ ਕੰਬਾਈਨ ਅਤੇ ਹੋਰ ਮਸੀਨਰੀ ਨੂੰ ਸਬਸੀਡੀ ਦੇ ਕੇ ਉਤਸਾਹਿਤ ਕੀਤਾ ਜਾਵੇ। ਇਸ ਦੌਰਾਨ ਮੰਤਰੀ ਸਾਹਿਬਾਨ ਨੇ ਭਰੋਸਾ ਦੁਆਇਆ ਕਿ ਇਕ ਹਫਤੇ 'ਚ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ।

## ਮੁਫਤ 'ਚ ਅਪਡੇਟ ਕਰੋ ਆਧਾਰ ਕਾਰਡ, ਆਫਲਾਈਨ-ਆਨਲਾਈਨ ਤਰੀਕਾ, ਦੇਰ ਕੀਤੀ ਤਾਂ ਦੇਣਾ ਹੋਵੇਗਾ ਚਾਰਜ

**ਏਜੰਸੀਆਂ**

ਨੈਸ਼ਨਲ ਡੈਸਕ 14 ਸਤੰਬਰ। ਜੇਕਰ ਤੁਹਾਡੇ ਆਧਾਰ ਕਾਰਡ ਨੂੰ ਬਣੇ ਹੋਏ 10 ਸਾਲ ਹੋ ਗਏ ਹਨ ਅਤੇ ਤੁਸੀਂ ਅਜੇ ਤੱਕ ਇਸ ਨੂੰ ਅਪਡੇਟ ਨਹੀਂ ਕੀਤਾ ਹੈ ਤਾਂ ਤੁਹਾਡੇ ਕੋਲ ਇਸ ਨੂੰ ਅਪਡੇਟ ਕਰਨ ਦਾ ਆਖਰੀ ਮੌਕਾ ਹੈ। ਯੂਨੀਕ ਆਈਡੈਂਟੀਫਿਕੇਸਨ ਅਥਾਰਟੀ ਆਫ ਇੰਡੀਆ () ਮੁਤਾਬਕ, ਤੁਹਾਨੂੰ 14 ਸਤੰਬਰ ਤੱਕ ਆਪਣਾ ਆਧਾਰ ਕਾਰਡ ਅਪਡੇਟ ਕਰਨਾ ਹੋਵੇਗਾ। ਇਸ ਪ੍ਰਕਿਰਿਆ ਤਹਿਤ ਤੁਹਾਨੂੰ ਆਪਣੇ ਆਧਾਰ ਕਾਰਡ ਵਿਚ ਦਿੱਤੀ ਗਈ ਜਾਣਕਾਰੀ ਨੂੰ ਠੀਕ ਕਰਨ ਲਈ ਪਤੇ ਦੇ ਸਬੂਤ ਅਤੇ ਪਛਾਣ ਦੇ ਸਬੂਤ ਦੀ ਲੋੜ ਹੋਵੇਗੀ, ਜਿਵੇਂ ਕਿ ਪਤਾ, ਨਾਂ ਜਾਂ ਜਨਮ ਮਿਤੀ। ਜੇਕਰ ਤੁਸੀਂ ਅਜੇ ਤੱਕ ਆਪਣੀ ਆਧਾਰ ਕਾਰਡ ਦੀ ਜਾਣਕਾਰੀ ਨੂੰ ਅਪਡੇਟ ਨਹੀਂ ਕੀਤਾ ਹੈ ਤਾਂ ਤੁਹਾਡੇ ਕੋਲ ਅਜਿਹਾ ਕਰਨ ਲਈ ਬਹੁਤ ਘੱਟ ਸਮਾਂ ਬਚਿਆ ਹੈ। ਤੁਸੀਂ ਆਪਣੇ ਆਧਾਰ ਕਾਰਡ ਦੀ ਜਾਣਕਾਰੀ ਘਰ ਬੈਠੇ ਹੀ ਅਪਡੇਟ ਕਰ ਸਕਦੇ ਹੋ ਅਤੇ ਬਿਲਕੁਲ ਮੁਫਤ। ਇਹ ਕੰਮ ਕਰਨ ਲਈ ਤੁਹਾਨੂੰ ਸਿਰਫ ਦੋ ਮਿੰਟ ਲੱਗਣਗੇ। ਨੇ ਸਪੱਸਟ ਕੀਤਾ ਹੈ ਕਿ ਤੁਹਾਨੂੰ 14 ਸਤੰਬਰ ਤੱਕ ਆਧਾਰ ਕਾਰਡ ਅਪਡੇਟ ਕਰਨ ਲਈ ਕੋਈ ਫੀਸ ਨਹੀਂ ਦੇਣੀ ਪਵੇਗੀ। ਆਧਾਰ ਕਾਰਡ 12 ਅੰਕਾਂ ਵਾਲਾ ਵਿਲੱਖਣ ਪਛਾਣ ਨੰਬਰ ਹੈ, ਜੋ ਬਾਇਓਮੈਟ੍ਰਿਕ ਅਤੇ




ਜਨਸੰਖਿਆ ਜਾਣਕਾਰੀ 'ਤੇ ਆਧਾਰਿਤ ਹੈ। ਇਸ ਲਈ ਸਮੇਂ ਦੀ ਪਾਬੰਦੀ ਨੂੰ ਧਿਆਨ ਵਿਚ ਰੱਖਦੇ ਹੋਏ ਆਪਣੇ ਆਧਾਰ ਕਾਰਡ ਨੂੰ ਜਲਦੀ ਤੋਂ ਜਲਦੀ ਅਪਡੇਟ ਕਰੋ। ਸਭ ਤੋਂ ਪਹਿਲਾਂ ਦੀ ਵੈੱਬਸਾਈਟ ... 'ਤੇ ਜਾਓ। ਇਸ ਤੋਂ ਬਾਅਦ ਆਪਣੀ ਪਸੰਦ ਦੀ ਭਾਸ਼ਾ ਚੁਣੋ। ਇੱਥੇ ' ' ਵਿਕਲਪ 'ਤੇ ਕਲਿੱਕ ਕਰੋ ਅਤੇ ਮੇਨੂ ਤੋਂ ' ' ਨੂੰ ਚੁਣੋ। ਇਸ ਤੋਂ ਬਾਅਦ ਉਪਭੋਗਤਾਵਾਂ ਨੂੰ ' ()' ਪੇਜ 'ਤੇ ਰੀਡਾਇਰੈਕਟ ਹੋ ਜਾਣਗੇ। ਹੁਣ ' ' 'ਤੇ ਕਲਿੱਕ ਕਰੋ। ਪੇਜ 'ਤੇ ਪਹੁੰਚਣ ਤੋਂ ਬਾਅਦ ਉਪਭੋਗਤਾਵਾਂ ਨੂੰ ਆਪਣਾ ਨੰਬਰ ਅਤੇ ਕੈਪਚਾ ਕੋਡ ਦਰਜ ਕਰਨਾ ਹੋਵੇਗਾ। ਇਸ ਤੋਂ ਬਾਅਦ ' ' 'ਤੇ ਕਲਿੱਕ ਕਰੋ। ਇਸ ਦੇ ਨਾਲ ਹੀ ਉਪਭੋਗਤਾਵਾਂ ਨੂੰ ਆਪਣੇ ਰਜਿਸਟਰਡ ਮੋਬਾਈਲ ਨੰਬਰ 'ਤੇ ਪ੍ਰਾਪਤ ਹੋਵੇਗਾ। ਦਾਖਲ ਕਰਨ ਤੋਂ ਬਾਅਦ 'ਲੌਗਇਨ' 'ਤੇ ਕਲਿੱਕ ਕਰੋ। ਹੁਣ ਉਪਭੋਗਤਾਵਾਂ ਨੂੰ ਉਹ ਵੇਰਵਿਆਂ ਦੀ ਚੋਣ ਕਰਨੀ ਹੋਵੇਗੀ ਜੋ ਉਹ ਅਪਡੇਟ ਕਰਨਾ ਚਾਹੁੰਦੇ ਹਨ ਅਤੇ ਫਿਰ ਨਵੀਂ ਜਾਣਕਾਰੀ ਭਰਨੀ ਹੈ। ਅਪਡੇਟ ਕੀਤੀ ਜਾਣਕਾਰੀ ਪ੍ਰਦਾਨ ਕਰਨ ਤੋਂ ਬਾਅਦ ਉਪਭੋਗਤਾਵਾਂ ਨੂੰ 'ਸਬਮਿਟ' 'ਤੇ ਕਲਿੱਕ ਕਰਨਾ ਹੋਵੇਗਾ ਅਤੇ ਲੋੜੀਂਦੇ ਦਸਤਾਵੇਜਾਂ ਦੀਆਂ ਸਕੈਨ ਕੀਤੀਆਂ ਕਾਪੀਆਂ ਨੂੰ ਅਪਲੋਡ ਕਰਨਾ ਹੋਵੇਗਾ। ਅੰਤ ਵਿਚ ' ' 'ਤੇ ਕਲਿੱਕ ਕਰੋ। ਇਸ ਤੋਂ ਬਾਅਦ ਉਪਭੋਗਤਾਵਾਂ ਨੂੰ ਬੇਨਤੀ ਦੀ ਸਥਿਤੀ ਨੂੰ ਟਰੈਕ ਕਰਨ ਲਈ ਦੁਆਰਾ ਨੰਬਰ ਪ੍ਰਾਪਤ ਹੋਵੇਗਾ।

# 'ਡਿਜੀਟਲ ਅਰੈਸਟ', ਕਿਤੇ ਅਗਲਾ ਨੰਬਰ ਤੁਹਾਡਾ ਤਾਂ ਨਹੀਂ?

**ਏਜੰਸੀਆਂ**

ਨਵੀਂ ਦਿੱਲੀ 14 ਸਤੰਬਰ। ਡਿਜੀਟਲ ਅਰੈਸਟ ਦੇ ਮਾਮਲੇ ਇਨ੍ਹੀਂ ਦਿਨੀਂ ਤੇਜੀ ਨਾਲ ਵੱਧ ਰਹੇ ਹਨ। ਸਾਈਬਰ ਠੱਗ ਡਿਜੀਟਲ ਅਰੈਸਟ ਰਾਹੀਂ ਲੋਕਾਂ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ। ਦੇਸ ਭਰ ਵਿੱਚ ਕਈ ਲੋਕ ਇਸ ਦਾ ਸ਼ਿਕਾਰ ਹੋ ਵੀ ਚੁੱਕੇ ਹਨ। ਸਾਈਬਰ ਮਾਹਿਰ ਡਿਜੀਟਲ ਗ੍ਰਿਫਤਾਰੀ ਤੋਂ ਬਚਣ ਲਈ ਕਈ ਸੁਝਾਅ ਦਿੰਦੇ ਹਨ। ਮਾਹਰਾਂ ਵਲੋਂ ਡਿਜੀਟਲ ਗ੍ਰਿਫਤਾਰੀ ਦੇ ਜਰੀਏ ਲੋਕਾਂ ਨੂੰ ਠੱਗਣ ਦੇ ਤਰੀਕੇ, ਸਜਾ ਦੀਆਂ ਵਿਵਸਥਾਵਾਂ ਅਤੇ ਇਸ ਤੋਂ ਬਚਣ ਦੇ ਤਰੀਕੇ ਬਾਰੇ ਕੁਝ ਸੁਝਾਅ ਦਿੱਤੇ ਹਨ, ਜਿਸ ਬਾਰੇ ਤੁਸੀਂ ਜਾਣਕਾਰੀ ਜਰੂਰ ਰੱਖੋ। ਜੇਕਰ ਤੁਸੀਂ ਇਸ ਬਾਰੇ ਸੂਚੇਤ ਨਹੀਂ ਹੁੰਦੇ ਤਾਂ ਅਗਲਾ ਨੰਬਰ ਤੁਹਾਡਾ ਲੱਗ ਸਕਦਾ ਹੈ, ਜਿਸ ਤੋਂ ਤੁਹਾਨੂੰ ਸਾਵਧਾਨ ਹੋਣ ਦੀ ਜਰੂਰਤ ਹੈ। ਡਿਜੀਟਲ ਅਰੈਸਟ ਵਿੱਚ ਇੱਕ ਵਿਅਕਤੀ ਨੂੰ ਔਨਲਾਈਨ ਮਾਧਿਅਮ ਰਾਹੀਂ ਡਰਾਇਆ ਜਾਂਦਾ ਹੈ ਕਿ ਉਹ ਸਰਕਾਰੀ ਏਜੰਸੀ ਦੁਆਰਾ ਗ੍ਰਿਫਤਾਰ ਹੋ ਗਿਆ ਹੈ। ਉਸਨੂੰ ਜੁਰਮਾਨਾ ਜਾਂ ਜੁਰਮਾਨਾ ਦੇਣਾ ਪਵੇਗਾ। ਡਿਜੀਟਲ ਅਰੈਸਟ ਇੱਕ ਅਜਿਹਾ ਸਬਦ ਹੈ, ਜੋ ਕਾਨੂੰਨ ਵਿੱਚ ਨਹੀਂ ਹੈ। ਪਰ ਅਪਰਾਧੀਆਂ ਵਲੋਂ ਕੀਤੇ ਜਾ ਰਹੇ ਅਜਿਹੇ ਅਪਰਾਧਾਂ ਕਾਰਨ ਇਹ ਪੈਦਾ ਹੋ ਗਿਆ। ਪਿਛਲੇ ਤਿੰਨ ਮਹੀਨਿਆਂ ਵਿੱਚ ਦਿੱਲੀ-ਐੱਨਸੀਆਰ ਵਿੱਚ ਅਜਿਹੇ 600 ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ 400 ਕਰੋੜ ਰੁਪਏ ਦੀ ਧੋਖਾਧੜੀ ਹੋਈ ਹੈ। ਇਸ ਤੋਂ ਇਲਾਵਾ ਕਈ ਅਣ-ਰਿਪੋਰਟ ਕੇਸ ਹਨ। ਅਜਿਹੇ ਕਈ ਮਾਮਲੇ ਹਨ ਜਿਨ੍ਹਾਂ ਵਿੱਚ ਧੋਖਾਧੜੀ ਕਰਨ ਦੀ ਕੋਸ਼ਿਸ਼ ਕਰਨ ਵਾਲੇ ਸਫਲ ਨਹੀਂ ਹੁੰਦੇ। ਡਿਜੀਟਲ ਗ੍ਰਿਫਤਾਰੀ ਦੇ ਸੰਗਠਿਤ ਗਿਰੋਹ ਦਾ ਅਜੇ ਤੱਕ ਪਰਦਾਫਾਸ ਨਹੀਂ ਹੋਇਆ ਹੈ, ਜਿਸ ਕਾਰਨ ਡਿਜੀਟਲ ਗ੍ਰਿਫਤਾਰੀ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਸੁਪਰੀਮ ਕੋਰਟ ਦੇ ਇਕ ਸੀਨੀਅਰ ਵਕੀਲ ਅਨੁਸਾਰ ਇਸ ਵਿੱਚ ਠੱਗੀ ਮਾਰਨ ਦੇ 4-5 ਤਰੀਕੇ ਹੁੰਦੇ ਹਨ। ਉਦਾਹਰਨ, ਜਿਵੇਂ ਇੱਕ ਕੋਰੀਅਰ ਦਾ ਨਾਮ ਲੈ ਕੇ ਕਿ ਗਲਤ ਸਾਮਾਨ ਆਇਆ ਹੈ। ਕੋਰੀਅਰ ਵਿੱਚ ਨਸ਼ਾ ਹੈ, ਜਿਸ ਕਰਕੇ ਤੁਸੀਂ ਫਸ ਸਕਦੇ ਹੋ। ਤੁਹਾਡੇ ਬੈਂਕ ਖਾਤੇ 'ਚ ਅਜਿਹੇ ਟ੍ਰਾਂਜੈਕਸਨ ਹੋਏ ਹਨ, ਜੋ ਵਿੱਤੀ ਧੋਖਾਧੜੀ ਨਾਲ ਸਬੰਧਤ ਹਨ। ਮਨੀ ਲਾਂਡਰਿੰਗ ਅਤੇ ਐੱਨ.ਡੀ.ਪੀ.ਐੱਸ. ਡਾ ਡਰਾਵਾ ਦੇ ਕੇ ਪੜ੍ਹੇ ਲਿਖੇ ਅਤੇ ਕਾਨੂੰਨ ਦੀ ਜਾਣਕਾਰੀ ਰੱਖਣ ਵਾਲੇ ਲੋਕਾਂ ਨੂੰ ਫਸਾਇਆ ਜਾਂਦਾ ਹੈ। ਅਜਿਹੇ ਲੋਕਾਂ ਨੂੰ ਡਰਾ ਕੇ ਉਨ੍ਹਾਂ ਤੋਂ ਡਿਜੀਟਲ ਮਾਧਿਅਮ ਰਾਹੀਂ ਫਿਰੌਤੀ ਮੰਗੀ ਜਾਂਦੀ ਹੈ। ਜੇਕਰ ਉਨ੍ਹਾਂ ਦੇ ਖਾਤਿਆਂ ਵਿੱਚ ਪੈਸੇ ਨਹੀਂ ਹਨ ਤਾਂ ਉਨ੍ਹਾਂ ਨੂੰ ਕਰਜਾ ਦਿੱਤਾ ਜਾਂਦਾ ਹੈ। ਕਈ ਵਾਰ ਉਨ੍ਹਾਂ ਕੋਲ ਲੋਨ ਲੈਣ ਵਾਲੀਆਂ ਐਪਸ ਨਹੀਂ ਹੁੰਦੀਆਂ ਹਨ, ਇਸ ਲਈ ਉਹ ਐਪਸ ਵੀ ਡਾਊਨਲੋਡ ਹੋ ਜਾਂਦੀਆਂ ਹਨ। ਇਸ ਵਿੱਚ ਕਈ ਤਰ੍ਹਾਂ ਦੇ ਅਪਰਾਧ ਹੁੰਦੇ ਹਨ। ਗਲਤ ਤਰੀਕੇ ਨਾਲ




ਸਿਮ ਕਾਰਡ ਲਿਆ ਜਾਂਦਾ ਹੈ, ਗਲਤ ਤਰੀਕੇ ਨਾਲ ਬੈਂਕ ਖਾਤਾ ਖੋਲ੍ਹਿਆ ਜਾਂਦਾ ਹੈ। ਜਿਨ੍ਹਾਂ ਲੋਕਾਂ ਨੂੰ ਧੋਖਾਧੜੀ ਦਾ ਸ਼ਿਕਾਰ ਬਣਾਇਆ ਜਾਂਦਾ ਹੈ, ਉਨ੍ਹਾਂ ਦੇ ਪੈਨ ਕਾਰਡ, ਆਧਾਰ ਕਾਰਡ ਅਤੇ ਹੋਰ ਕਈ ਡਾਟਾ ਗੈਰ-ਕਾਨੂੰਨੀ ਢੰਗ ਨਾਲ ਇਕੱਠੇ ਕੀਤੇ ਜਾਂਦੇ ਹਨ। ਉਨ੍ਹਾਂ ਦੇ ਖਾਤੇ ਤੋਂ ਪੈਸੇ ਟਰਾਂਸਫਰ ਕੀਤੇ ਜਾਂਦੇ ਹਨ। ਕਈ ਵਾਰ ਕ੍ਰਿਪਟੋ ਜਾਂ ਗੇਮਿੰਗ ਐਪਸ ਰਾਹੀਂ ਹਵਾਲਾ ਰਾਹੀਂ ਪੈਸੇ ਭੇਜੇ ਜਾਂਦੇ ਹਨ। ਲੋਕਾਂ ਨੂੰ ਧਿਆਨ ਰੱਖਣਾ ਚਾਹੀਦਾ ਹੈ ਕਿ ਕੋਈ ਵੀ ਸਰਕਾਰੀ ਏਜੰਸੀ ਆਨਲਾਈਨ ਪੁੱਛਗਿੱਛ ਨਹੀਂ ਕਰਦੀ। ਸਰਕਾਰੀ ਏਜੰਸੀ ਸਿਰਫ ਸਰੀਰਕ ਤੌਰ 'ਤੇ ਪੁੱਛਗਿੱਛ ਕਰਦੀ ਹੈ। ਜੇਕਰ ਕਿਸੇ ਨਾਲ ਇਸ ਤਰ੍ਹਾਂ ਦੀ ਘਟਨਾ ਵਾਪਰਦੀ ਹੈ, ਤਾਂ ਉਹ ਇਸ ਦੀ ਰਿਪੋਰਟ ਦੋ ਤਰੀਕਿਆਂ ਨਾਲ ਕਰ ਸਕਦਾ ਹੈ। ਸਾਈਬਰ ਫਰਾਡ ਹੈਲਪਲਾਈਨ ਨੰਬਰ ਜਾਂ ਈਮੇਲ ਰਾਹੀਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਇਸ ਤੋਂ ਇਲਾਵਾ ਤੁਸੀਂ ਸਥਾਨਕ ਪੁਲਸ ਨੂੰ ਵੀ ਸ਼ਿਕਾਇਤ ਦੇ ਸਕਦੇ ਹੋ। ਜੇਕਰ ਤੁਸੀਂ ਇੱਕ ਘੰਟੇ ਦੇ ਅੰਦਰ ਪੁਲਸ ਨੂੰ ਸੂਚਿਤ ਕਰਦੇ ਹੋ, ਤਾਂ ਟ੍ਰਾਂਸਫਰ ਕੀਤੇ ਪੈਸੇ ਵਾਪਸ ਮਿਲਣ ਦੀ ਸੰਭਾਵਨਾ ਹੈ। ਮਾਰਚ ਤੋਂ ਦਿੱਲੀ, ਮੁੰਬਈ ਅਤੇ ਉੱਤਰ ਪ੍ਰਦੇਸ ਤੋਂ ਡਿਜੀਟਲ ਹਾਊਸ ਗ੍ਰਿਫਤਾਰੀ ਦੇ ਚਾਰ ਵੱਖ-ਵੱਖ ਮਾਮਲੇ ਸਾਹਮਣੇ ਆਏ ਹਨ

## ਇਟਲੀ ਦੀਆਂ ਨਗਰ ਕੌਂਸਲ ਚੋਣਾਂ 'ਚ ਜਿੱਤ ਪ੍ਰਾਪਤ ਕਰਨ ਵਾਲੇ ਮੈਂਬਰਾਂ ਦਾ ਹੋਵੇਗਾ ਸਨਮਾਨ

ਰੋਮ 14 ਸਤੰਬਰ। ਇਟਲੀ ਭਰ ਵਿੱਚ ਜਿਨ੍ਹਾਂ ਭਾਰਤੀਆਂ ਨੇ ਵੀ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਸਾਨਦਾਰ ਜਿੱਤ ਪ੍ਰਾਪਤ ਕਰਕੇ ਦੇਸ ਅਤੇ ਪੰਜਾਬੀ ਭਾਈਚਾਰੇ ਦਾ ਸਿਰ ਮਾਣ ਨਾਲ ਉੱਚਾ ਕੀਤਾ ਅਤੇ ਭਾਈਚਾਰੇ ਦੀਆਂ ਦਰਪੇਸ ਮੁਸਕਿਲਾਂ, ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਭਾਰਤੀਆਂ ਦੀ ਆਵਾਜ ਬਣ ਮਸੱਲਿਆਂ ਨੂੰ ਉਪੱਰ ਤੱਕ ਲੈਕੇ ਜਾ ਰਹੇ ਹਨ ਉਨ੍ਹਾਂ ਸਭ ਨਗਰ ਕੌਂਸਲ ਮੈਂਬਰਾਂ ਦਾ ਧਰਮ ਪ੍ਰਚਾਰ ਸੰਸਥਾ ਕਲਤੂਰਾ ਸਿੱਖ ਇਟਲੀ ਵੱਲੋਂ ਜਿੱਥੇ ਧੰਨਵਾਦ ਕੀਤਾ ਜਾਵੇਗਾ, ਉੱਥੇ ਉਨ੍ਹਾਂ ਦਾ 14 ਸਤੰਬਰ ਦਿਨ ਸਨੀਵਾਰ ਨੂੰ ਕਿਰਮੋਨਾ ਵਿਖੇ ਸੰਸਥਾ ਵੱਲੋਂ ਕਰਵਾਏ ਜਾ ਰਹੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀਓ ਦੇ ਪਹਿਲੇ ਪ੍ਰਕਾਸ ਦਿਵਸ ਵਿਸਾਲ ਗੁਰਮਤਿ ਸਮਾਗਮ ਦੌਰਾਨ ਵਿਸੇਸ਼ ਸਨਮਾਨ ਵੀ ਕੀਤਾ ਜਾਵੇਗਾ। ਇਹ ਜਾਣਕਾਰੀ ਇਟਾਲੀਅਨ ਇੰਡੀਅਨ ਪ੍ਰੈੱਸ ਕਲੱਬ ਨੂੰ ਕਲਤੂਰਾ ਸਿੱਖ ਇਟਲੀ ਦੇ ਆਗੂਆਂ ਨੇ ਦਿੰਦਿਆਂ ਕਿਹਾ ਕਿ ਉਹ ਆਪਣੇ ਵੱਲੋਂ ਇਟਲੀ ਦੇ ਕਿਸੇ ਵੀ ਇਲਾਕੇ ਵਿੱਚੋਂ ਨਗਰ ਕੌਂਸਲ ਚੋਣਾਂ ਦੌਰਾਨ ਸਾਨਦਾਰ ਜਿੱਤ ਪ੍ਰਾਪਤ ਕਰਕੇ ਭਾਈਚਾਰੇ ਦੀ ਸੇਵਾ ਕਰਨ ਵਾਲੇ ਭਾਰਤੀ ਮੂਲ ਦੇ ਬਣੇ ਨਗਰ ਕੌਂਸਲ ਮੈਂਬਰਾਂ ਨੂੰ ਸਮਾਗਮ ਵਿੱਚ ਹਾਜਰੀ ਭਰਨ ਲਈ ਖੁੱਲ੍ਹਾ ਸੱਦਾ ਦੇ ਰਹੇ ਹਨ। ਨਾਲ ਹੀ ਜਿਨ੍ਹਾਂ ਮੈਂਬਰ ਨਾਲ ਹੁਣ ਤੱਕ ਸੰਪਰਕ ਨਹੀਂ ਹੋ ਸਕਿਆ ਉਹ ਜਰੂਰ ਕਿਰਪਾ ਪ੍ਰੋਗਰਾਮ ਵਿੱਚ ਪਹੁੰਚਣ ਤਾਂ ਜੋ ਉਨ੍ਹਾ ਵੱਲੋਂ ਕੀਤੀ ਜਾ ਰਹੀ ਸ਼ਲਾਘਾਯੋਗ ਸੇਵਾ ਲਈ ਉਨ੍ਹਾਂ ਦਾ ਮਾਣ-ਸਨਮਾਨ ਕਰਕੇ ਸੰਸਥਾ ਧੰਨ ਹੋ ਸਕੇ।